@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
ਕੌਮੀ ਪਤ੍ਰਿਕਾ
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 21 April 2026
Punjabi National Daily
Qaumi Patrika NO.1
ਨਵੀਂ ਦਿੱਲੀ: ਮੰਗਲਵਾਰ 21 ਅਪ੍ਰੈਲ 2026, 8 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
VISIT: www.qaumipatrika.org
Email: qpatrika@gmail.com
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 166, qpatrika@gmail.com ਫੋਨ : 9971359517 www.qaumipatrika.org

# ‘ਪਾਕਿਸਤਾਨ ਦਾ ਅਮਰੀਕਾ-ਇਰਾਨ ਵਿਚਾਲੇ ਸ਼ਾਂਤੀਦੂਤ ਬਣਨਾ ਭਾਰਤੀ ਵਿਦੇਸ਼ ਨੀਤੀ ਲਈ ਵੱਡਾ ਝਟਕਾ’: ਜੈਰਾਮ ਰਮੇਸ਼

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 20 ਅਪ੍ਰੈਲ। ਪਾਕਿਸਤਾਨ, ਜੋ ਕਿ ਅੱਤਵਾਦ ਦੇ ਗੜ੍ਹ ਵਜੋਂ ਪੂਰੀ ਦੁਨੀਆ ’ਚ ਬਦਨਾਮ ਹੈ, ਹੁਣ ਅਮਰੀਕਾ ਤੇ ਇਰਾਨ ਵਿਚਾਲੇ ਜੰਗਬੰਦੀ ਲਈ ਸ਼ਾਂਤੀਦੂਤ ਬਣਿਆ ਹੋਇਆ ਹੈ। ਦੋਵਾਂ ਦੇਸ਼ਾਂ ਵਿਚਾਲੇ ਇਸਲਾਮਾਬਾਦ ’ਚ ਹੋਈ ਪਹਿਲੇ ਦੌਰ ਦੀ ਗੱਲਬਾਤ ਨਾਕਾਮ ਰਹੀ ਸੀ, ਜਿਸ ਤੋਂ ਬਾਅਦ ਅੱਜ, ਭਾਵ ਸੋਮਵਾਰ ਨੂੰ ਅਗਲੀ ਬੈਠਕ ਬੁਲਾਈ ਗਈ ਹੈ, ਜਿਸ ਨੇ ਦੁਨੀਆ ਭਰ ’ਚ ਪਾਕਿਸਤਾਨ ਦਾ ਅਕਸ ਉੱਪਰ ਚੁੱਕਿਆ ਹੈ। ਇਸੇ ਦੌਰਾਨ ਪਾਕਿਸਤਾਨ ਦੇ ਜੰਗਬੰਦੀ ਦੀ ਵਿਚੋਲਗੀ ਕਰਨ ’ਤੇ ਵਿਰੋਧੀ ਧਿਰ ਦੇ ਆਗੂ ਭਾਰਤ ਸਰਕਾਰ ਦੀ ਨਿਖੇਧੀ ਕਰ ਰਹੇ ਹਨ ਕਿ ਪ੍ਰਧਾਨ ਮੰਤਰੀ ਮੋਦੀ ਅਮਰੀਕਾ ਤੇ ਇਰਾਨ ਦੇ ਚੰਗੇ ਦੋਸਤ ਕਹਾਉਂਦੇ ਹਨ, ਇਸ ਲਈ ਉਨ੍ਹਾਂ ਨੂੰ ਇਨ੍ਹਾਂ ਦੇਸ਼ਾਂ ਵਿਚਾਲੇ ਸ਼ਾਂਤੀ ਸਥਾਪਤ ਕਰਵਾਉਣ ਲਈ ਅੱਗੇ ਆਉਣਾ ਚਾਹੀਦਾ ਸੀ, ਪਰ ਇਸ ਦੇ ਉਲਟ ਇਸ ਸਮੇਂ ਪਾਕਿਸਤਾਨ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਸੇ ਮੁੱਦੇ ’ਤੇ ਕੇਂਦਰ ਸਰਕਾਰ ਨੂੰ ਘੇਰਦਿਆਂ ਕਾਂਗਰਸੀ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਐਕਸ ’ਤੇ ਇਕ ਪੋਸਟ ਸਾਂਝੀ ਕੀਤੀ ਹੈ। ਉਨ੍ਹਾਂ ਨੇ ਲਿਖਿਆ, ‘‘ਇਹ ਕਾਫ਼ੀ ਹੈਰਾਨੀਜਨਕ ਹੈ ਕਿ ਜਿਸ ਦੇਸ਼ ਨੂੰ ਭਾਰਤ ਨੇ ਕੌਮਾਂਤਰੀ ਮੰਚਾਂ ’ਤੇ ਘੇਰਨ ਦੀ ਕੋਸ਼ਿਸ਼ ਕੀਤੀ ਸੀ, ਉਹ ਅੱਜ ਇਰਾਨ ਅਤੇ ਅਮਰੀਕਾ ਵਰਗੇ ਦੋ ਵੱਡੇ ਵਿਰੋਧੀਆਂ ਵਿਚਕਾਰ ਵਿਚੋਲੇ ਦੀ ਭੂਮਿਕਾ ਨਿਭਾ ਰਿਹਾ ਹੈ। 12 ਅਪ੍ਰੈਲ ਨੂੰ ਹੋਈ ਪਹਿਲੀ



ਗੱਲਬਾਤ ਤੋਂ ਬਾਅਦ ਪਾਕਿਸਤਾਨ ਨੇ ਕਤਰ ਤੇ ਸਾਊਦੀ ਅਰਬ ਤੋਂ 6 ਅਰਬ ਡਾਲਰ ਉਧਾਰ ਲਏ ਸਨ, ਤਾਂ ਜੋ ਯੂ.ਏ.ਈ. ਦਾ 3.5 ਅਰਬ ਡਾਲਰ ਦਾ ਕਰਜ਼ਾ ਮੋੜਿਆ ਜਾ ਸਕੇ।’’ ਉਨ੍ਹਾਂ ਅੱਗੇ ਕਿਹਾ ਕਿ ਭਾਰਤ ਨੇ ਜਿਸ ਦੇਸ਼ ਨੂੰ ਅੱਤਵਾਦ ਦਾ ਘਰ ਐਲਾਨਣ ’ਚ ਕੋਈ ਕਸਰ ਨਹੀਂ ਛੱਡੀ, ਅੱਜ ਉਸ ਨੂੰ ਇਕ ਬਿਲਕੁਲ ਨਵਾਂ ਰੂਪ ਮਿਲ ਰਿਹਾ ਹੈ ਤੇ ਉਹ 2 ਵੱਡੇ ਦੇਸ਼ਾਂ ਵਿਚਾਲੇ ਸ਼ਾਂਤੀਦੂਤ ਬਣ ਕੇ ਸਾਹਮਣੇ ਆ ਰਿਹਾ ਹੈ। ਇਸ ਦੌਰਾਨ ਇਹ ਵੀ ਭਾਰਤ ਲਈ ਬੁਰੀ ਖਬਰ ਹੈ ਕਿ ਪਾਕਿਸਤਾਨੀ ਫੀਲਡ ਮਾਰਸ਼ਲ ਆਸਿਮ ਮੁਨੀਰ, ਜਿਸ ਨੇ ਪਹਿਲਗਾਮ ਹਮਲੇ ਦੌਰਾਨ ਤੇ ਉਸ ਤੋਂ ਬਾਅਦ ਭਾਰਤ ਖਿਲਾਫ਼ ਕਈ ਭੜਕਾਊ ਬਿਆਨ ਦਿੱਤੇ ਹਨ, ਅੱਜ ਅਚਾਨਕ ਅਮਰੀਕਾ ਤੇ ਇਰਾਨ ਦਾ ਇੰਨਾ ਚਹੇਤਾ ਬਣ ਗਿਆ ਹੈ, ਜਿਸ ਤੋਂ ਇਹ ਸਾਫ਼ ਹੈ ਕਿ ਪਾਕਿਸਤਾਨ ਨੇ ਆਪਣੀ ਵਿਦੇਸ਼ ਨੀਤੀ ਨੂੰ ਸੰਭਾਲਣ ’ਚ ਭਾਰਤ ਨਾਲੋਂ ਜ਼ਿਆਦਾ ਸਫ਼ਲਤਾ ਹਾਸਲ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪਾਕਿਸਤਾਨ ਦਾ ਇਹ ਕਦਮ ਪ੍ਰਧਾਨ ਮੰਤਰੀ ਮੋਦੀ ਦੀ ਵਿਦੇਸ਼ ਨੀਤੀ ਲਈ ਵੀ ਇਕ ਵੱਡਾ ਝਟਕਾ ਹੈ। ਭਾਰਤ ਨੂੰ ਆਪਣੀ ਕੂਟਨੀਤਿਕ ਰਣਨੀਤੀ ਤੇ ਤਰੀਕਿਆਂ ’ਚ ਵੱਡੇ ਪੱਧਰ ’ਤੇ ਬਦਲਾਅ ਕਰਨ ਦੀ ਲੋੜ ਹੈ ਤੇ ਪ੍ਰਧਾਨ ਮੰਤਰੀ ਮੋਦੀ ਇਸ ਦੇ ਕਾਬਲ ਨਹੀਂ ਹਨ।

# ਕ੍ਰੈਸ਼ ਹੋ ਗਿਆ ਜਹਾਜ਼, ਮੱਚ ਗਏ ਅੱਗ ਦੇ ਭਾਂਬੜ

ਛੱਤੀਸਗੜ੍ਹ 20 ਅਪ੍ਰੈਲ। ਜਸ਼ਪੁਰ ਜ਼ਿਲ੍ਹੇ ਵਿੱਚ ਸੋਮਵਾਰ ਨੂੰ ਇੱਕ ਜਹਾਜ਼ ਕ੍ਰੈਸ਼ ਹੋ ਗਿਆ। ਆਰਾ ਪਹਾੜੀਆਂ ਵਿੱਚ ਇੱਕ ਨਿੱਜੀ ਜੈੱਟ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਪਿੰਡ ਵਾਸੀਆਂ ਦੇ ਅਨੁਸਾਰ, ਜਸ਼ਪੁਰ ਦੇ



ਨਾਰਾਇਣਪੁਰ ਖੇਤਰ ਵਿੱਚ ਰਤਨਪਹਾਲੀ ਜੰਗਲ ਵਿੱਚ ਚਾਰਟਰਡ ਜਹਾਜ਼ ਪਹਾੜ ਨਾਲ ਟਕਰਾ ਗਿਆ। ਹਾਦਸੇ ਤੋਂ ਬਾਅਦ, ਪਹਾੜੀ ਖੇਤਰ ਵਿੱਚੋਂ ਅੱਗ ਦੀਆਂ ਲਪਟਾਂ ਅਤੇ ਧੂੰਆਂ ਉੱਠਦਾ ਦੇਖਿਆ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਅਤੇ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ ’ਤੇ ਪਹੁੰਚੀਆਂ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਫਿਲਹਾਲ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਜਹਾਜ਼ ਵਿੱਚ ਕਿੰਨੇ ਲੋਕ ਸਵਾਰ ਸਨ। ਸ਼ਾਮ ਤਕ ਆਈਆਂ ਰਿਪੋਰਟਾਂ ਵਿੱਚ ਜਹਾਜ਼ ਹਾਦਸੇ ਦੀਆਂ ਖਬਰਾਂ ਸਿਰਫ ਅਫਵਾਹ ਨਿਕਲੀਆਂ। ਸੋਮਵਾਰ ਦੇਰ ਸ਼ਾਮ ਸਾਹਮਣੇ ਆਈਆਂ ਖਬਰਾਂ ਮੁਤਾਬਕ ਜ਼ਿਲ੍ਹਾ ਕੁਲੈਕਟਰ ਰੋਹਿਤ ਵਿਆਸ ਅਤੇ ਸੀਨੀਅਰ ਪੁਲਸ ਸੁਪਰਡੈਂਟ ਲਾਲ ਉਮੇਦ ਸਿੰਘ ਮੌਕੇ ’ਤੇ ਪਹੁੰਚੇ ਅਤੇ ਜਾਂਚ ਕੀਤੀ। ਅਧਿਕਾਰੀਆਂ ਨੂੰ ਘਟਨਾ ਸਥਾਨ ’ਤੇ ਕੋਈ ਜਹਾਜ਼ ਦਾ ਮਲਬਾ ਨਹੀਂ ਮਿਲਿਆ, ਜਿਸ ਨਾਲ ਰਿਪੋਰਟ ਪੂਰੀ ਤਰ੍ਹਾਂ ਖਾਰਜ ਹੋ ਗਈ। ਪ੍ਰਸ਼ਾਸਨ ਦੇ ਅਨੁਸਾਰ, ਪਿੰਡ ਵਾਸੀਆਂ ਨੇ ਇਲਾਕੇ ਵਿੱਚ ਜੰਗਲ ਦੀ ਅੱਗ ਦੇ ਧੂੰਏਂ ਨੂੰ ਜਹਾਜ਼ ਹਾਦਸਾ ਸਮਝ ਲਿਆ। ਇਹ ਜਾਣਕਾਰੀ ਸੋਸ਼ਲ ਮੀਡੀਆ ’ਤੇ ਤੇਜ਼ੀ ਨਾਲ ਫੈਲ ਗਈ ਅਤੇ ਇੱਕ ਅਫਵਾਹ ਬਣ ਗਈ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ, ਅਧਿਕਾਰੀਆਂ ਨੇ ਝਾਰਖੰਡ ਅਤੇ ਓਡੀਸ਼ਾ ਦੇ ਹਵਾਈ ਆਵਾਜਾਈ ਨਿਯੰਤਰਣ ਨਾਲ ਵੀ ਸੰਪਰਕ ਕੀਤਾ। ਦੋਵਾਂ ਥਾਵਾਂ ਨੇ ਪੁਸ਼ਟੀ ਕੀਤੀ ਕਿ ਉਸ ਸਮੇਂ ਕਿਸੇ ਵੀ ਜਹਾਜ਼ ਦਾ ਸੰਪਰਕ ਨਹੀਂ ਟੁੱਟਿਆ ਸੀ, ਅਤੇ ਨਾ ਹੀ ਉਸ ਖੇਤਰ ਵਿੱਚ ਕੋਈ ਜਹਾਜ਼ ਲਾਪਤਾ ਸੀ। ਇਹ ਰਿਪੋਰਟ ਮਿਲੀ ਸੀ ਕਿ ਜਸ਼ਪੁਰ ਦੇ ਚਰਭਾਠੀ ਖੇਤਰ ਵਿੱਚ ਇੱਕ ਚਾਰਟਰਡ ਜਹਾਜ਼ ਉੱਡਦਾ ਦੇਖਿਆ ਗਿਆ ਸੀ। ਇਸ ਤੋਂ ਥੋੜ੍ਹੀ ਦੇਰ ਬਾਅਦ, ਪਹਾੜੀ ਤੋਂ ਧੂੰਆਂ ਉੱਠਦਾ ਦੇਖਿਆ ਗਿਆ, ਜਿਸ ਨਾਲ ਭੰਬਲਭੂਸਾ ਪੈਦਾ ਹੋ ਗਿਆ। ਪ੍ਰਸ਼ਾਸਨ ਨੇ ਲੋਕਾਂ ਨੂੰ ਅਜਿਹੀਆਂ ਗੈਰ-ਪ੍ਰਮਾਣਿਤ ਰਿਪੋਰਟਾਂ ’ਤੇ ਵਿਸ਼ਵਾਸ ਨਾ ਕਰਨ ਅਤੇ ਅਫਵਾਹਾਂ ਫੈਲਾਉਣ ਤੋਂ ਬਚਣ ਦੀ ਅਪੀਲ ਕੀਤੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਅਜਿਹੀ ਗੁੰਮਰਾਹਕੁੰਨ ਜਾਣਕਾਰੀ ਨਾ ਸਿਰਫ਼ ਪ੍ਰਸ਼ਾਸਨਿਕ ਸਰੋਤਾਂ ’ਤੇ ਦਬਾਅ ਪਾਉਂਦੀ ਹੈ ਬਲਕਿ ਬੇਲੋੜੀ ਦਹਿਸ਼ਤ ਵੀ ਪੈਦਾ ਕਰਦੀ ਹੈ।

# ਕਲਯੁਗੀ ਪਿਓ ਨੇ ਆਪਣੀ ਹੀ ਨਾਬਾਲਗ ਧੀ ਦਾ ਗਲਾ ਘੁੱਟ ਕੇ ਕੀਤਾ ਕਤਲ

ਨੈਸ਼ਨਲ ਡੈਸਕ 20 ਅਪ੍ਰੈਲ। ਉੱਤਰ ਪ੍ਰਦੇਸ਼ ਦੀ ਰਾਜਧਾਨੀ ਲਖਨਊ ਤੋਂ ਇੱਕ ਬੇਹੱਦ ਦਰਦਨਾਕ ਤੇ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇੱਕ ਪਿਤਾ ਨੇ ਆਪਣੀ ਹੀ ਨਾਬਾਲਗ ਧੀ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਪਿਤਾ ਨੇ ਨਾ ਸਿਰਫ਼ ਧੀ ਦਾ ਗਲਾ ਘੁੱਟਿਆ, ਸਗੋਂ ਉਸ ਦੀ ਪਛਾਣ ਛੁਪਾਉਣ ਲਈ ਉਸ ਦੇ ਚਿਹਰੇ ’ਤੇ ਤੇਜ਼ਾਬ ਪਾ ਦਿੱਤਾ ਤੇ ਲਾਸ਼ ਨੂੰ ਬਾਰਾਬੰਕੀ ਦੀ ਸ਼ਾਰਦਾ ਨਹਿਰ ਵਿੱਚ ਸੁੱਟ ਦਿੱਤਾ। ਇਹ ਖੌਫਨਾਕ ਮਾਮਲਾ ਲਖਨਊ ਦੇ ਚਿਨਹਟ ਥਾਣੇ ਨਾਲ ਸਬੰਧਤ ਹੈ। ਪੁਲਸ ਦੀ ਪੁੱਛਗਿੱਛ ਦੌਰਾਨ ਮੁਲਜ਼ਮ ਪਿਤਾ ਵਿਜੇ ਚੌਬੇ ਨੇ ਖੁਲਾਸਾ ਕੀਤਾ ਕਿ ਉਸ ਨੂੰ ਸ਼ੱਕ ਸੀ ਕਿ ਉਸ ਦੀ ਧੀ ਦੇ ਕਿਸੇ ਨਾਲ ਪ੍ਰੇਮ ਸਬੰਧ ਹਨ। ਇਸੇ ਸ਼ੱਕ ਦੇ ਚੱਲਦਿਆਂ ਉਸ ਨੇ ਆਪਣੇ ਦੋਸਤ ਅਬਦੁਲ ਮੰਨਾਨ ਨਾਲ ਮਿਲ ਕੇ ਕਤਲ ਦੀ ਸਾਜ਼ਿਸ਼ ਰਚੀ। ਉਹ 14 ਅਪ੍ਰੈਲ ਨੂੰ ਆਪਣੀ ਧੀ ਨੂੰ ਝਾੜ-ਫੂਕ ਦੇ ਬਹਾਨੇ ਸੁਲਤਾਨਪੁਰ ਲੈ ਗਿਆ ਸੀ। ਮੁਲਜ਼ਮਾਂ ਨੇ ਇੱਕ ਗੱਡੀ ਕਿਰਾਏ ’ਤੇ ਲਈ ਅਤੇ ਰਾਤ ਨੂੰ ਇੱਕ ਢਾਬੇ ’ਤੇ ਖਾਣਾ ਖਾ ਕੇ ਉੱਥੇ ਹੀ ਰੁਕੇ,। ਅਗਲੇ ਦਿਨ ਕਾਫੀ ਦੇਰ ਤੱਕ ਸੜਕਾਂ ’ਤੇ ਘੁੰਮਣ ਤੋਂ ਬਾਅਦ ਰਾਤ ਦੇ ਕਰੀਬ 1 ਤੋਂ 2 ਵਜੇ ਦੇ ਵਿਚਕਾਰ, ਜਦੋਂ ਲੜਕੀ ਗੱਡੀ ਦੀ ਪਿਛਲੀ ਸੀਟ ’ਤੇ ਸੌਂ ਰਹੀ ਸੀ, ਤਾਂ ਉਨ੍ਹਾਂ ਨੇ ਉਸ ਦਾ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ। ਮੁਲਜ਼ਮਾਂ ਨੇ ਪਹਿਲਾਂ ਹੀ ਤੇਜ਼ਾਬ ਦਾ ਇੰਤਜ਼ਾਮ ਕੀਤਾ ਹੋਇਆ ਸੀ, ਤਾਂ ਜੋ ਲਾਸ਼ ਦੀ ਪਛਾਣ ਨਾ ਹੋ ਸਕੇ। ਉਨ੍ਹਾਂ ਨੇ ਲੜਕੀ ਦੇ ਮੂੰਹ ’ਤੇ ਤੇਜ਼ਾਬ ਪਾਇਆ ਅਤੇ ਲਾਸ਼ ਨੂੰ ਨਹਿਰ ਵਿੱਚ ਸੁੱਟ ਦਿੱਤਾ। ਹੈਰਾਨੀ ਦੀ ਗੱਲ ਇਹ ਹੈ ਕਿ ਆਪਣੀ ਹੀ ਧੀ ਦਾ ਕਤਲ ਕਰਨ ਤੋਂ ਬਾਅਦ, ਮੁਲਜ਼ਮ ਪਿਤਾ ਨੇ 16 ਅਪ੍ਰੈਲ ਨੂੰ ਖੁਦ ਪੁਲਸ ਕੋਲ ਜਾ ਕੇ ਧੀ ਦੇ ਲਾਪਤਾ ਹੋਣ ਦੀ ਰਿਪੋਰਟ ਦਰਜ ਕਰਵਾਈ ਸੀ। ਹਾਲਾਂਕਿ, ਜਾਂਚ ਦੌਰਾਨ ਜਦੋਂ ਪੁਲਸ ਨੂੰ ਪਿਤਾ ’ਤੇ ਸ਼ੱਕ ਹੋਇਆ ਅਤੇ ਸਖ਼ਤੀ ਨਾਲ ਪੁੱਛਗਿੱਛ ਕੀਤੀ ਗਈ, ਤਾਂ ਉਸ ਨੇ ਆਪਣਾ ਗੁਨਾਹ ਕਬੂਲ ਕਰ ਲਿਆ। ਪੁਲਸ ਨੇ ਪਿਤਾ ਵਿਜੇ ਚੌਬੇ ਅਤੇ ਉਸ ਦੇ ਦੋਸਤ ਅਬਦੁਲ ਮੰਨਾਨ ਦੋਵਾਂ ਨੂੰ ਗ੍ਰਿਫਤਾਰ ਕਰ ਲਿਆ ਹੈ।

# ਪ੍ਰਧਾਨ ਮੰਤਰੀ ਮੋਦੀ ਤੇ ਦੱਖਣੀ ਕੋਰੀਆ ਦੇ ਰਾਸ਼ਟਰਪਤੀ ਲੀ ਜੇ-ਮਯੁੰਗ ਵਿਚਾਲੇ ਅਹਿਮ ਗੱਲਬਾਤ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨੈਸ਼ਨਲ ਡੈਸਕ 20 ਅਪ੍ਰੈਲ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਦੱਖਣੀ ਕੋਰੀਆ ਦੇ ਰਾਸ਼ਟਰਪਤੀ ਲੀ ਜੇ-ਮਯੁੰਗ ਨੇ ਸੋਮਵਾਰ ਨੂੰ ਦਿੱਲੀ ਦੇ ਹੈਦਰਾਬਾਦ ਹਾਊਸ ਵਿੱਚ ਵਫਦ ਪੱਧਰ ਦੀ ਅਹਿਮ ਗੱਲਬਾਤ ਕੀਤੀ। ਇਸ ਮੁਲਾਕਾਤ ਦਾ ਮੁੱਖ ਉਦੇਸ਼ ਦੋਵਾਂ ਦੇਸ਼ਾਂ ਵਿਚਾਲੇ ਰਣਨੀਤਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਗੱਲਬਾਤ ਤੋਂ ਪਹਿਲਾਂ ਦੋਵਾਂ ਨੇਤਾਵਾਂ ਨੇ ਮਿਲ ਕੇ ਪੌਦਾ ਲਗਾਇਆ, ਜੋ ਦੋਵਾਂ ਦੇਸ਼ਾਂ ਦੇ ਵਧਦੇ ਸਬੰਧਾਂ ਦਾ ਪ੍ਰਤੀਕ ਹੈ। ਆਪਣੀ ਤਿੰਨ ਦਿਨਾ ਯਾਤਰਾ ਦੇ ਦੂਜੇ ਦਿਨ ਰਾਸ਼ਟਰਪਤੀ ਲੀ ਅਤੇ ਫਸਟ ਲੇਡੀ ਕਿਮ ਹੇ-ਕਯੁੰਗ ਨੇ ਰਾਜਘਾਟ ਜਾ ਕੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਦਿੱਤੀ ਅਤੇ ਉੱਥੇ ਫੁੱਲਾਂ ਦਾ ਹਾਰ ਚੜ੍ਹਾਇਆ। ਇਸ ਤੋਂ ਪਹਿਲਾਂ ਰਾਸ਼ਟਰਪਤੀ ਭਵਨ ਦੇ ਵਿਹੜੇ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪੀਐਮ ਮੋਦੀ ਵੱਲੋਂ ਉਨ੍ਹਾਂ ਦਾ ਰਸਮੀ ਸਵਾਗਤ ਕੀਤਾ ਗਿਆ, ਜਿੱਥੇ ਸਕੂਲੀ ਬੱਚਿਆਂ ਨੇ ਦੋਵਾਂ ਦੇਸ਼ਾਂ ਦੇ ਝੰਡੇ ਲਹਿਰਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਮੀਟਿੰਗ ਦੌਰਾਨ ਰਾਸ਼ਟਰਪਤੀ ਲੀ ਨੇ ਅਮਰੀਕਾ ਅਤੇ ਈਰਾਨ ਵਿਚਾਲੇ ਚੱਲ ਰਹੇ ਟਕਰਾਅ ਕਾਰਨ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ



ਸਪਲਾਈ ਚੇਨ ਵਿੱਚ ਆ ਰਹੀਆਂ ਰੁਕਾਵਟਾਂ ’ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਹੋਰਮੁਜ਼ ਦੇ ਜਲਡਮਰੂ ਵਰਗੇ ਰਣਨੀਤਕ ਮਾਰਗਾਂ ਰਾਹੀਂ ਸੁਰੱਖਿਅਤ ਆਵਾਜਾਈ ਯਕੀਨੀ ਬਣਾਉਣ ਲਈ ਭਾਰਤ ਨਾਲ ਮਿਲ ਕੇ ਕੰਮ ਕਰਨ ਦੀ ਇੱਛਾ ਜਤਾਈ। ਦੋਵਾਂ ਦੇਸ਼ਾਂ ਨੇ ਸੈਮੀਕੰਡਕਟਰ, ਆਰਟੀਫੀਸ਼ੀਅਲ ਇੰਟੈਲੀਜੈਂਸ (19), ਜਹਾਜ਼ ਨਿਰਮਾਣ ਅਤੇ ਰੱਖਿਆ ਖੇਤਰ ਵਿੱਚ ਸਹਿਯੋਗ ਵਧਾਉਣ ’ਤੇ ਜ਼ੋਰ ਦਿੱਤਾ ਹੈ। ਭਾਰਤੀ ਵਿਦੇਸ਼ ਮੰਤਰਾਲੇ ਅਨੁਸਾਰ, ਇਹ ਦੌਰਾ ਦੋਵਾਂ ਦੇਸ਼ਾਂ ਦੀ ਵਿਸ਼ੇਸ਼ ਰਣਨੀਤਕ ਸਾਂਝੇਦਾਰੀ ਨੂੰ ਅੱਗੇ ਵਧਾਉਣ ਵਿੱਚ ਇੱਕ ਅਹਿਮ ਮੀਲ ਪੱਥਰ ਸਾਬਤ ਹੋਵੇਗਾ। ਦੋਵਾਂ ਦੇਸ਼ਾਂ ਨੇ ਖਣਿਜ ਸਪਲਾਈ ਚੇਨ ਵਿੱਚ ਵੀ ਸਹਿਯੋਗ ਵਧਾਉਣ ਦੀ ਉਮੀਦ ਜਤਾਈ ਹੈ ਤਾਂ ਜੋ ਕੱਚੇ ਮਾਲ ਲਈ ਦੂਜੇ ਦੇਸ਼ਾਂ ’ਤੇ ਨਿਰਭਰਤਾ ਘਟਾਈ ਜਾ ਸਕੇ,। ਅੱਜ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਦੱਖਣੀ ਕੋਰੀਆਈ ਮਹਿਮਾਨਾਂ ਦੇ ਸਨਮਾਨ ਵਿੱਚ ਰਾਸ਼ਟਰਪਤੀ ਭਵਨ ਵਿਖੇ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਜਾਵੇਗੀ।

# ਬੀ. ਐੱਸ. ਐੱਫ. ਤੇ ਪੁਲਸ ਦੇ ਸਾਂਝੇ ਆਪਰੇਸ਼ਨ ਦੌਰਾਨ ਹੈਰੋਇਨ ਸਣੇ 3 ਡਰੋਨ ਬਰਾਮਦ

ਫਿਰੋਜ਼ਪੁਰ 20 ਅਪ੍ਰੈਲ। ਫਿਰੋਜ਼ਪੁਰ ਦੇ ਸਰਹੱਦੀ ਇਲਾਕੇ ’ਚ ਬੀ. ਐੱਸ. ਐੱਫ. ਅਤੇ ਪੁਲਸ ਵੱਲੋਂ ਸਰਚ ਦੌਰਾਨ 2 ਕਿੱਲੋ 567 ਗ੍ਰਾਮ ਹੈਰੋਇਨ ਅਤੇ ਤਿੰਨ ਡਰੋਨ ਬਰਾਮਦ ਕੀਤੇ ਗਏ ਹਨ। ਇਸ ਸਬੰਧ ’ਚ ਥਾਣਾ ਸਦਰ ਫਿਰੋਜ਼ਪੁਰ ਅਤੇ ਥਾਣਾ ਮਮਦੋਟ ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਦੇ ਐੱਚ. ਸੀ. ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਡਰੋਨ ਐਕਟੀਵਿਟੀ ਹੋਈ ਹੈ। ਇਸ




’ਤੇ ਪੁਲਸ ਪਾਰਟੀ ਕਮਾਲੇ ਵਾਲਾ ਪਿੰਡ ਪੁੱਜੀ, ਜਿੱਥੇ ਬੀ. ਐੱਸ. ਐੱਫ. ਨਾਲ ਸਾਂਝੇ ਅਪਰੇਸ਼ਨ ਦੌਰਾਨ ਦੋ ਡਰੋਨ ਅਤੇ ਦੋ ਪੁਲੰਦੇ ਹੈਰੋਇਨ ਬਰਾਮਦ ਕੀਤੇ ਗਏ। ਪੁਲਸ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਦੋ ਪੁਲੰਦਿਆਂ ਵਿਚੋਂ 1 ਕਿੱਲੋ 550 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਦੇ ਹੀ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਪਿੰਡ ਗੁਲਾਮ ਹੁਸੈਨ ਵਾਲਾ ਦੇ ਖੇਤਾਂ ’ਚ ਕੋਈ ਸ਼ੱਕੀ ਚੀਜ਼ ਪਈ ਹੈ, ਜੋ ਪੁਲਸ ਅਤੇ ਬੀ. ਐੱਸ. ਐੱਫ. ਦੇ ਸਾਂਝੇ ਸਰਚ ਆਪਰੇਸ਼ਨ ਦੌਰਾਨ 34 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਥਾਣਾ ਮਮਦੋਟ ਦੇ ਐੱਸ. ਆਈ. ਦੀਪਕ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਬੀ. ਐੱਸ. ਐੱਫ. ਨਾਲ ਸਾਂਝੇ ਸਰਚ ਆਪਰੇਸ਼ਨ ਦੌਰਾਨ 1 ਕਿੱਲੋ 68 ਗ੍ਰਾਮ ਹੈਰੋਇਨ ਅਤੇ ਇਕ ਟੁੱਟਿਆ ਹੋਇਆ ਡਰੋਨ ਬਰਾਮਦ ਕੀਤਾ। ਜਾਂਚ ਅਧਿਕਾਰੀਆਂ ਨੇ ਦੱਸਿਆ ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਹਿਲਾਵਾਂ ਦੇ ਹੱਕਾਂ ’ਚ ਰੋੜਾ ਬਣੇ ਵਿਰੋਧੀ, ਸਾਰਿਆਂ ਨੇ ਮਿਲ ਕੇ ਬਿੱਲ ਰੋਕਣ ਦਾ ਕੀਤਾ ਕੰਮ : ਸਿਰਸਾ

ਕੌਮੀ ਪਤ੍ਰਿਕਾ

ਅੰਮ੍ਰਿਤਸਰ 20 ਅਪ੍ਰੈਲ। ਦਿੱਲੀ ਦੇ ਕੈਬਿਨਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਅੰਮ੍ਰਿਤਸਰ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਨਾਰੀ ਸ਼ਕਤੀ ਵੰਧਨ ਅਧਿਨਿਯਮ ਅਤੇ ਡੀਲਿਮੀਟੇਸ਼ਨ (ਹੱਦਬੰਦੀ) ਬਿੱਲ ਦੇ ਰਾਹ ਵਿੱਚ ਰੋੜਾ ਬਣਨ ਲਈ ਵਿਰੋਧੀ ਪਾਰਟੀਆਂ ਦੀ ਸਖ਼ਤ ਨਿਖੇਧੀ ਕੀਤੀ ਹੈ। ਸਿਰਸਾ ਨੇ ਕਿਹਾ ਕਿ ਦੇਸ਼ ਦੀ ਸੰਸਦ ਵਿੱਚ ਮਹਿਲਾਵਾਂ ਨੂੰ 33 ਫੀਸਦੀ ਰਿਜ਼ਰਵੇਸ਼ਨ ਦੇਣ ਵਾਲੇ ਬਿੱਲ ਨੂੰ ਰੋਕਣਾ ਬਹੁਤ ਦੁਖਦਾਈ ਹੈ। ਵਿਰੋਧੀ ਪਾਰਟੀਆਂ ਮਿਲ ਕੇ ਉਸ ਬਿੱਲ ਨੂੰ ਡੇਗਣ ਦਾ ਕੰਮ ਕੀਤਾ ਹੈ, ਜਿਸ ਨੇ ਦੇਸ਼ ਦੀਆਂ ਧੀਆਂ ਅਤੇ ਭੈਣਾਂ ਨੂੰ ਵੱਡੀ ਰਾਜਨੀਤਿਕ ਤਾਕਤ ਦੇਣੀ ਸੀ। ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ ਅਨੁਸਾਰ, ਗ੍ਰਹਿ ਮੰਤਰੀ ਨੇ ਲੋਕ ਸਭਾ ਵਿੱਚ ਖੜ੍ਹੇ ਹੋ ਕੇ ਸਪੱਸ਼ਟ ਕੀਤਾ ਸੀ ਕਿ ਜੇਕਰ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਸਹਿਮਤੀ ਦੇਣ, ਤਾਂ ਸਰਕਾਰ ਇੱਕ ਘੰਟੇ ਦੇ ਅੰਦਰ ਅਧਿਕਾਰਤ ਸੋਧ ਲਿਆਉਣ ਲਈ ਤਿਆਰ ਹੈ, ਪਰ ਇਸ ਦਾ ਵਿਰੋਧ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ’ਚ ਲਿਆਂਦੇ ਗਏ ਇਸ ਬਿੱਲ ਨਾਲ ਦੇਸ਼ ਦੀ ਸੰਸਦ ਅਤੇ ਵਿਧਾਨ ਸਭਾ ’ਚ ਮਹਿਲਾਵਾਂ ਨੂੰ ਵੱਡੀ ਭਾਗੀਦਾਰੀ ਮਿਲਣੀ ਸੀ। ਸਿਰਸਾ ਨੇ ਦਾਅਵਾ ਕੀਤਾ



ਕਿ ਡਿਲੀਮੀਟੇਸ਼ਨ ਦੇ ਨਾਂ ‘ਤੇ ਵਿਰੋਧੀ ਪਾਰਟੀਆਂ ਲੋਕਾਂ ਨੂੰ ਗੁੰਮਰਾਹ ਕਰ ਰਹੀਆਂ ਹਨ, ਜੇਕਰ ਇਹ ਡੀਲਿਮੀਟੇਸ਼ਨ ਲਾਗੂ ਹੁੰਦੀ ਤਾਂ ਪੰਜਾਬ ਦੀਆਂ ਲੋਕ ਸਭਾ ਸੀਟਾਂ 13 ਤੋਂ ਵਧ ਕੇ 20 ਹੋ ਜਾਣੀਆਂ ਸਨ। ਇਸੇ ਤਰ੍ਹਾਂ ਪੰਜਾਬ ਵਿਧਾਨ ਸਭਾ ਦੀਆਂ ਸੀਟਾਂ ਵੀ ਵਧ ਕੇ ਲਗਭਗ 170 ਤੋਂ 177 ਦੇ ਕਰੀਬ ਹੋ ਜਾਣੀਆਂ ਸਨ, ਜਿਸ ਨਾਲ ਸੂਬੇ ਦੀ ਰਾਜਨੀਤਿਕ ਨੁਮਾਇੰਦਗੀ ਮਜ਼ਬੂਤ ਹੋਣੀ ਸੀ।ਜਿਸ ਨਾਲ ਉਹ ਆਪਣੇ ਹੱਕਾਂ ਲਈ ਫੈਸਲੇ ਖੁਦ ਕਰ ਸਕਦੀਆਂ। ਸਿਰਸਾ ਨੇ ਮਹਿਲਾ ਰਿਜ਼ਰਵੇਸ਼ਨ ਦੇ ਮੁੱਦੇ ‘ਤੇ ਰੁਕਾਵਟ ਪੈਦਾ ਕਰਨ ਦੇ ਦੋਸ਼ ਲਗਾਏ ਅਤੇ ਕਿਹਾ ਕਿ 70 ਸਾਲਾਂ ਵਿੱਚ ਇਹ ਬਿੱਲ ਕਦੇ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਦੋਂ ਮੋਦੀ ਸਰਕਾਰ ਇਸ ਨੂੰ ਲੈ ਕੇ ਆਈ ਤਾਂ ਵਿਰੋਧੀ ਪਾਰਟੀਆਂ ਨੇ ਇਕੱਠੇ ਹੋ ਕੇ ਇਸ ਦਾ ਵਿਰੋਧ ਕੀਤਾ। ਸਿਰਸਾ ਨੇ ਇਹ ਵੀ ਕਿਹਾ ਕਿ ਭਾਜਪਾ ਹਮੇਸ਼ਾ ਮਹਿਲਾਵਾਂ ਨੂੰ ਅੱਗੇ ਲਿਆਂਦੀ ਰਹੀ ਹੈ ਅਤੇ ਇਸ ਦਾ ਉਦਾਹਰਨ ਦਿੰਦਿਆਂ ਕਿਹਾ ਕਿ ਉਨ੍ਹਾਂ ਦੇਸ਼ ਦੀ ਰਾਸ਼ਟਰਪਤੀ ਬਣੀ ਆਦਿਵਾਸੀ ਮਹਿਲਾ ਦ੍ਰੋਪਦੀ ਮੁਰਮੂ ਦੀ ਨਿਯੁਕਤੀ ਦਾ ਜ਼ਿਕਰ ਕੀਤਾ। ਉਨ੍ਹਾਂ ਦੋਹਰਾਇਆ ਕਿ ਭਾਜਪਾ 33 ਫੀਸਦੀ ਮਹਿਲਾ ਰਿਜ਼ਰਵੇਸ਼ਨ ਲਾਗੂ ਕਰਨ ਲਈ ਵਚਨਬੱਧ ਹੈ ਅਤੇ ਹਰ ਹਾਲਤ ਵਿੱਚ ਇਸ ਲਈ ਸੰਘਰਸ਼ ਕਰੇਗੀ। ਉਨ੍ਹਾਂ ਕਿਹਾ ਕਿ ਇਸ ਮੁੱਦੇ ‘ਤੇ ਦੇਸ਼ ਭਰ ਵਿੱਚ ਜਾਗਰੂਕਤਾ ਫੈਲਾਈ ਜਾਵੇਗੀ ਅਤੇ ਵਿਰੋਧੀ ਪਾਰਟੀਆਂ ਨੂੰ ਲੋਕਾਂ ਦੇ ਸਵਾਲਾਂ ਦਾ ਸਾਹਮਣਾ ਕਰਨਾ ਪਵੇਗਾ।

# ‘ਅਸੀਂ ਕਿਸੇ ਨੂੰ ਛੇੜਦੇ ਨਹੀਂ, ਪਰ ਜੇ ਕੋਈ ਛੇੜੇ ਤਾਂ ਛੱਡਦੇ ਨਹੀਂ’, ਰਾਜਨਾਥ ਦੀ ਅੱਤਵਾਦ ’ਤੇ ਸਖ਼ਤ ਚਿਤਾਵਨੀ

ਰਾਧਾਪੁਰਮ 20 ਅਪ੍ਰੈਲ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਤਵਾਦ ਵਿਰੁੱਧ ਭਾਰਤ ਦੀ ‘ਜ਼ੀਰੋ ਟੋਲਰੈਂਸ’ ਨੀਤੀ ਨੂੰ ਦੁਹਰਾਉਂਦੇ ਹੋਏ ਦੁਸ਼ਮਣਾਂ ਨੂੰ ਸਖ਼ਤ ਲਹਿਜੇ ’ਚ ਚਿਤਾਵਨੀ ਦਿੱਤੀ ਹੈ। ਤਾਮਿਲਨਾਡੂ ਦੇ ਰਾਧਾਪੁਰਮ ’ਚ ਇੱਕ ਚੋਣ ਸਭਾ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ, ਅਸੀਂ ਕਿਸੇ ਨੂੰ ਛੇੜਦੇ ਨਹੀਂ ਹਾਂ, ਪਰ ਜੇਕਰ ਕੋਈ ਸਾਨੂੰ ਛੇੜਦਾ ਹੈ ਤਾਂ ਅਸੀਂ ਉਸ ਨੂੰ ਛੱਡਦੇ ਵੀ ਨਹੀਂ ਹਾਂ। ਰੱਖਿਆ ਮੰਤਰੀ ਦੀ ਇਹ ਟਿੱਪਣੀ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਭਿਆਨਕ ਅੱਤਵਾਦੀ ਹਮਲੇ ਦੀ ਪਹਿਲੀ ਬਰਸੀ ਤੋਂ ਕੁਝ ਦਿਨ ਪਹਿਲਾਂ ਆਈ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ 22 ਅਪ੍ਰੈਲ ਨੂੰ ਪਾਕਿਸਤਾਨ ਸਮਰਥਿਤ ਲਸ਼ਕਰ-ਏ-ਤੋਇਬਾ ਦੇ ਅੱਤਵਾਦੀਆਂ ਨੇ ਪਹਿਲਗਾਮ ਵਿੱਚ 26 ਸੈਲਾਨੀਆਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇਸ ਹਮਲੇ ਦੇ ਜਵਾਬ ਵਿੱਚ ਭਾਰਤ ਨੇ ‘ਅਪਰੇਸ਼ਨ ਸਿੰਦੂਰ’ ਲਾਂਚ ਕੀਤਾ ਸੀ, ਜਿਸ ਤਹਿਤ ਪਾਕਿਸਤਾਨ ਤੇ ਉਸ ਦੇ ਕਬਜ਼ੇ ਵਾਲੇ ਕਸ਼ਮੀਰ ’ਚ ਲਸ਼ਕਰ,



ਜੈਸ਼ ਤੇ ਹਿਜ਼ਬੁਲ ਮੁਜਾਹਿਦੀਨ ਦੇ 9 ਅੱਤਵਾਦੀ ਟਿਕਾਣਿਆਂ ਨੂੰ ਨਸ਼ਟ ਕਰ ਦਿੱਤਾ ਗਿਆ ਸੀ। ਰਾਜਨਾਥ ਸਿੰਘ ਨੇ ਇਸ ਅਪਰੇਸ਼ਨ ਨੂੰ ਯਾਦ ਕਰਵਾਉਂਦਿਆਂ ਕਿਹਾ ਕਿ ਭਾਰਤ ਆਪਣੀ ਪ੍ਰਭੂਸੱਤਾ ਅਤੇ ਸੁਰੱਖਿਆ ਨੂੰ ਚੁਣੌਤੀ ਦੇਣ ਵਾਲਿਆਂ ਵਿਰੁੱਧ ਨਿਰਣਾਇਕ ਕਾਰਵਾਈ ਕਰਨਾ ਜਾਣਦਾ ਹੈ। ਆਪਣੇ ਸੰਬੋਧਨ ’ਚ ਉਨ੍ਹਾਂ ਅੱਗੇ ਕਿਹਾ ਕਿ ਭਾਰਤ ਦੀ ਫੌਜੀ ਸਮਰੱਥਾ ਲਗਾਤਾਰ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਭਾਰਤ ਸ਼ਾਂਤੀ ’ਚ ਵਿਸ਼ਵਾਸ ਰੱਖਦਾ ਹੈ, ਪਰ ਦੇਸ਼ ਦੀ ਸੁਰੱਖਿਆ ਤੇ ਸਨਮਾਨ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਤਾਮਿਲਨਾਡੂ ’ਚ 234 ਵਿਧਾਨ ਸਭਾ ਸੀਟਾਂ ਲਈ 23 ਅਪ੍ਰੈਲ ਨੂੰ ਵੋਟਾਂ ਪੈਣਗੀਆਂ ਅਤੇ ਨਤੀਜਿਆਂ ਦਾ ਐਲਾਨ 4 ਮਈ ਨੂੰ ਕੀਤਾ ਜਾਵੇਗਾ। ਰਾਜਨਾਥ ਸਿੰਘ ਨੇ ਭਰੋਸਾ ਦਿੱਤਾ ਕਿ ਭਾਰਤੀ ਜਨਤਾ ਪਾਰਟੀ ਰਾਜ ਦੇ ਵਿਕਾਸ, ਕਿਸਾਨਾਂ ਦੀ ਖੁਸ਼ਹਾਲੀ, ਔਰਤਾਂ ਦੇ ਸਸ਼ਕਤੀਕਰਨ ਅਤੇ ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਪੱਛਮੀ ਬੰਗਾਲ ’ਚ ਜਿੱਤ ਦਾ ਝੰਡਾ ਲਹਿਰਾਏਗੀ ਭਾਜਪਾ : ਤਰੁਣ ਵਿਜੇ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਜਲੰਧਰ 20 ਅਪ੍ਰੈਲ। ਦੇਸ਼ ਵਿਚ ਸਿਆਸੀ ਸਮੀਕਰਨ ਤੇਜ਼ੀ ਨਾਲ ਬਦਲ ਰਹੇ ਹਨ। ਪੰਜ ਸੂਬਿਆਂ ਵਿਚ ਵਿਧਾਨ ਸਭਾ ਚੋਣਾਂ ਦਰਮਿਆਨ ਲੋਕ ਸਭਾ ਵਿਚ ਮਹਿਲਾ ਰਾਖਵੇਂਕਰਨ ਨਾਲ ਜੁੜਿਆ ਸੰਵਿਧਾਨ ਸੋਧ ਬਿੱਲ ਡਿੱਗਣ ਤੋਂ ਬਾਅਦ ਸਿਆਸੀ ਗਲਿਆਰਿਆਂ ਵਿਚ ਚਰਚਾਵਾਂ ਹੋਰ ਤੇਜ਼ ਹੋ ਗਈਆਂ ਹਨ। ਦੇਸ਼ ਦੇ ਵੱਖ-ਵੱਖ ਮੁੱਦਿਆਂ ’ਤੇ ‘ਜਗ ਬਾਣੀ’ ਨਾਲ ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਰਾਜ ਸਭਾ ਮੈਂਬਰ ਤਰੁਣ ਵਿਜੇ ਨੇ ਖਾਸ ਗੱਲਬਾਤ ਕੀਤੀ। ਮੈਂ ਦੋ ਦਹਾਕਿਆਂ ਤਕ ‘ਪਾਂਚਜਨਯ’ ਦਾ ਸੰਪਾਦਕ ਰਿਹਾ। ਉਸ ਦੌਰ ਵਿਚ ਪੱਤਰਕਾਰੀ ਕਰਨਾ ਅਸਲ ਵਿਚ ਇਕ ਚੁਣੌਤੀ ਹੁੰਦੀ ਸੀ ਕਿ ਜੋ ਵੀ ਕਰੀਏ ਭਾਰਤੀਅਤਾ ਲਈ ਕਰੀਏ। ਉਸ ਸਮੇਂ ਖੱਬੇਪੱਖੀਆਂ ਨੇ ਅਜਿਹਾ ਮਾਹੌਲ ਬਣਾਇਆ ਕਿ ਦੇਸ਼ ਦਾ ਜੋ ਵੀ ਹੈ ਉਹ ਖ਼ਰਾਬ ਹੈ, ਮਤਲਬ ਦੇਸ਼ ਦੀ ਗੱਲ ਕਰਨਾ, ਹਿੰਦੂਤਵ ਅਤੇ ਸੱਭਿਅਤਾ ਦੀ ਗੱਲ ਕਰਨਾ ਅਪਰਾਧ ਹੈ। ਇਸ ਦੇ ਵਿਰੁੱਧ ਅਸੀਂ ਸੱਤਿਆਗ੍ਰਹਿ ਕੀਤਾ। ਹਰੇਕ ਵੋਟਰ ਵਿਚ ਰਾਜਨੀਤੀ ਲੁਕੀ ਹੁੰਦੀ ਹੈ। ਰਾਜਨੀਤੀ ਅਤੇ ਪੱਤਰਕਾਰੀ ਦਾ ਹਮੇਸ਼ਾ ਇਕ ਅਦਭੁਤ ਸੁਮੇਲ ਰਿਹਾ ਹੈ। ਕਈ ਮਹਾਪੁਰਖ ਜਿਵੇਂ ਸੁਭਾਸ਼ ਚੰਦਰ ਬੋਸ ਹੋਣ ਜਾਂ ਫਿਰ ਮਹਾਤਮਾ ਗਾਂਧੀ, ਅਟਲ ਬਿਹਾਰੀ ਵਾਜਪਾਈ, ਇਹ ਸਾਰੇ ਪੱਤਰਕਾਰ ਹੀ ਸਨ। ਇਸ ਤੋਂ ਬਾਅਦ ਇਹ ਰਾਜਨੀਤੀ ਵਿਚ ਆਏ। ‘ਪੰਜਾਬ ਕੇਸਰੀ’ ਨੂੰ ਮੈਂ ਪੱਤਰਕਾਰੀ ਦਾ ਤੀਰਥ ਅਸਥਾਨ ਮੰਨਦਾ ਹਾਂ। ‘ਪੰਜਾਬ ਕੇਸਰੀ’ ਵਿਚੋਂ ਨਿਕਲਿਆ ਇਕ-ਇਕ ਸ਼ਬਦ ਭਾਰਤ ਵਿਚ ਭਾਰਤੀਅਤਾ ਦੀ ਚੇਤਨਾ ਜਾਗ੍ਰਿਤ ਕਰਦਾ ਹੈ। ਭਾਰਤੀਅਤਾ ਦੀ ਜੋ ਇਕ ਅਲਖ ਹੈ, ਉਹ ‘ਪੰਜਾਬ ਕੇਸਰੀ’ ਸਮੂਹ ਨੇ ਜਗਾਈ ਹੈ। ਇੱਥੋਂ ਹੀ ਅਨੇਕਾਂ ਨਾਮਵਰ ਸੰਪਾਦਕ ਹੋਏ, ਜੋ ਰਾਜਨੀਤੀ ਵਿਚ ਰਹੇ ਹਨ, ਤਾਂ ਮੈਨੂੰ ਵੀ ਮੇਰੀ ਪਾਰਟੀ ਨੇ ਕਿਹਾ ਕਿ ਤੁਸੀਂ ਰਾਜ ਸਭਾ ਵਿਚ ਆਓ, ਤਾਂ ਮੈਂ ਮਨ੍ਹਾ ਨਹੀਂ ਕਰ ਸਕਿਆ। ਭਾਰਤ ਇਕ ਨਵ-ਜਾਗਰਣ ਵੱਲ ਜਾ ਰਿਹਾ ਹੈ। ਕਿਸੇ ਨੇ ਕਲਪਨਾ ਨਹੀਂ ਸੀ ਕੀਤੀ ਕਿ ਰਾਮ ਮੰਦਰ ਬਣੇਗਾ ਅਤੇ ਧਾਰਾ 370 ਦਾ ਖ਼ਾਤਮਾ ਹੋ ਜਾਵੇਗਾ। ਲੋਕ ਕਹਿੰਦੇ ਸਨ ਕਿ ਖੂਨ ਦੀਆਂ ਨਦੀਆਂ ਵਹਿ ਜਾਣਗੀਆਂ, ਕਿਸੇ ਨੇ ਸੋਚਿਆ ਨਹੀਂ ਸੀ ਕਿ ਹਿੰਦੂਤਵ ਦੀ ਸਰਕਾਰ ਆਏਗੀ ਅਤੇ ਮੁਸਲਿਮ ਔਰਤਾਂ ਨੂੰ ਤਿੰਨ ਤਲਾਕ ਦੀ ਗੁਲਾਮੀ ਤੋਂ ਮੁਕਤ ਕਰਨ ਦੀ ਦਲੇਰੀ ਦਿਖਾਏਗੀ, ਕੋਈ ਸੋਚਦਾ ਨਹੀਂ ਸੀ ਕਿ ਅਸੀਂ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣਾਂਗੇ। ਅੱਜ ਮੈਨੂੰ ਹਿੰਦੁਸਤਾਨੀ ਹੋਣ ’ਤੇ ਮਾਣ ਹੈ। ਮਹਿਲਾ ਰਾਖਵੇਂਕਰਨ ਦੇ ਵਿਰੋਧ ਵਿਚ ਜਿਸ ਨੇ ਵੀ ਵੋਟ ਪਾਈ, ਉਸ ਨੇ ਭਾਰਤ ਮਾਤਾ ਦਾ ਅਪਮਾਨ ਕੀਤਾ। ਭਾਜਪਾ ਜਾਂ ਰਾਸ਼ਟਰੀਅਤਾ ਦੇ ਜੋ ਸਮਰਥਕ ਹਨ, ਉਹ ਦੋ-ਤਿਹਾਈ ਬਹੁਮਤ ਨਾਲ ਇਸ ਨੂੰ ਦੁਬਾਰਾ ਪਾਸ ਕਰਨਗੇ ਪਰ ਦੇਸ਼ ਦੀ ਜਨਤਾ ਵਿਰੋਧੀ ਧਿਰ ਦੇ ਇਸ ਕਦਮ ਲਈ ਉਨ੍ਹਾਂ ਨੂੰ ਮੁਆਫ਼ ਨਹੀਂ ਕਰੇਗੀ।



ਪੱਛਮੀ ਬੰਗਾਲ ਵਿਚ ਇਸ ਵਾਰ ਕਮਲ ਖਿੜ ਕੇ ਰਹੇਗਾ। ਘੁਸਪੈਠੀਆਂ ਦਾ ਮੁੱਦਾ ਹੋਵੇ ਜਾਂ ਟੀ. ਐੱਮ. ਸੀ. ਦਾ ਭ੍ਰਿਸ਼ਟਾਚਾਰ, ਜਿਸ ਤਰ੍ਹਾਂ ਬੰਗਾਲ ਵਿਚ ਲਵ ਜਿਹਾਦ, ਕਾਰਪੋਰੇਟ ਜਿਹਾਦ, ਸੈਲੂਨ ਜਿਹਾਦ ਵਰਗੇ ਮੁੱਦਿਆਂ ਤੋਂ ਲੋਕ ਪ੍ਰੇਸ਼ਾਨ ਹਨ, ਉਸ ਨੂੰ ਦੇਖਦਿਆਂ ਬੰਗਾਲ ਦੀ ਜਨਤਾ ਬਦਲਾਅ ਦਾ ਮਨ ਬਣਾ ਚੁੱਕੀ ਹੈ। ਬੰਗਾਲ ਵਿਚ ਸਰਕਾਰ ਦਾ ਬਦਲਣਾ ਰਾਸ਼ਟਰੀ ਸੁਰੱਖਿਆ ਦਾ ਸਵਾਲ ਹੈ। ਸੰਘ ਦਾ ਕਦੇ ਵੀ ਰਾਜਨੀਤੀ ਵਿਚ ਹਿੱਤ ਨਹੀਂ ਰਿਹਾ। ਸੰਘ ਕਦੇ ਵੀ ਭਾਜਪਾ ਦੀ ਸ਼ਾਖਾ ਵਜੋਂ ਕੰਮ ਨਹੀਂ ਕਰਦਾ। ਸੰਘ ਮਾਹੌਲ ਤਿਆਰ ਕਰਦਾ ਹੈ, ਅੱਗੇ ਦਾ ਕੰਮ ਭਾਜਪਾ ਨੇ ਕਰਨਾ ਹੁੰਦਾ ਹੈ, ਸੰਘ ਨੇ ਨਹੀਂ। ਪਹਿਲਾਂ ਦੇ ਮੁਕਾਬਲੇ ਕੇਰਲਮ ਵਿਚ ਭਾਜਪਾ ਦਾ ਮਾਹੌਲ ਚੰਗਾ ਹੈ, ਸਾਡਾ ਮੇਅਰ ਬਣਿਆ ਹੈ, ਆਉਣ ਵਾਲੇ ਦਿਨਾਂ ਵਿਚ ਹੋਰ ਸਫਲਤਾ ਮਿਲੇਗੀ। ਭਾਰਤ ਕਰਵਟ ਬਦਲ ਰਿਹਾ ਹੈ। ਬਿਹਾਰ ਵਿਚ ਭਾਜਪਾ ਦਾ ਮੁੱਖ ਮੰਤਰੀ ਬਣਨਾ ਇਕ ਸ਼ੁੱਭ ਸੰਕੇਤ ਹੈ ਅਤੇ ਇਹ ਕਿੰਨੇ ਆਰਾਮ ਨਾਲ ਹੋਇਆ, ਇਸ ਨੂੰ ਵੀ ਸਮਝਣ ਦੀ ਲੋੜ ਹੈ। ਨਿਤੀਸ਼ ਕੁਮਾਰ ਨੇ ਸਮਰਾਟ ਚੌਧਰੀ ਲਈ ਰਸਤਾ ਦੇ ਕੇ ਜੈਪ੍ਰਕਾਸ਼ ਨਾਰਾਇਣ ਦੀ ਭੂਮਿਕਾ ਨਿਭਾਈ ਹੈ। ਲੋਕਾਂ ਦੇ ਦਿਲਾਂ ਵਿਚ ਨਿਤੀਸ਼ ਲਈ ਸਤਿਕਾਰ ਹੋਰ ਵੀ ਵਧ ਗਿਆ ਹੈ। ਮੈਂ ਖ਼ੁਦ ਦਲਿਤਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਉੱਤਰਾਖੰਡ ਵਿਚ ਮੰਦਰ ’ਚ ਦਾਖਲੇ ਲਈ ਉਨ੍ਹਾਂ ਨੂੰ ਲੈ ਕੇ ਗਿਆ ਸੀ। ਇਸ ਦੌਰਾਨ ਮੇਰੇ ’ਤੇ ਹਮਲਾ ਵੀ ਹੋਇਆ ਅਤੇ ਮੇਰੇ 9 ਟਾਂਕੇ ਲੱਗੇ ਸਨ। ਮੇਰੇ ਖ਼ੂਨ ਵਿਚ ਹੈ ਸਮਾਜਿਕ ਸਮਾਨਤਾ ਨਾਲ ਖੜ੍ਹੇ ਹੋਣਾ। ਲੰਡਨ ਤੋਂ ਲੈ ਕੇ ਮਹੂ ਤਕ ਅੰਬੇਡਕਰ ਜੀ ਦੇ ਤੀਰਥ ਸਥਾਨਾਂ ਨੂੰ ਪ੍ਰਧਾਨ ਮੰਤਰੀ ਜੀ ਨੇ ਸੰਭਾਲਣ ਦਾ ਕੰਮ ਕੀਤਾ। ਮੋਦੀ ਜੀ ਨੇ ਦਿੱਲੀ ਵਿਚ ਸਭ ਤੋਂ ਵੱਡਾ ਕਨਵੈਨਸ਼ਨ ਸੈਂਟਰ ਅੰਬੇਡਕਰ ਜੀ ਦੇ ਨਾਂ ’ਤੇ ਬਣਵਾਇਆ। ਜੋ ਜਿਹਾਦੀ ਅਨਸਰ ਹਨ, ਉਹ ਹਿੰਦੂ ਸਮਾਜ ਨੂੰ ਤੋੜਨ ਦਾ ਕੰਮ ਕਰ ਰਹੇ ਹਨ। ਦੁਨੀਆ ਵਿਚ ਜੇਕਰ ਕੋਈ ਰੱਖਿਆ ਕਵਚ ਹੈ ਤਾਂ ਉਹ ਭਾਰਤ ਹੈ। ਅੱਜ ਹਰ ਮੁਸਲਿਮ ਦੇਸ਼ ਇਕ-ਦੂਜੇ ਨਾਲ ਲੜ ਰਿਹਾ ਹੈ। ਕੋਈ ਇਸਲਾਮਿਕ ਮੁਲਕ ਇਕ-ਦੂਜੇ ਦੀ ਮਦਦ ਨਹੀਂ ਕਰ ਰਿਹਾ। ਕਿੱਥੇ ਗਿਆ ਇਨ੍ਹਾਂ ਦਾ ਇਸਲਾਮਿਕ ਭਾਈਚਾਰਾ? ਜੇਕਰ ਇਨ੍ਹਾਂ ਨੇ ਮਦਦ ਲੈਣੀ ਹੈ ਤਾਂ ਇਹ ਉਨ੍ਹਾਂ ਦੇਸ਼ਾਂ ਤੋਂ ਮਦਦ ਲੈ ਰਹੇ ਹਨ, ਜਿਨ੍ਹਾਂ ਨੂੰ ਇਹ ‘ਕਾਫ਼?ਰ’ ਕਹਿੰਦੇ ਹਨ। ਅੱਜ ਦੁਨੀਆ ਹਿੰਦੁਸਤਾਨ ਵੱਲ ਦੇਖ ਰਹੀ ਹੈ। ਸਾਬਕਾ ਸੰਸਦ ਮੈਂਬਰ ਅਤੇ ਸੀਨੀਅਰ ਭਾਜਪਾ ਆਗੂ ਤਰੁਣ ਵਿਜੇ ਨੇ ਕਿਹਾ ਹੈ ਕਿ ਪੰਜਾਬ ਵਿਚ ਜੋ ਮਾਹੌਲ ਬਣ ਰਿਹਾ ਹੈ, ਉਹ ਭਾਰਤੀਅਤਾ ਨੂੰ ਸੱਟ ਮਾਰਨ ਵਾਲਾ ਹੈ। ਪੰਜਾਬ ਹਮੇਸ਼ਾ ਦੇਸ਼ ਭਗਤੀ ਦਾ ਪ੍ਰਤੀਕ ਰਿਹਾ ਹੈ ਪਰ ਅੱਜ ਸਰਕਾਰੀ ਵਿਭਾਗਾਂ ਤੋਂ ਲੋਕਾਂ ਦਾ ਭਰੋਸਾ ਟੁੱਟ ਚੁੱਕਾ ਹੈ। ਪੰਜਾਬ ਦੀ ਅਗਵਾਈ ਅੱਜ ਇਸ ਲਈ ਜਾਣੀ ਜਾਂਦੀ ਹੈ ਕਿ ਅੱਜ ਪੰਜਾਬ ਵਿਚ ਨਸ਼ਾ ਵਧ ਗਿਆ ਹੈ, ਵਿਦੇਸ਼ਾਂ ਤੋਂ ਫੰਡਿੰਗ ਹੋ ਰਹੀ ਹੈ, ਗੁਰੂ ਸਾਹਿਬਾਨ ਦੀ ਧਰਤੀ ’ਤੇ ਧਰਮ ਪਰਿਵਰਤਨ ਹੋ ਰਿਹਾ ਹੈ। ਉੱਥੇ ਹੀ ਅਕਾਲੀ ਦਲ ਨਾਲ ਗੱਠਜੋੜ ਦੇ ਸਵਾਲ ’ਤੇ ਸਾਬਕਾ ਸੰਸਦ ਮੈਂਬਰ ਨੇ ਕਿਹਾ ਕਿ ਇਸ ਦਾ ਫੈਸਲਾ ਸਾਡੀ ਕੇਂਦਰੀ ਲੀਡਰਸ਼ਿਪ ਕਰੇਗੀ ਪਰ ਮੌਜੂਦਾ ਸਮੇਂ ਵਿਚ ਜੋ ‘ਆਪ’ ਦਾ ਪ੍ਰਕੋਪ ਹੈ, ਉਸ ਤੋਂ ਜਨਤਾ ਨੂੰ ਮੁਕਤੀ ਦਿਵਾਉਣਾ ਸਾਡਾ ਮਕਸਦ ਹੈ। ਪੰਜਾਬ ਨੂੰ ਮੁੜ ਲਾਲਾ ਲਾਜਪਤ ਰਾਏ ਵਾਲਾ ਪੰਜਾਬ ਬਣਾਉਣ ਦੀ ਲੋੜ ਹੈ।

# ਬਠਿੰਡਾ ਪੁਲਸ ਨੇ ਲੱਭ ਲਏ ਚੋਰੀ ਹੋਏ 20 ਮੋਟਰਸਾਈਕਲ, 3 ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਬਠਿੰਡਾ 20 ਅਪ੍ਰੈਲ। ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਵਧ ਰਹੀਆਂ ਵਾਹਨ ਚੋਰੀ ਦੀਆਂ ਘਟਨਾਵਾਂ 'ਤੇ ਕਾਬੂ ਪਾਉਣ ਲਈ ਬਠਿੰਡਾ ਪੁਲਸ ਵੱਲੋਂ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਮਿਲੀ ਹੈ। ਪੁਲਸ ਨੇ ਇਕ ਸਰਗਰਮ ਮੋਟਰਸਾਈਕਲ ਚੋਰ ਗਿਰੋਹ ਦਾ ਪਰਦਾਫ਼ਾਸ਼ ਕਰਦੇ ਹੋਏ ਤਿੰਨ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਕੋਲੋਂ ਕੁੱਲ 20 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਹਨ। ਇਸ ਸਬੰਧੀ ਥਾਣਾ ਕੋਤਵਾਲੀ ਬਠਿੰਡਾ ਵਿਚ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਕਾਰਵਾਈ ਸੀਨੀਅਰ ਪੁਲਸ ਕਪਤਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੀ.ਆਈ.ਏ ਸਟਾਫ-2 ਦੀ ਟੀਮ ਵੱਲੋਂ ਕੀਤੀ ਗਈ। ਥਾਣਾ ਮੁਖੀ ਕਰਨ ਸਿੰਘ ਨੇ ਦੱਸਿਆ ਕਿ ਪੁਲਸ ਨੂੰ 7 ਅਪ੍ਰੈਲ ਨੂੰ ਇਕ ਗੁਪਤ ਸੂਚਨਾ ਮਿਲੀ ਸੀ ਕਿ ਜਸਪ੍ਰੀਤ ਸਿੰਘ ਉਰਫ ਛੋਟਾ, ਹਰਦਰਸ਼ਨ ਸਿੰਘ ਉਰਫ ਮੋਟਾ ਅਤੇ ਸੁਖਵਿੰਦਰ ਸਿੰਘ ਉਰਫ ਮੋਟਾ ਨਾਂ ਦੇ ਵਿਅਕਤੀ ਬਠਿੰਡਾ ਸ਼ਹਿਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿਚ ਮੋਟਰਸਾਈਕਲ ਚੋਰੀ ਦੀਆਂ ਵਾਰਦਾਤਾਂ ਵਿਚ ਸ਼ਾਮਲ ਹਨ ਅਤੇ ਉਨ੍ਹਾਂ ਕੋਲ ਵੱਡੀ ਗਿਣਤੀ ਵਿਚ ਚੋਰੀਸ਼ੁਦਾ ਵਾਹਨ ਹੋ ਸਕਦੇ ਹਨ। ਇਸ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਗੁਰੂ ਤੇਗ ਬਹਾਦੁਰ ਟੈਕਸੀ ਸਟੈਂਡ, ਸੰਤਪੁਰਾ ਰੋਡ ਦੇ ਨੇੜੇ ਨਾਕਾਬੰਦੀ ਕਰਕੇ ਤਿੰਨਾਂ ਦੋਸ਼ੀਆਂ ਨੂੰ ਇਕ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਪਛਾਣ ਜਸਪ੍ਰੀਤ ਸਿੰਘ ਉਰਫ ਛੋਟਾ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਤਿਡੋਨਾ, ਹਰਦਰਸ਼ਨ ਸਿੰਘ ਉਰਫ ਮੋਟਾ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਤਿਡੋਨਾ ਅਤੇ ਸੁਖਵਿੰਦਰ ਸਿੰਘ ਉਰਫ ਮੋਟਾ ਪੁੱਤਰ ਬਲਕੇਸ਼ ਸਿੰਘ ਵਾਸੀ ਪਿੰਡ ਘੁੰਦਾ ਹਾਲ ਆਬਾਦ ਬਾਦਸ਼ਾਹੀ ਠਾਠੜੀ ਵਜੋਂ ਹੋਈ ਹੈ। ਪੁਲਸ ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਖੁਲਾਸਾ ਕੀਤਾ ਕਿ ਉਹ ਤਿੰਨੇ ਮਿਲ ਕੇ ਇਕ ਗਿਰੋਹ ਵਜੋਂ ਕੰਮ ਕਰਦੇ ਸਨ ਅਤੇ ਸ਼ਹਿਰ ਦੇ ਵੱਖ-ਵੱਖ ਭੀੜਭਾੜ ਵਾਲੇ ਇਲਾਕਿਆਂ ਜਿਵੇਂ ਸ਼ਾਪਿੰਗ ਮਾਲ, ਬੈਂਕਾਂ ਅਤੇ ਹੋਰ ਪਾਰਕਿੰਗ



ਥਾਵਾਂ 'ਤੇ ਖੜ੍ਹੇ ਮੋਟਰਸਾਈਕਲਾਂ ਨੂੰ ਨਿਸ਼ਾਨਾ ਬਣਾਉਂਦੇ ਸਨ। ਮੁਲਜ਼ਮਾਂ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ ਪੁਲਿਸ ਨੇ ਅੱਗੇ ਕਾਰਵਾਈ ਕਰਦਿਆਂ ਨੇੜਲੇ ਇਲਾਕਿਆਂ ਸਮੇਤ ਨਹਿਰ ਪੁਲ ਝੀੜ ਬਹਿਮਟ ਅਤੇ 400 ਕਿਲੋ ਗ੍ਰੇਨ ਸੈਂਟਰ ਖੇਤਰ ਤੋਂ ਹੋਰ 19 ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ। ਇਸ ਤਰ੍ਹਾਂ ਕੁੱਲ ਬਰਾਮਦਗੀ 20 ਮੋਟਰਸਾਈਕਲਾਂ ਦੀ ਹੋ ਗਈ, ਜੋ ਵੱਖ-ਵੱਖ ਕੰਪਨੀਆਂ ਦੇ ਸਨ ਅਤੇ ਬਿਨਾਂ ਨੰਬਰ ਪਲੇਟ ਦੇ ਮਿਲੇ ਹਨ। ਪੁਲਸ ਮੁਤਾਬਕ ਇਹ ਗਿਰੋਹ ਕਾਫ਼ੀ ਸਮੇਂ ਤੋਂ ਸਰਗਰਮ ਸੀ ਅਤੇ ਇਹ ਲੋਕ ਸੋਚ-ਸਮਝ ਕੇ ਉਨ੍ਹਾਂ ਥਾਵਾਂ ਨੂੰ ਚੁਣਦੇ ਸਨ ਜਿੱਥੇ ਸੁਰੱਖਿਆ ਪ੍ਰਬੰਧ ਘੱਟ ਹੁੰਦੇ ਸਨ। ਗ੍ਰਿਫ਼ਤਾਰ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾ ਰਿਹਾ ਹੈ ਅਤੇ ਪੁਲਸ ਵੱਲੋਂ ਉਨ੍ਹਾਂ ਦਾ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾਵੇਗੀ, ਜਿਸ ਦੌਰਾਨ ਹੋਰ ਅਹਿਮ ਖੁਲਾਸਿਆਂ ਦੀ ਸੰਭਾਵਨਾ ਹੈ।

## ਭਾਰੀ ਮਾਤਰਾ 'ਚ ਸ਼ਰਾਬ ਬਰਾਮਦ, ਪਤੀ-ਪਤਨੀ ਵਿਰੁੱਧ ਮਾਮਲਾ ਦਰਜ

ਮੋਗਾ 20 ਅਪ੍ਰੈਲ। ਸ਼ਰਾਬ ਸਮੱਗਲਿੰਗ ਦਾ ਧੰਦਾ ਕਰਨ ਵਾਲਿਆਂ ਵਿਰੁੱਧ ਚਲਾਈ ਮੁਹਿੰਮ ਨੂੰ ਉਸ ਸਮੇਂ ਸਫਲਤਾ ਮਿਲੀ ਜਦੋਂ ਧਰਮਕੋਟ ਪੁਲਸ ਨੇ ਛਾਪੇਮਾਰੀ ਦੌਰਾਨ 300 ਬੋਤਲਾਂ ਸ਼ਰਾਬ ਠੇਕਾ ਬਰਾਮਦ ਕਰਕੇ ਇਕ ਔਰਤ ਨੂੰ ਕਾਬੂ ਕੀਤਾ, ਜਦਕਿ ਉਸਦਾ ਪਤੀ ਕਾਬੂ ਨਹੀਂ ਆ ਸਕਿਆ। ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਇੰਸਪੈਕਟਰ ਲਛਮਣ ਸਿੰਘ ਨੇ ਦੱਸਿਆ ਕਿ ਜਦੋਂ ਹੌਲਦਾਰ ਕੁਲਜੀਤ ਸਿੰਘ ਪੁਲਸ ਪਾਰਟੀ ਸਮੇਤ ਪਿੰਡ ਫਤਹਿਗੜ੍ਹ ਕੋਰੋਟਾਨਾ ਕੋਲ ਜਾ ਰਹੇ ਸੀ ਤਾਂ ਉਨ੍ਹਾਂ ਨੂੰ ਗੁਪਤ ਸੂਤਰਾਂ ਤੋਂ ਜਾਣਕਾਰੀ ਮਿਲੀ ਕਿ ਗੁਰਿੰਦਰ ਸਿੰਘ ਅਤੇ ਉਸਦੀ ਪਤਨੀ ਮਿਲ ਕੇ ਸ਼ਰਾਬ ਸਮੱਗਲਿੰਗ ਦਾ ਧੰਦਾ ਕਰਦੇ ਹਨ ਅਤੇ ਉਨ੍ਹਾਂ ਘਰ ਵਿਚ ਭਾਰੀ ਮਾਤਰਾ ਵਿਚ ਸ਼ਰਾਬ ਜਮ?ਹਾ ਕਰ ਕੇ ਰੱਖੀ ਹੋਈ ਹੈ, ਜਿਸ 'ਤੇ ਪੁਲਸ ਪਾਰਟੀ ਨੇ ਤੁਰੰਤ ਉਨ੍ਹਾਂ ਦੇ ਘਰ ਛਾਪੇਮਾਰੀ ਕਰ ਕੇ ਉਥੋਂ 300 ਬੋਤਲਾਂ ਸ਼ਰਾਬ ਠੇਕਾ ਬਰਾਮਦ ਕੀਤੀਆਂ। ਉਕਤ ਮਾਮਲੇ ਵਿਚ ਗੁਰਿੰਦਰ ਸਿੰਘ ਅਤੇ ਉਸਦੀ ਪਤਨੀ ਗੁਰਜੀਤ ਕੌਰ ਨਿਵਾਸੀ ਪਿੰਡ ਫਤਹਿਗੜ੍ਹ ਕੋਰੋਟਾਨਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ, ਥਾਣਾ ਮੁਖੀ ਨੇ ਦੱਸਿਆ ਕਿ ਗੁਰਜੀਤ ਕੌਰ ਨੂੰ ਕਾਬੂ ਕਰ ਲਿਆ ਗਿਆ ਹੈ, ਜਦਕਿ ਉਸਦਾ ਪਤੀ ਗੁਰਿੰਦਰ ਸਿੰਘ ਕਾਬੂ ਨਹੀਂ ਆ ਸਕਿਆ।

# ਆਨਲਾਈਨ ਹਾਜ਼ਰੀ ਪ੍ਰਣਾਲੀ ਅਧਿਆਪਕਾਂ ਲਈ ਬਣੀ ਮੁਸ਼ਕਲਾਂ ਦਾ ਕਾਰਣ

**ਕੌਮੀ ਪਤ੍ਰਿਕਾ**

ਭਵਾਨੀਗੜ੍ਹ 20 ਅਪ੍ਰੈਲ। ਸੂਬੇ ਦੇ ਸਰਕਾਰੀ ਸਕੂਲਾਂ ਵਿਚ ਐੱਮ ਸਟਾਰ ਈ-ਪੰਜਾਬ ਰਾਹੀਂ ਲਾਗੂ ਕੀਤੀ ਗਈ ਆਨਲਾਈਨ ਹਾਜ਼ਰੀ ਪ੍ਰਣਾਲੀ ਅਧਿਆਪਕਾਂ ਲਈ ਮੁਸ਼ਕਲਾਂ ਦਾ ਕਾਰਣ ਬਣ ਰਹੀ ਹੈ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਤੇ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਨੇ ਦੱਸਿਆ ਕਿ ਨਿਯਤ ਸਮੇਂ 'ਤੇ ਐਪ ਰਾਹੀਂ ਹਾਜ਼ਰੀ ਲਗਾਉਣ ਦੌਰਾਨ ਅਕਸਰ ਸਰਵਰ ਬਿਜ਼ੀ ਹੋ ਜਾਂਦਾ ਹੈ ਜਿਸ ਕਾਰਣ ਹਾਜ਼ਰੀ ਦਰਜ ਨਹੀਂ ਹੋ ਪਾਉਂਦੀ। ਪਿੰਡਾਂ ਵਿਚ ਹੌਲੀ ਇੰਟਰਨੈੱਟ ਜਾਂ ਨੈੱਟਵਰਕ ਦੀ ਘਾਟ ਕਾਰਣ ਵੀ ਅਧਿਆਪਕਾਂ ਨੂੰ ਸਮੇਂ ਸਿਰ ਹਾਜ਼ਰੀ ਲਗਾਉਣ ਵਿਚ ਦਿੱਕਤਾਂ ਆ ਰਹੀਆਂ ਹਨ। ਕਈ ਵਾਰ ਕਲਾਕ ਇਨ ਕਰਨ ਤੋਂ ਬਾਅਦ ਵੀ ਸਿਸਟਮ ਆਪਣੇ ਆਪ ਹੀ ਕਲਾਕ ਆਊਟ ਕਰ ਦਿੰਦਾ ਹੈ ਜਿਸ ਨਾਲ ਅਧਿਆਪਕ ਮਾਨਸਿਕ ਤਣਾਅ ਦਾ ਸਾਹਮਣਾ ਕਰ ਰਹੇ ਹਨ। ਅਧਿਆਪਕ ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਈ-ਪੰਜਾਬ, ਆਈਐੱਚਆਰਐੱਮਐੱਸ, ਦੀਕਸ਼ਾ, ਪੰਜਾਬ ਐਡੂਕੇਅਰ ਅਤੇ ਹੋਰ ਐਪਾਂ ਰਾਹੀਂ ਵੱਖ-ਵੱਖ ਕਿਸਮ ਦੀ ਜਾਣਕਾਰੀ ਮੰਗੀ ਜਾਂਦੀ ਹੈ ਤੇ ਅਕਸਰ ਗੂਗਲ ਸ਼ੀਟਾਂ ਭਰਨ ਦੇ ਹੁਕਮ ਵੀ ਦਿੱਤੇ ਜਾਂਦੇ ਹਨ। ਇਸ ਕਾਰਣ ਅਧਿਆਪਕਾਂ ਦਾ ਵੱਡਾ ਸਮਾਂ ਮੋਬਾਈਲ ਜਾਂ ਕੰਪਿਊਟਰ ਸਕਰੀਨ ਸਾਹਮਣੇ ਹੀ ਲੰਘ ਜਾਂਦਾ ਹੈ ਤੇ ਉਹ ਆਪਣੇ ਅਸਲ ਕੰਮ ਪੜ੍ਹਾਉਣ ਤੋਂ ਦੂਰ ਹੋ ਰਹੇ ਹਨ ਜਿਸਦਾ ਸਿੱਧਾ ਅਸਰ ਵਿਦਿਆਰਥੀਆਂ ਦੀ ਪੜ੍ਹਾਈ 'ਤੇ ਪੈਂਦਾ ਹੈ। ਡੀਟੀਐੱਫ ਦੇ ਆਗੂਆਂ ਨੇ ਕਿਹਾ ਕਿ ਉਹ ਤਕਨੀਕ ਦੇ ਵਿਰੋਧੀ ਨਹੀਂ ਹਨ




ਪਰ ਇਸਦੀ ਅਤਿ ਵਰਤੋਂ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਦੂਰ ਕਰ ਰਹੀ ਹੈ। ਉਨ੍ਹਾਂ ਵਿਭਾਗ ਤੋਂ ਮੰਗ ਕੀਤੀ ਕਿ ਸਕੂਲਾਂ ਵਿਚ ਡਾਟਾ ਐਂਟਰੀ ਓਪਰੇਟਰ ਦੀ ਵਿਵਸਥਾ ਕੀਤੀ ਜਾਵੇ ਤੇ ਅਧਿਆਪਕਾਂ ਨੂੰ ਬੇਵਜ?ਹਾ ਐਪਾਂ ਅਤੇ ਗੂਗਲ ਸ਼ੀਟਾਂ ਤੋਂ ਮੁਕਤ ਕਰਕੇ ਉਨ੍ਹਾਂ ਨੂੰ ਪੜ੍ਹਾਈ 'ਤੇ ਧਿਆਨ ਦੇਣ ਲਈ ਸਮਾਂ ਦਿੱਤਾ ਜਾਵੇ।

## ਨੌਜਵਾਨ ਨੂੰ ਡੌਂਕੀ ਰਾਹੀਂ ਵਿਦੇਸ਼ ਭੇਜਣ ਦੇ ਨਾਂ 'ਤੇ 45 ਲੱਖ ਤੋਂ ਵੱਧ ਦੀ ਠੱਗੀ

ਫਿਰੋਜ਼ਪੁਰ 20 ਅਪ੍ਰੈਲ। ਫਿਰੋਜ਼ਪੁਰ ਵਿਖੇ ਇਕ ਨੌਜਵਾਨ ਨੂੰ ਡੌਂਕੀ ਰਾਹੀਂ ਵਿਦੇਸ਼ ਭੇਜਣ 'ਤੇ 45 ਲੱਖ 40 ਰੁਪਏ ਦੀ ਠੱਗੀ ਮਾਰਨ ਦੇ ਦੋਸ਼ 'ਚ ਥਾਣਾ ਕੁੱਲਗੜ੍ਹੀ ਪੁਲਸ ਨੇ 7 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਰਨ ਸ਼ਰਮਾ ਦਿਹਾਤੀ ਫਿਰੋਜ਼ਪੁਰ ਨੇ ਦੱਸਿਆ ਪ੍ਰਾਰਥੀ ਸਾਰਜ ਦੇ ਪੁੱਤਰ ਲਵਪ੍ਰੀਤ ਸਿੰਘ ਨੂੰ ਡੌਂਕੀ ਰਾਹੀਂ ਵਿਦੇਸ਼ ਭੇਜਣ ਸਬੰਧੀ 45 ਲੱਖ 40 ਹਜ਼ਾਰ ਦੀ ਠੱਗੀ ਮਾਰੀ ਗਈ। ਦੋਸ਼ੀਅਨ ਗੁਰਵਿੰਦਰ ਸਿੰਘ ਪੁੱਤਰ ਸਤਨਾਮ ਸਿੰਘ, ਅਰਸ਼ਦੀਪ




ਸਿੰਘ ਪੁੱਤਰ ਗੁਰਵਿੰਦਰ ਸਿੰਘ ਵਾਸੀਅਨ ਗਡੋਡੂ, ਜੋਬਨਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ, ਗੁਰਭੇਜ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀਅਨ ਪੂੰਨੀਆ, ਮਨਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਹਾਬੜੀ, ਗੁਰਦਿੱਤ ਸਿੰਘ ਪੁੱਤਰ ਜਾਨਪਾਲ ਸਿੰਘ ਵਾਸੀ ਪੰਡੋਰੀ, ਜੈਮਲ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਵਲਟੋਹਾ ਨੇ ਉਸ ਨਾਲ ਠੱਗੀ ਮਾਰੀ ਸਾਬਤ ਹੋਈ ਹੈ। ਜਾਂਚ ਅਧਿਕਾਰੀ ਕਰਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀਅਨ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ।

## ਚੋਰਾਂ ਨੇ ਇੱਕੋ ਰਾਤ ਪੰਜ ਦੁਕਾਨਾਂ ਨੂੰ ਬਣਾਇਆ ਨਿਸ਼ਾਨਾ

ਸੰਗਰੂਰ 20 ਅਪ੍ਰੈਲ। ਸਥਾਨਕ ਸ਼ਹਿਰ 'ਚ ਮੰਗਲਵਾਰ ਰਾਤ ਚੋਰਾਂ ਨੇ ਉੱਪਲੀ ਰੋਡ ਅਤੇ ਮਹਿਲਾਂ ਰੋਡ ਉੱਪਰ ਪੰਜ ਦੁਕਾਨਾਂ 'ਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਅਤੇ ਨਕਦੀ ਤੇ ਸਾਮਾਨ ਲੈ ਕੇ ਫਰਾਰ ਹੋ ਗਏ। ਉਕਤ ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਤੁਰੰਤ ਹਰਕਤ 'ਚ ਆ ਗਈ ਅਤੇ ਨਾਕਾਬੰਦੀ ਕਰ ਕੇ ਚੋਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ। ਜਾਣਕਾਰੀ ਅਨੁਸਾਰ ਮਹਿਲਾਂ ਰੋਡ ਉੱਪਰ ਸਥਿਤ ਗੌਰਵ ਸਪੇਅਰ ਪਾਰਟ ਦੀ ਦੁਕਾਨ ਦੇ ਮਾਲਕ ਸੰਦੀਪ ਕੁਮਾਰ ਗੌਰਵ ਨੇ ਦੱਸਿਆ ਕਿ ਰਾਤ ਕਰੀਬ ਸਵਾ ਨੌ ਵਜੇ ਗੁਆਂਢੀਆਂ ਦੇ ਫੋਨ 'ਤੇ ਉਹ ਦੁਕਾਨ 'ਤੇ ਪਹੁੰਚੇ ਤਾਂ ਸ਼ਟਰ ਦੇ ਜਿੰਦੇ ਟੁੱਟੇ ਹੋਏ ਸਨ ਅਤੇ ਗੱਲੇ 'ਚੋਂ ਤਿੰਨ ਹਜ਼ਾਰ ਰੁਪਏ ਗਾਇਬ ਸਨ। ਇਸੇ ਤਰ੍ਹਾਂ ਉੱਪਲੀ ਰੋਡ 'ਤੇ ਸੂਟਾਂ ਦੀ ਸਿਲਾਈ ਦਾ ਕੰਮ ਕਰਨ ਵਾਲੇ ਸੱਤਪਾਲ ਨੇ ਦੱਸਿਆ ਕਿ ਗੁਆਂਢੀਆਂ ਨੇ ਫੋਨ ਕਰ ਕੇ ਜਾਣਕਾਰੀ ਦਿੱਤੀ ਕਿ ਦੁਕਾਨ ਖੁੱਲ੍ਹੀ ਪਈ ਹੈ ਜਦੋਂ ਉਹ ਮੌਕੇ 'ਤੇ ਪਹੁੰਚੇ 'ਤਾ ਸਿਲਾਈ ਲਈ ਆਏ ਤਿੰਨ ਲੇਡੀਜ਼ ਸੂਟ ਚੋਰੀ ਹੋਏ ਮਿਲੇ। ਇਸੇ ਤਰ੍ਹਾਂ ਕਰਿਆਨੇ ਦੀ ਦੁਕਾਨ ਦੇ ਮਾਲਕ ਸਖਵਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਕਰੀਬ ਚਾਲੀ ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ, ਜਿਸ 'ਚੋਂ 30 ਹਜ਼ਾਰ ਰੁਪਏ ਨਕਦ ਅਤੇ ਬਾਕੀ ਦੀਆਂ ਸਿਗਰੇਟਾਂ ਚੋਰੀ ਹੋਈਆਂ ਹਨ। ਇਕ ਮੈਡੀਕਲ ਹਾਲ ਦੇ ਮਾਲਕ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਦੁਕਾਨ 'ਚ ਪਹਿਲਾਂ ਵੀ ਕਈ ਵਾਰ ਚੋਰੀ ਹੋ ਚੁੱਕੀ ਹੈ ਅਤੇ ਹੁਣ ਤੱਕ ਉਨ੍ਹਾਂ ਦਾ ਲੱਗਭਗ 2 ਤੋਂ 2.5 ਲੱਖ ਰੁਪਏ ਦਾ ਨੁਕਸਾਨ ਹੋ ਚੁੱਕਾ ਹੈ। ਵਪਾਰੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਸੁਰੱਖਿਆ ਵਧਾਉਣ ਅਤੇ ਚੋਰਾਂ ਨੂੰ ਜਲਦ ਕਾਬੂ ਕਰਨ ਦੀ ਮੰਗ ਕੀਤੀ ਹੈ। ਇਸ ਸਬੰਧੀ ਸਿਟੀ-1 ਦੇ ਐੱਸ. ਐੱਚ. ਓ. ਇੰਸਪੈਕਟਰ ਸੁਖਦੀਪ ਸਿੰਘ ਨੇ ਦੱਸਿਆ ਕਿ ਚੋਰਾਂ ਦੀ ਜਲਦ ਹੀ ਪੈੜ ਨੱਪ ਕੇ ਉਨ੍ਹਾਂ ਨੂੰ ਕਾਬੂ ਕਰ ਲਿਆ ਜਾਵੇਗਾ।

# ਸਕੂਲ ਵਿਚ ਪਿਸਤੌਲ ਤੇ ਹਥਿਆਰ ਲੈ ਵੜੇ ਬਦਮਾਸ਼ ! ਕੀਤੀ ਹੁਲੱੜਬਾਜ਼ੀ

**ਕੌਮੀ ਪਤ੍ਰਿਕਾ**

ਲੁਧਿਆਣਾ 20 ਅਪ੍ਰੈਲ। ਮਾਡਲ ਟਾਊਨ ਸਥਿਤ ਗੁਰੂ ਨਾਨਕ ਐਜੂਕੇਸ਼ਨ ਟ?ਰਸਟ ਗੁਜਰਖਾਨ ਕੈਂਪਸ ਵਿਚ ਪਿਸਤੌਲ ਅਤੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਨੌਜਵਾਨਾਂ ਨੇ ਹੁਲੱੜਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ। ਸ਼ਿਕਾਇਤ ਮਿਲਣ ਤੋਂ ਬਾਅਦ ਥਾਣਾ ਮਾਡਲ ਟਾਊਨ ਦੀ ਪੁਲਸ ਨੇ ਜਾਂਚ ਤੋਂ ਬਾਅਦ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਬੀ.ਆਰ.ਐੱਸ. ਨਗਰ ਦੇ ਰਹਿਣ ਵਾਲੇ ਗੁਰਵਿੰਦਰ ਸਿੰਘ ਸਰਨਾ ਦੇ ਬਿਆਨਾਂ 'ਤੇ ਨਿਊ ਮਾਡਲ ਟਾਊਨ ਦੇ ਰਹਿਣ ਵਾਲੇ ਸਰਨਬੀਰ ਸਿੰਘ ਸਰਨਾ ਖ਼?ਲਾਫ਼ ਆਰਮਜ਼ ਐਕਟ ਅਤੇ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨ ਵਿਚ ਗੁਰਵਿੰਦਰ ਸਿੰਘ ਸਰਨਾ ਨੇ ਦੱਸਿਆ ਕਿ ਉਹ ਗੁਰੂ ਨਾਨਕ ਐਜੂਕੇਸ਼ਨ ਟ?ਰਸਟ ਗੁਜਰਖਾਨ ਕੈਂਪਸ ਵਿਚ ਬਤੌਰ ਟ?ਰਸਟੀ ਅਤੇ ਜਨਰਲ ਸੈਕ੍ਰਟਰੀ ਸੇਵਾਵਾਂ ਨਿਭਾਅ ਰਿਹਾ ਹੈ। 6 ਅਪ੍ਰੈਲ ਨੂੰ ਉਨ੍ਹਾਂ ਵੱਲੋਂ ਇਕ ਨੋਟਿਸ ਲਗਾਇਆ ਗਿਆ ਸੀ। ਸਕੂਲ ਵਿਚ ਬੱਚਿਆਂ ਦੀ ਸਕਿਓਰਿਟੀ ਲਈ ਗਾਰਡ ਨਿਯੁਕਤ ਕੀਤਾ ਹੋਇਆ ਹੈ। 6 ਅਪ੍ਰੈਲ ਨੂੰ ਸਵੇਰੇ ਕਰੀਬ 9 ਵਜੇ ਉਸ ਨੂੰ ਸਕੂਲ ਤੋਂ ਫੋਨ




ਆਇਆ ਕਿ ਸਕਾਰਪੀਓ ਵਿਚ ਕੁਝ ਲੋਕ ਤੇਜ਼ ਹਥਿਆਰ ਅਤੇ ਪਿਸਤੌਲ ਨਾਲ ਲੈਸ ਹੋ ਕੇ ਆਏ ਅਤੇ ਧੱਕੇ ਨਾਲ ਸਕੂਲ ਦੇ ਅੰਦਰ ਵੜ ਗਏ। ਹਥਿਆਰਬੰਦਾਂ ਨੇ ਇਸ ਦੌਰਾਨ ਡਾਇਰੈਕਟਰ ਰੂਮ ਦੇ ਬਾਹਰ ਲੱਗਿਆ ਹੋਇਆ ਨੋਟਿਸ ਫਾੜ ਦਿੱਤਾ ਅਤੇ ਕਮਰੇ ਨੂੰ ਲੱਗਿਆ ਹੋਇਆ ਤਾਲਾ ਵੀ ਤੋੜ ਦਿੱਤਾ। ਜਦੋਂ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਹਥਿਆਰਬੰਦਾਂ ਨੇ ਗਾਲੀ-ਗਲੋਚ ਕਰਦੇ ਹੋਏ ਸਕਿਓਰਿਟੀ ਗਾਰਡ ਅਤੇ ਹੋਰ ਲੋਕਾਂ ਨਾਲ ਧੱਕਾ-ਮੁੱਕੀ ਕਰਨੀ ਸ਼ੁਰੂ ਕਰ ਦਿੱਤੀ। ਜਿਸ ਕਾਰਨ ਸਕੂਲ ਵਿਚ ਡਰ ਅਤੇ ਦਹਿਸ਼ਤ ਪੈਦਾ ਹੋ ਗਈ ਅਤੇ ਹਥਿਆਰਬੰਦਾਂ ਨੇ ਸਕੂਲ ਦੀ ਪ੍ਰਾਪਰਟੀ ਨੂੰ ਵੀ ਨੁਕਸਾਨ ਪਹੁੰਚਾਇਆ ਅਤੇ ਸਕੂਲ ਵਿਚ ਪਏ ਜ਼ਰੂਰੀ ਕਾਗਜ਼ਾਤ ਵੀ ਖੁਰਦ-ਬੁਰਦ ਕਰ ਦਿੱਤੇ ਅਤੇ ਬਾਅਦ ਵਿਚ ਧਮਕਾਉਂਦੇ ਹੋਏ ਫਰਾਰ ਹੋ ਗਏ। ਸਬ ਇੰਸਪੈਕਟਰ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਮਾਮਲੇ ਨੂੰ ਲੈ ਕੇ ਕਾਰਵਾਈ ਕੀਤੀ ਜਾ ਰਹੀ ਹੈ।

## ਘਰ ਦੇ ਬਾਹਰ ਬਾਹਰ ਖੜ੍ਹੇ ਏ. ਐੱਸ. ਆਈ. ਦੇ ਅਚਾਨਕ ਲੱਗੀ ਗੋਲੀ

ਗੁਰਦਾਸਪੁਰ 20 ਅਪ੍ਰੈਲ। ਏ. ਐੱਸ. ਆਈ. ਅਮਰੀਕ ਸਿੰਘ ਦੇ ਬੀਤੀ ਰਾਤ ਸ਼ੱਕੀ ਹਾਲਾਤ ਵਿਚ ਉਦੋਂ ਪੈਰ 'ਤੇ ਗੋਲੀ ਲੱਗ ਗਈ ਜਦੋਂ ਉਹ ਆਪਣੇ ਰਿਸ਼ਤੇਦਾਰਾਂ ਨਾਲ ਆਪਣੇ ਘਰ ਦੇ ਬਾਹਰ ਖੜ੍ਹੇ ਸਨ । ਅਜੇ ਤੱਕ ਇਹ ਪਤਾ ਨਹੀਂ ਲੱਗਿਆ ਕਿ ਗੋਲੀ ਆਖਿਰ ਆਈ ਕਿਧਰੋਂ ਸੀ ? ਹਾਲਾਂਕਿ ਪੁਲਸ ਅਧਿਕਾਰੀ ਦਾ ਕਹਿਣਾ ਹੈ ਕਿ ਹੋ ਸਕਦਾ ਹੈ ਕਿਸੇ ਨੇ ਹਵਾਈ ਫਾਇਰ ਕੀਤਾ ਹੋਵੇ ਤੇ ਗੋਲੀ ਵਾਪਸ ਡਿੱਗਦੇ ਸਮੇਂ ਅਮਰੀਕ ਸਿੰਘ



ਦੇ ਪੈਰ 'ਤੇ ਵੱਜੀ ਹੋਵੇ। ਜ਼ਖਮੀ ਏ. ਐੱਸ. ਆਈ. ਗੁਰਦਾਸਪੁਰ ਨੇੜਲੇ ਪਿੰਡ ਦਿਓਲ ਦੇ ਰਹਿਣ ਵਾਲਾ ਹੈ। ਉਨ੍ਹਾਂ ਦੱਸਿਆ ਕਿ ਉਹ ਜਦੋਂ ਆਪਣੇ ਘਰ ਆਏ ਕੁਝ ਰਿਸ਼ਤੇਦਾਰਾਂ ਨੂੰ ਬਾਹਰ ਤੱਕ ਛੱਡਣ ਆਇਆ ਤਾਂ ਅਚਾਨਕ ਉਸ ਦੇ ਪੈਰ 'ਤੇ ਇਕ ਗੋਲੀ ਆ ਲੱਗੀ । ਗੋਲੀ ਉੱਪਰ ਵਾਲੀ ਸਾਈਡ ਤੋਂ ਆਈ ਸੀ ਪਰ ਕਿਸ ਨੇ ਚਲਾਈ ਸੀ ਅਤੇ ਕੀ ਉਨ੍ਹਾਂ ਨੂੰ ਟਾਰਗੇਟ ਕੀਤਾ ਗਿਆ ਸੀ ਇਸ ਬਾਰੇ ਅਜੇ ਤੱਕ ਕੁਝ ਪਤਾ ਨਹੀਂ ਲੱਗਿਆ ਹੈ। ਉਧਰ ਪਿੰਡ ਦੇ ਸਰਪੰਚ ਤਰਸੇਮ ਸਿੰਘ ਨੇ ਕਿਹਾ ਕਿ ਮੰਦਭਾਗੀ ਘਟਨਾ ਹੈ ਇਸ ਦੀ ਜਾਂਚ ਹੋਣੀ ਚਾਹੀਦੀ ਹੈ। ਇਸ ਸਬੰਧੀ ਥਾਣਾ ਸਦਰ ਗੁਰਦਾਸਪੁਰ ਦੇ ਐੱਸ. ਐੱਚ. ਓ ਅਮਨਦੀਪ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਗੋਲੀ ਅਸਮਾਨ ਵੱਲੋਂ ਆਈ ਹੈ। ਹੋ ਸਕਦਾ ਹੈ ਕਿ ਕਿਸੇ ਨੇ ਹਵਾਈ ਫਾਇਰ ਕੀਤਾ ਹੋਵੇ ਤੇ ਗੋਲੀ ਵਾਪਸ ਡਿੱਗਦੇ ਸਮੇਂ ਉਨ੍ਹਾਂ ਦੇ ਪੈਰ 'ਤੇ ਵੱਜ ਗਈ ਹੋਵੇ ਪਰ ਇਸ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਦੇਸੀ ਕੱਟਾ ਲੈ ਕੇ ਘੁੰਮ ਰਿਹਾ ਸੀ ਨਾਬਾਲਗ, ਪੁਲਸ ਨੇ ਕੀਤਾ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਫਰੀਦਕੋਟ 20 ਅਪ੍ਰੈਲ। ਫਰੀਦਕੋਟ ਪੁਲਸ ਵੱਲੋਂ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਇਕ ਨਾਬਾਲਗ ਨੌਜਵਾਨ ਨੂੰ ਨਾਜਾਇਜ਼ ਅਸਲੇ ਸਮੇਤ ਕਾਬੂ ਕੀਤਾ ਹੈ। ਸੀ. ਆਈ. ਏ. ਸਟਾਫ਼ ਫਰੀਦਕੋਟ ਦੀ ਟੀਮ ਨੇ ਕਾਰਵਾਈ ਕਰਦਿਆਂ ਨਾਬਾਲਗ ਕੋਲੋਂ ਇਕ ਦੇਸੀ ਕੱਟਾ ਅਤੇ ਤਿੰਨ ਜ਼ਿੰਦਾ ਰੌਂਦ ਬਰਾਮਦ ਕੀਤੇ ਹਨ। ਪੁਲਸ ਨੇ ਇਸ ਸਬੰਧੀ ਅਸਲਾ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ, ਜਦਕਿ ਇਕ ਹੋਰ ਨਾਮਜ਼ਦ ਨਾਬਾਲਗ ਮੁਲਜ਼ਮ ਦੀ ਭਾਲ ਲਈ ਛਾਪੇਮਾਰੀ ਜਾਰੀ ਹੈ। ਮਿਲੀ ਜਾਣਕਾਰੀ ਅਨੁਸਾਰ ਸੀ. ਆਈ. ਏ. ਸਟਾਫ਼ ਦੇ ਸਹਾਇਕ ਥਾਣੇਦਾਰ ਪਰਮਿੰਦਰ ਸਿੰਘ ਸਮੇਤ ਪੁਲਸ ਪਾਰਟੀ ਗਡਾਊਨ ਵੀਰੇਵਾਲਾ ਰੋਡ ਨੇੜੇ ਗਸ਼ਤ ਕਰ ਰਹੀ ਸੀ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ। ਇਸੇ ਦੌਰਾਨ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਇੱਕ ਨਾਬਾਲਗ ਨੌਜਵਾਨ ਨੂੰ ਰੋਕ ਕੇ ਉਸ ਦੀ ਤਲਾਸ਼ੀ




ਲਈ। ਤਲਾਸ਼ੀ ਦੌਰਾਨ ਨਾਬਾਲਗ ਦੇ ਕਬਜ਼ੇ ਵਿਚੋਂ ਇਕ ਦੇਸੀ ਕੱਟਾ .32 ਬੋਰ ਅਤੇ ਤਿੰਨ ਜ਼ਿੰਦਾ ਰੌਂਦ . 32 ਬੋਰ ਬਰਾਮਦ ਹੋਏ। ਪੁਲਸ ਮੁਤਾਬਕ ਬਰਾਮਦ ਰੌਂਦਾਂ ਦੇ ਪੈਂਦੇ 'ਤੇ ™6 7.65 ਦਰਜ ਸੀ। ਪੁਲਸ ਨੇ ਮੌਕੇ 'ਤੇ ਹੀ ਕਾਰਵਾਈ ਕਰਦਿਆਂ ਨਾਬਾਲਗ ਨੂੰ ਕਾਬੂ ਕਰ ਲਿਆ। ਪੁਲਸ ਜਾਂਚ ਦੌਰਾਨ ਸਾਹਮਣੇ ਆਇਆ ਕਿ ਕਾਬੂ ਕੀਤਾ ਗਿਆ ਨਾਬਾਲਗ ਫਰੀਦਕੋਟ ਦੇ ਮੁਹੱਲਾ ਖੋਖਰਾਂ ਦਾ ਰਹਿਣ ਵਾਲਾ ਹੈ। ਉਸ ਖ਼?ਲਾਫ਼ ਥਾਣਾ ਸਿਟੀ ਕੋਤਵਾਲੀ ਫਰੀਦਕੋਟ ਵਿਖੇ ਅਸਲਾ ਐਕਟ ਹੇਠ ਕੇਸ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸ ਨੂੰ ਬਾਲ ਸੁਧਾਰ ਘਰ ਭੇਜ ਦਿੱਤਾ ਗਿਆ। ਇਸ ਮਾਮਲੇ ਵਿੱਚ ਪੁਲਸ ਨੇ ਇਕ ਹੋਰ ਨਾਬਾਲਗ ਨੂੰ ਵੀ ਨਾਮਜ਼ਦ ਕੀਤਾ ਹੈ, ਜੋ ਸੇਠੀਆਂ ਵਾਲਾ ਮੁਹੱਲਾ ਫਰੀਦਕੋਟ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਪੁਲਸ ਟੀਮਾਂ ਵੱਲੋਂ ਉਸ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਨਾਬਾਲਗਾਂ ਕੋਲ ਅਸਲਾ ਕਿੱਥੋਂ ਆਇਆ।

## ਜਲੰਧਰ ਵਿਖੇ ਘਰ ਵਿਚੋਂ ਗੈਸ ਸਿਲੰਡਰ ਤੇ ਨਕਦੀ ਲੈ ਕੇ ਚੋਰ ਹੋਇਆ ਫਰਾਰ

ਜਲੰਧਰ 20 ਅਪ੍ਰੈਲ। ਜਲੰਧਰ ਸ਼ਹਿਰ 'ਚ ਚੋਰੀਆਂ ਲਗਾਤਾਰ ਜਾਰੀ ਹਨ। ਤਾਜ਼ਾ ਘਟਨਾ ਚੀਮਾ ਨਗਰ 'ਚੋਂ ਸਾਹਮਣੇ ਆਈ ਹੈ, ਜਿੱਥੇ ਇਕ ਚੋਰ ਸਾਈਕਲ 'ਤੇ ਆਇਆ ਅਤੇ ਘਰ ਦੇ ਬਾਹਰ ਰੱਖਿਆ ਗੈਸ ਸਿਲੰਡਰ ਅਤੇ ਨਕਦੀ ਲੈ ਕੇ ਭੱਜ ਗਿਆ। ਪੀੜਤਾ ਅਨੁਸਾਰ ਘਟਨਾ ਸਮੇਂ ਉਹ ਘਰ ਦੇ ਅੰਦਰ ਸੀ, ਫ਼ੋਨ 'ਤੇ ਇਕ ਰਿਸ਼ਤੇਦਾਰ ਨਾਲ ਗੱਲ ਕਰ ਰਹੀ ਸੀ। ਇਸ ਦੌਰਾਨ ਇਕ ਨੌਜਵਾਨ ਸਾਈਕਲ 'ਤੇ ਆਇਆ ਅਤੇ ਘਰ ਦੇ ਬਾਹਰ ਰੱਖਿਆ ਗੈਸ ਸਿਲੰਡਰ ਲੈ ਗਿਆ। ਨੇੜੇ ਖੜ੍ਹੇ ਇਕ ਵਿਅਕਤੀ ਨੇ ਨੌਜਵਾਨ ਨੂੰ ਸਿਲੰਡਰ ਲੈਂਦੇ ਵੇਖਿਆ ਪਰ ਉਸ ਨੇ ਸਮਝਿਆ ਕਿ ਸ਼ਾਇਦ ਉਹ ਮਹਿਲਾ ਦੀ ਜਾਣਕਾਰੀ ਵਿਚ ਹੀ ਸਿਲੰਡਰ ਲਿਜਾ ਰਿਹਾ ਹੋਵੇਗਾ। ਇਸ ਲਈ ਉਸਨੇ ਕੋਈ ਸ਼ੱਕ ਨਹੀਂ ਕੀਤਾ। ਜਦੋਂ ਔਰਤ ਕੁਝ ਸਮੇਂ ਬਾਅਦ ਬਾਹਰ ਆਈ ਤਾਂ ਗੈਸ ਸਿਲੰਡਰ ਗਾਇਬ ਸੀ। ਹੋਰ ਜਾਂਚ ਕਰਨ 'ਤੇ ਉਸ ਨੇ ਵੇਖਿਆ ਕਿ ਉਸ ਦਾ ਪਰਸ, ਜਿਸ 'ਚ ਲਗਭਗ 5,000 ਨਕਦੀ ਸੀ, ਵੀ ਚੋਰੀ ਹੋ ਚੁੱਕਾ ਸੀ। ਚੋਰੀ ਦਾ ਪਤਾ ਲੱਗਣ 'ਤੇ ਆਲੇ-ਦੁਆਲੇ ਦੇ ਨਿਵਾਸੀ ਘਬਰਾ ਗਏ ਅਤੇ ਪੁਲਸ ਨੂੰ ਤੁਰੰਤ ਸੂਚਿਤ ਕੀਤਾ ਗਿਆ। ਪੀੜਤ ਨੇ ਪੁਲਸ ਸਟੇਸ਼ਨ ਨੰਬਰ 7 'ਚ ਸ਼ਿਕਾਇਤ ਦਰਜ ਕਰਵਾਈ ਹੈ। ਸੂਚਨਾ ਮਿਲਣ 'ਤੇ ਪੁਲਸ ਦੀ ਇਕ ਟੀਮ ਮੌਕੇ 'ਤੇ



ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਸ਼ੱਕੀ ਦੀ ਪਛਾਣ ਕਰਨ ਲਈ ਨੇੜਲੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਸ਼ੱਕੀ ਨੂੰ ਜਲਦੀ ਹੀ ਫੜ ਲਿਆ ਜਾਵੇਗਾ। ਘਟਨਾ ਤੋਂ ਬਾਅਦ ਸਥਾਨਕ ਨਿਵਾਸੀਆਂ ਨੇ ਸੁਰੱਖਿਆ ਪ੍ਰਤੀ ਚਿੰਤਾ ਪ੍ਰਗਟ ਕੀਤੀ ਹੈ ਅਤੇ ਇਲਾਕੇ 'ਚ ਪੁਲਸ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ।

## ਅੱਧੀ ਰਾਤ ਨੂੰ ਦਹਿਲ ਉਠਿਆ ਪੰਜਾਬ ਦਾ ਇਹ ਪਿੰਡ, ਅੰਨ੍ਹੇਵਾਹ ਚੱਲ ਰਹੀਆਂ ਗੋਲੀਆਂ ਦੀਆਂ ਆਵਾਜ਼ਾਂ ਸੁਣ ਕੰਬੇ ਲੋਕ

ਖਡੂਰ ਸਾਹਿਬ 20 ਅਪ੍ਰੈਲ। ਜ਼ਿਲ੍ਹਾ ਤਰਨਤਾਰਨ ਪੁਲਸ ਥਾਣਾ ਵੈਰੋਵਾਲ ਅਧੀਨ ਆਉਦੇਂ ਪਿੰਡ ਸਰਾਂ ਤਲਵੰਡੀ ਵਿਖੇ ਬੀਤੀ ਦੇਰ ਰਾਤ ਗੋਲੀਆਂ ਚੱਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਮੁੱਖ ਸਿੰਘ ਲਾਡੀ ਨੇ ਦੱਸਿਆ ਕਿ ਉਹ ਬਹਿਕਾ ਵਿਚ ਰਹਿੰਦੇ ਹਨ ਅਤੇ ਬੀਤੀ ਦੇਰ ਰਾਤ ਕੁਝ ਅਣਪਛਾਤਿਆਂ ਵਲੋਂ ਉਨ੍ਹਾਂ ਦੇ ਘਰ ਦੇ ਗੇਟ ਉਪਰ ਅੱਠ ਰੌਂਦ ਫਾਈਰ ਕੀਤੇ ਗਏ ਹਨ, ਜਿਸ ਕਰਕੇ ਸਾਡਾ ਸਾਰਾ ਪਰਿਵਾਰ ਸਹਿਮ ਦੇ ਮਾਹੌਲ ਵਿਚ ਹੈ, ਜਿਸਦੀ ਜਾਣਕਾਰੀ ਉਨ੍ਹਾਂ ਵਲੋਂ ਵੈਰੋਵਾਲ ਦੀ ਪੁਲਸ ਨੂੰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਨੂੰ ਜਿਨ੍ਹਾਂ ਲੋਕਾਂ ਉਪਰ ਸ਼ੱਕ ਹੈ ਉਸ ਸਬੰਧੀ ਵੀ ਪੁਲਸ ਨੂੰ ਦੱਸ ਦਿੱਤਾ ਗਿਆ ਹੈ। ਅੱਧੀ ਰਾਤ ਨੂੰ ਚੱਲੀਆਂ ਅੰਨ੍ਹੇਵਾਹ ਗੋਲੀਆਂ ਦੀਆਂ ਆਵਾਜ਼ਾਂ ਸੁਣ ਕੇ ਆਲੇ ਦੁਆਲੇ ਦੇ ਲੋਕ ਸਹਿਮ ਗਏ। ਇਸ ਮੌਕੇ ਗੁਰਮੁੱਖ ਸਿੰਘ ਤੋਂ ਇਲਾਵਾ ਪਿੰਡ ਦੇ ਸਰਪੰਚ ਜਗਬੀਰ ਸਿੰਘ ਅਤੇ ਹੋਰ ਵਿਅਕਤੀਆਂ ਨੇ ਕਿਹਾ ਕਿ ਪੁਲਸ ਵਲੋਂ ਜਲਦ ਜਾਂਚ ਕਰਕੇ ਮੁਲਜ਼ਮਾਂ ਖ਼?ਲਾਫ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਇਸ ਪਰਿਵਾਰ ਨੂੰ ਇਨਸਾਫ ਮਿਲ ਸਕੇ। ਇਸ ਮੌਕੇ ਥਾਣਾ ਵੈਰੋਵਾਲ ਦੇ ਅਡੀਸ਼ਨਲ ਐੱਸ.ਐੱਚ.ਓ. ਜਸਵਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪੁਲਸ ਵਲੋਂ ਮੌਕਾ ਦੇਖ ਕੇ ਇਸ ਦੀ ਜਾਂਚ ਬਾਰੀਕੀ ਨਾਲ ਕੀਤੀ ਜਾ ਰਹੀ ਹੈ ਜੋ ਵੀ ਇਸਦੇ ਵਿਚ ਦੋਸ਼ੀ ਪਾਇਆ ਗਿਆ ਤਾਂ ਉਸਦੇ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਮੋਬਾਇਲ ਸਨੈਚਿੰਗ ਮਾਮਲੇ 'ਚ 2 ਦੋਸ਼ੀਆਂ ਨੂੰ 5-5 ਸਾਲ ਦੀ ਕੈਦ

ਚੰਡੀਗੜ੍ਹ 20 ਅਪ੍ਰੈਲ। ਜ਼ਿਲ੍ਹਾ ਅਦਾਲਤ ਨੇ ਚਾਰ ਸਾਲ ਪਹਿਲਾਂ ਘਰ ਦੇ ਸਾਹਮਣੇ ਸਨੈਚਿੰਗ ਦੇ ਦੋ ਮੁਲਜ਼ਮਾਂ ਨੂੰ ਦੋਸ਼ੀ ਕਰਾਰ ਦਿੰਦਿਆਂ 5-5 ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਦੋਸ਼ੀਆਂ ਦੀ ਪਛਾਣ ਰਾਹੁਲ ਉਰਫ਼ ਮੋਟਾ ਤੇ ਅੰਕਿਤ ਉਰਫ਼ ਰਾਘਵ ਦੇ ਰੂਪ ਵਿਚ ਹੋਈ। ਕਰੀਬ 4 ਸਾਲ ਪਹਿਲਾਂ 19 ਸਤੰਬਰ 2022 ਨੂੰ ਮਨੀਮਾਜਰਾ ਦੇ ਰਹਿਣ ਵਾਲੇ ਸਤਨਾਮ ਸਿੰਘ ਨੇ ਮੋਬਾਇਲ ਸਨੈਚਿੰਗ ਦੀ ਸ਼ਿਕਾਇਤ ਦਰਜ ਕਰਵਾਈ ਸੀ। ਪੁਲਸ ਨੂੰ ਦੱਸਿਆ ਕਿ ਉਹ ਆਪਣੇ ਘਰ ਬਾਹਰ ਖੜ੍ਹਿ ਆ ਸੀ। ਇਕ ਬਾਈਕ ਆ ਕੇ ਰੁਕੀ, ਜਿਸ 'ਤੇ ਤਿੰਨ ਨੌਜਵਾਨ ਸਵਾਰ ਸੀ। ਉਨ੍ਹਾਂ ਨੇ ਇਕਦਮ ਝਪਟਾ ਮਾਰਕੇ ਫੋਨ ਖੋਹ ਲਿਆ ਅਤੇ ਫ਼ਰਾਰ ਹੋ ਗਏ। ਮਨੀਮਾਜਰਾ ਥਾਣਾ ਪੁਲਸ ਨੇ ਪੀੜਤ ਸਤਨਾਮ ਦੀ ਸ਼ਿਕਾਇਤ 'ਤੇ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰਕੇ ਜਾਂਚ ਸ਼ੁਰੂ ਕੀਤੀ। ਜਾਂਚ ਦੌਰਾਨ ਪੁਲਸ ਨੇ ਅੰਕਿਤ ਨੂੰ ਗ੍ਰਿਫ਼ਤਾਰ ਕੀਤਾ ਸੀ। ਪੁਲਸ ਨੂੰ ਅੰਕਿਤ ਤੋਂ ਪੀੜਤ ਦਾ ਮੋਬਾਈਲ ਵੀ ਬਰਾਮਦ ਹੋ ਗਿਆ ਸੀ। ਅੰਕਿਤ ਦੀ ਨਿਸ਼ਾਨਦੇਹੀ 'ਤੇ ਪੁਲਸ ਨੇ ਰਾਹੁਲ ਉਰਫ਼ ਮੋਟਾ ਨੂੰ ਵੀ ਫੜ ਲਿਆ ਸੀ। ਕਰੀਬ ਚਾਰ ਸਾਲ ਤੱਕ ਚੱਲੀ ਸੁਣਵਾਈ ਦੌਰਾਨ ਅਦਾਲਤ ਨੇ ਮੁਲਜ਼ਮਾਂ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਉਕਤ ਸਜ਼ਾ ਸੁਣਾਈ ਹੈ।

## ਪੰਜਾਬ 'ਚ ਵੱਡੀ ਲੁੱਟ, ਸ਼ਰਾਬ ਠੇਕੇਦਾਰ ਦੇ ਕਰਿੰਦੇ ਕੋਲੋਂ ਨਕਦੀ ਨਾਲ ਭਰਿਆ ਬੈਗ ਖੋਹ ਕੇ 3 ਨਕਾਬਪੋਸ਼ ਫਰਾਰ

ਲੁਧਿਆਣਾ, 20 ਅਪ੍ਰੈਲ। ਸ਼ਹਿਰ ਵਿੱਚ ਬੇਖੌਫ਼ ਲੁਟੇਰਿਆਂ ਨੇ ਇੱਕ ਵਾਰ ਫਿਰ ਪੁਲਸ ਦੇ ਸੁਰੱਖਿਆ ਪ੍ਰਬੰਧਾਂ ਨੂੰ ਚੁਣੌਤੀ ਦਿੰਦੇ ਹੋਏ ਸਨਸਨੀਖੇਜ਼ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਇਸ ਵਾਰ 'ਗੰਗਾਨਗਰ ਗਰੁੱਪ' ਦੇ ਸ਼ਰਾਬ ਠੇਕਿਆਂ ਦਾ ਕੈਸ਼ ਨਿਸ਼ਾਨਾ ਬਣਿਆ ਹੈ। ਥਾਣਾ ਦੁੱਗਰੀ ਅਧੀਨ ਆਉਂਦੀ ਵਿਸ਼ਾਲ ਨਗਰ ਕਾਲੋਨੀ ਵਿੱਚ ਸ਼ੁੱਕਰਵਾਰ ਰਾਤ ਨੂੰ ਮੋਟਰਸਾਈਕਲ ਸਵਾਰ ਤਿੰਨ ਲੁਟੇਰਿਆਂ ਨੇ ਸ਼ਰਾਬ ਠੇਕੇਦਾਰ ਦੇ ਕਰਮਚਾਰੀ ਤੋਂ ਨਕਦੀ ਨਾਲ ਭਰਿਆ ਬੈਗ ਜ਼ਬਰਦਸਤੀ ਖੋਹ ਲਿਆ ਅਤੇ ਮੌਕੇ ਤੋਂ ਫ਼ਰਾਰ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਬੈਗ ਵਿੱਚ ਕਰੀਬ 22.15 ਲੱਖ ਰੁਪਏ ਕੈਸ਼ ਸੀ। ਇਹ ਘਟਨਾ ਕੋਲ ਹੀ ਲੱਗੇ ਸੀਸੀਟੀਵੀ ਵਿੱਚ ਵੀ ਕੈਦ ਹੋ ਗਈ ਹੈ। ਥਾਣਾ ਦੁੱਗਰੀ ਨੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੁਰੂਦੇਵ ਨਗਰ ਨਿਵਾਸੀ ਸ਼ਿਵਕਰਨ ਸਿੰਘ ਬਿਸਲਾ ਨੇ ਦੱਸਿਆ ਕਿ ਉਹ ਸ਼ਰਾਬ ਦੇ ਠੇਕਿਆਂ ਵਿੱਚ ਪਾਰਟਨਰ ਹਨ। ਬੀਤੀ ਰਾਤ ਕਰੀਬ 10:15 ਵਜੇ ਉਨ੍ਹਾਂ ਦਾ ਕਰਮਚਾਰੀ ਅਤੇ ਠੇਕਿਆਂ ਦਾ ਇੰਚਾਰਜ ਹਰਦੀਪ ਸਿੰਘ ਉਰਫ ਹੈਪੀ ਆਪਣੀ ਮਹਿੰਦਰਾ ਬੋਲੇਰੋ ਕੈਂਪਰ ਗੱਡੀ ਵਿੱਚ ਠੇਕਿਆਂ ਤੋਂ ਇਕੱਠਾ ਕੀਤਾ ਗਿਆ ਕੈਸ਼ ਲੈ ਕੇ ਵਿਸ਼ਾਲ ਨਗਰ ਸਥਿਤ ਦਫ਼ਤਰ ਜਾ ਰਿਹਾ ਸੀ। ਜਿਵੇਂ ਹੀ ਹੈਪੀ ਦਫ਼ਤਰ ਦੇ ਬਿਲਕੁਲ ਸਾਹਮਣੇ ਪਹੁੰਚਿਆ, ਪਿੱਛੇ ਤੋਂ ਇੱਕ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ 3 ਅਣਪਛਾਤੇ ਨੌਜਵਾਨਾਂ ਨੇ ਹਮਲਾ ਕਰ ਦਿੱਤਾ। ਲੁਟੇਰਿਆਂ ਨੇ ਝਪਟਾ ਮਾਰ ਕੇ ਕੈਸ਼ ਵਾਲਾ ਬੈਗ ਜ਼ਬਰਦਸਤੀ ਖੋਹ ਕੇ ਫ਼ਰਾਰ ਹੋ ਗਏ। ਘਟਨਾ ਦੀ ਜਾਣਕਾਰੀ ਮਿਲਦੇ ਹੀ ਥਾਣਾ ਦੁੱਗਰੀ ਅਤੇ ਚੌਕੀ ਐੱਸ.ਬੀ.ਐੱਸ. ਨਗਰ ਦੀ ਪੁਲਸ ਸਰਗਰਮ ਹੋ ਗਈ। ਏ.ਐੱਸ.ਆਈ. ਸੁਰਜੀਤ ਸਿੰਘ ਨੇ ਦੱਸਿਆ ਕਿ ਸ਼ਿਵਕਰਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ 3 ਅਣਪਛਾਤੇ ਬਾਈਕ ਸਵਾਰਾਂ ਖਿਲਾਫ ਬੀ.ਐੱਨ.ਐੱਸ. ਦੀ ਧਾਰਾ 304 ਅਤੇ 3(5) ਦੇ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# ਖੰਨਾ ਪੁਲਸ ਵੱਲੋਂ ਨਾਜਾਇਜ਼ ਹਥਿਆਰਾਂ ਸਣੇ 6 ਮੁਲਜ਼ਮ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਖੰਨਾ 20 ਅਪ੍ਰੈਲ। ਖੰਨਾ ਪੁਲਸ ਨੇ ਗੈਂਗਸਟਰਾਂ ਅਤੇ ਨਾਜਾਇਜ਼ ਹਥਿਆਰਾਂ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦੇ ਹੋਏ ਦੋ ਵੱਖ-ਵੱਖ ਮਾਮਲਿਆਂ ਵਿਚ ਕੁੱਲ 6 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਨੇ ਦੋ ਦੇਸੀ ਪਿਸਤੌਲ .32 ਬੋਰ, ਇਕ ਪਿਸਤੌਲ .30 ਬੋਰ, ਮੈਗਜ਼ੀਨ ਅਤੇ ਕਈ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਪੁਲਸ ਜਾਂਚ ਵਿਚ ਇਹ ਵੀ ਸਾਹਮਣੇ ਆਇਆ ਹੈ ਕਿ ਗ੍ਰਿਫਤਾਰ ਮੁਲਜ਼ਮਾਂ ਖਿਲਾਫ ਪਹਿਲਾਂ ਵੀ ਕਤਲ, ਲੁੱਟ-ਖੋਹ, ਆਰਮਜ਼ ਐਕਟ ਅਤੇ ਐਨ.ਡੀ.ਪੀ.ਐਸ. ਐਕਟ ਤਹਿਤ ਕਈ ਮਾਮਲੇ ਦਰਜ ਹਨ। ਸਿਟੀ-2 ਖੰਨਾ ਪੁਲਸ ਨੇ ਜੀ.ਟੀ. ਰੋਡ 'ਤੇ ਦੀ ਸਕਾਰਪੀਓ ਕਾਰ ਨੂੰ



ਚੈਕਿੰਗ ਦੌਰਾਨ ਇਕ ਕਾਲੇ ਰੰਗ ਰੋਕਿਆ। ਕਾਰ ਵਿਚ ਸਵਾਰ ਚਾਰ ਨੌਜਵਾਨਾਂ ਨੇ ਪੁਲਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਉਨ੍ਹਾਂ ਨੂੰ ਫੜ ਲਿਆ। ਜਾਂਚ ਦੌਰਾਨ ਮੁਲਜ਼ਮਾਂ ਕੋਲੋਂ ਇਕ ਦੇਸੀ ਪਿਸਤੌਲ .32 ਬੋਰ ਸਮੇਤ 5 ਜ਼ਿੰਦਾ ਕਾਰਤੂਸ ਅਤੇ ਇਕ ਪਿਸਤੌਲ .30 ਬੋਰ ਸਮੇਤ 13 ਕਾਰਤੂਸ ਬਰਾਮਦ ਕੀਤੇ ਗਏ। ਗ੍ਰਿਫਤਾਰ ਮੁਲਜ਼ਮਾਂ ਦੀ ਪਛਾਣ ਜੋਰਾਵਰ ਸਿੰਘ, ਜੋਬਨਜੀਤ ਸਿੰਘ, ਅਕਾਸ਼ਦੀਪ ਸਿੰਘ ਅਤੇ ਹਰਪ੍ਰੀਤ ਸਿੰਘ ਵਜੋਂ ਹੋਈ ਹੈ। ਪੁਲਸ ਅਨੁਸਾਰ ਜੋਰਾਵਰ ਸਿੰਘ ਨੇ ਪੁਰਾਣੀ ਰੰਜਿਸ਼ ਕਾਰਨ ਆਪਣੀ ਸੁਰੱਖਿਆ ਲਈ ਇਹ ਹਥਿਆਰ ਰੱਖੇ ਹੋਏ ਸਨ। ਇਸ ਸਬੰਧੀ ਥਾਣਾ ਸਿਟੀ-2 ਖੰਨਾ ਵਿਖੇ ਮੁਕੱਦਮਾ ਨੰਬਰ 88 ਦਰਜ ਕੀਤਾ ਗਿਆ ਹੈ। ਜੋਰਾਵਰ ਸਿੰਘ ਕਤਲ ਦੇ ਕੇਸ ਵਿਚ 10 ਸਾਲ ਜੇਲ੍ਹ ਕੱਟਣ ਤੋਂ ਬਾਅਦ ਬਾਹਰ ਆਇਆ ਸੀ ਅਤੇ ਉਸ ਨੂੰ ਦੂਜੀ ਧਿਰ ਤੋਂ ਜਾਨ ਦਾ ਖ਼ਤਰਾ ਸੀ। ਦੂਜੇ ਮਾਮਲੇ ਵਿਚ ਮਾਛੀਵਾੜਾ ਸਾਹਿਬ ਪੁਲਸ ਨੇ ਚੈਕਿੰਗ ਦੌਰਾਨ ਇਕ ਨੌਜਵਾਨ ਰਾਹੁਲ ਸ਼ਰਮਾ ਨੂੰ ਕਾਬੂ ਕੀਤਾ। ਤਲਾਸ਼ੀ ਦੌਰਾਨ ਉਸ ਕੋਲੋਂ ਇਕ ਪਿਸਤੌਲ .32 ਬੋਰ ਮੈਗਜ਼ੀਨ ਸਮੇਤ ਬਰਾਮਦ ਹੋਈ। ਪੁੱਛਗਿੱਛ ਵਿਚ ਸਾਹਮਣੇ ਆਇਆ ਕਿ ਰਾਹੁਲ ਦੀ ਜੇਲ੍ਹ ਵਿਚ ਗੁਰਪ੍ਰੀਤ ਸਿੰਘ ਉਰਫ਼ ਗੁੰਮਾ ਨਾਲ ਦੋਸਤੀ ਹੋਈ ਸੀ ਅਤੇ ਉਸ ਦੇ ਕਹਿਣ 'ਤੇ ਹੀ ਇਹ ਹਥਿਆਰ ਲਿਆ ਗਿਆ ਸੀ। ਪੁਲਸ ਨੇ ਗੁਰਪ੍ਰੀਤ ਸਿੰਘ ਨੂੰ ਵੀ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ ਗ੍ਰਿਫਤਾਰ ਕਰ ਲਿਆ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਸ਼ੂਗਰ ਨੂੰ ਕੰਟਰੋਲ 'ਚ ਰੱਖਦਾ ਹੈ ਟਮਾਟਰ ਦਾ ਜੂਸ, ਜਾਣੋ ਹੋਰ ਵੀ ਬੇਮਿਸਾਲ ਫ਼ਾਇਦੇ



ਟਮਾਟਰ ਦੀ ਰੋਜ਼ ਵਰਤੋਂ ਕਰਨੀ ਸਿਹਤ ਲਈ ਬਹੁਤ ਫ਼ਾਇਦੇਮੰਦ ਹੁੰਦੀ ਹੈ। ਕੈਲਸ਼ੀਅਮ, ਫਾਰਫੋਰਸ ਅਤੇ ਵਿਟਾਮਿਨ-ਸੀ ਦੇ ਗੁਣਾਂ ਨਾਲ ਭਰਪੂਰ ਟਮਾਟਰ ਦਾ ਜੂਸ ਐਸੀਡਿਟੀ, ਮੋਟਾਪਾ ਅਤੇ ਅੱਖਾਂ ਤੱਕ ਦੀ ਸਮੱਸਿਆ ਨੂੰ ਦੂਰ ਕਰਨ 'ਚ ਮਦਦ ਕਰਦਾ ਹੈ। ਆਓ ਜਾਣਦੇ ਹਾਂ ਇਸ ਦੇ ਫ਼ਾਇਦਿਆਂ ਦੇ ਬਾਰੇ 'ਚ...

ਪੌਸ਼ਟਿਕ ਤੱਤਾਂ ਨਾਲ ਭਰਪੂਰ

ਟਮਾਟਰ 'ਚ ਕੈਲੋਰੀ ਦੀ ਮਾਤਰਾ ਬਹੁਤ ਘੱਟ ਹੁੰਦੀ ਹੈ। ਇਸ 'ਚ ਵਿਟਾਮਿਨ-ਏ, ਸੀ ਅਤੇ ਹੋਰ ਪੌਸ਼ਟਿਕ ਤੱਤ ਭਰਪੂਰ ਮਾਤਰਾ 'ਚ ਹੁੰਦੇ ਹਨ, ਜੋ ਬਲੱਡ ਸ਼ੂਗਰ ਨੂੰ ਕੰਟਰੋਲ 'ਚ ਰੱਖਦੇ ਹਨ।

ਕੈਂਸਰ ਤੋਂ ਬਚਾਅ

ਟਮਾਟਰ 'ਚ ਮੌਜੂਦ ਅਲਫਾ ਲਿਪੋਈਕ ਐਸਿਡ, ਕੈਲੋਰੀ, ਫੋਲਿਕ ਐਸਿਡ, ਵੀਟਾ ਕੈਰੋਟੀਨ ਵਰਗੇ ਪੋਸ਼ਕ ਤੱਤ ਤੁਹਾਨੂੰ ਪ੍ਰੋਟੈਸਟ ਕੈਂਸਰ ਵਰਗੀਆਂ ਸਮੱਸਿਆਵਾਂ ਤੋਂ ਬਚਾਉਂਦੇ ਹਨ। ਹਾਲ ਹੀ 'ਚ ਇਕ ਸ਼ੋਧ 'ਚ ਪਤਾ ਚੱਲਿਆ ਹੈ ਕਿ ਰੋਜ਼ਾਨਾ ਇਕ ਟਮਾਟਰ ਖਾਣ ਨਾਲ ਪ੍ਰੋਟੈਸਟ ਕੈਂਸਰ ਵਰਗੀਆਂ ਬੀਮਾਰੀਆਂ ਤੋਂ ਬਚਾਅ ਰਹਿੰਦਾ ਹੈ।

ਦਿਲ ਦੀਆਂ ਬੀਮਾਰੀਆਂ

ਫਾਈਬਰ, ਪੌਟਾਸ਼ੀਅਮ, ਵਿਟਾਮਿਨ-ਸੀ ਅਤੇ ਕੈਲੋਰੀ ਅਤੇ ਭਰਪੂਰ ਟਮਾਟਰ ਤੁਹਾਡੇ ਦਿਲ ਦਾ ਖ਼ਾਸ ਧਿਆਨ ਰੱਖਦਾ ਹੈ। ਇਸ 'ਚ ਮੌਜੂਦ ਲੀਕੋਪੀਨ ਦਿਲ ਲਈ ਫ਼ਾਇਦੇਮੰਦ ਹੁੰਦਾ ਹੈ। ਰੋਜ਼ਾਨਾ ਇਕ ਟਮਾਟਰ ਖਾਣ ਨਾਲ ਦਿਲ ਦੀਆਂ ਬੀਮਾਰੀਆਂ ਤੋਂ ਬਚਣ ਤੋਂ ਇਲਾਵਾ ਤੁਹਾਡੇ ਸਰੀਰ 'ਚ ਕੋਲੈਸਟਰੋਲ ਨੂੰ ਵਧਣ ਤੋਂ ਰੋਕਦਾ ਹੈ।

ਅੱਖਾਂ ਲਈ ਫ਼ਾਇਦੇਮੰਦ

ਰੋਜ਼ ਟਮਾਟਰ ਦਾ 1 ਗਿਲਾਸ ਜੂਸ ਪੀਣ ਨਾਲ ਅੱਖਾਂ ਦੀ ਰੌਸ਼ਨੀ ਤੇਜ਼ ਹੁੰਦੀ ਹੈ। ਇਸ ਤੋਂ ਇਲਾਵਾ ਜੇਕਰ ਤੁਹਾਨੂੰ ਐਨਕ ਲੱਗੀ ਹੈ ਤਾਂ ਦਿਨ 'ਚ 2 ਵਾਰ ਇਸ ਜੂਸ ਦੀ ਵਰਤੋਂ ਕਰੋ। ਤੁਹਾਡੀ ਐਨਕ ਕੁਝ ਸਮੇਂ 'ਚ ਹੀ ਉਤਰ ਜਾਵੇਗੀ।

ਚਮਕਦਾਰ ਚਮੜੀ

ਟਮਾਟਰ ਦਾ ਜੂਸ ਸਿਹਤ ਹੀ ਨਹੀਂ ਸਗੋਂ ਚਿਹਰੇ ਲਈ ਵੀ ਫ਼ਾਇਦੇਮੰਦ ਹੁੰਦਾ ਹੈ। ਇਸ 'ਚ ਮੌਜੂਦ ਐਂਟੀ-ਆਕਸੀਡੈਂਟ, ਵਿਟਾਮਿਨ ਅਤੇ ਕੈਲਸ਼ੀਅਮ ਵਰਗੇ ਗੁਣ ਤੁਹਾਡੀ ਚਮੜੀ ਨੂੰ ਸੂਰਜ ਦੀਆਂ ਨੁਕਸਾਨਦਾਇਕ ਕਿਰਨਾਂ ਦੇ ਪ੍ਰਭਾਵ ਤੋਂ ਬਚਾਉਂਦੇ ਹਨ। ਜਿਸ ਦੇ ਨਾਲ ਤੁਹਾਨੂੰ ਰੈਸ਼ੇਜ ਅਤੇ ਸਨਟੈਨ ਵਰਗੀਆਂ ਪ੍ਰੇਸ਼ਾਨੀਆਂ ਨਹੀਂ ਹੁੰਦੀਆਂ।

ਭਾਰ ਘਟਾਉਣ 'ਚ ਮਦਦਗਾਰ

ਇਸ ਦੀ ਵਰਤੋਂ ਕਰਨ ਨਾਲ ਭਾਰ ਵੀ ਘੱਟ ਹੁੰਦਾ ਹੈ। ਰੋਜ਼ ਸਵੇਰੇ ਖਾਲੀ ਢਿੱਡ ਟਮਾਟਰ ਦਾ ਜੂਸ ਪੀਓ। ਤੁਹਾਨੂੰ ਕੁਝ ਸਮੇਂ 'ਚ ਹੀ ਫਰਕ ਨਜ਼ਰ ਆਉਣ ਲੱਗੇਗਾ।

ਲਿਵਰ ਡਿਟਾਕਸ

ਲਿਵਰ ਨੂੰ ਡਿਟਾਕਸ ਕਰਨ ਲਈ ਇਹ ਸਭ ਤੋਂ ਚੰਗਾ ਤਰੀਕਾ ਹੈ। ਇਸ ਦੀ ਵਰਤੋਂ ਬਾਡੀ ਅਤੇ ਲਿਵਰ 'ਚੋਂ ਸਾਰੇ ਜ਼ਹਿਰੀਲੇ ਪਦਾਰਥ ਕੱਢ ਕੇ ਲਿਵਰ ਨੂੰ ਸਿਹਤਮੰਦ ਰੱਖਦਾ ਹੈ। ਇਸ ਦੇ ਨਾਲ ਹੀ ਇਹ ਸਰੀਰ ਨੂੰ ਹੋਣ ਵਾਲੇ ਕਈ ਨੁਕਸਾਨਾਂ ਤੋਂ ਵੀ ਬਚਾਉਂਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਦੀ ਹੈ 'ਮੂਲੀ', ਹੋਰ ਵੀ ਜਾਣੋ ਲਾਜਵਾਬ ਫਾਇਦੇ



ਹਰ ਘਰ 'ਚ ਮੂਲੀ ਦੀ ਵਰਤੋਂ ਸਲਾਦ, ਸਬਜ਼ੀ ਜਾਂ ਪਰੌਂਠੇ ਬਣਾਉਣ ਲਈ ਕੀਤੀ ਜਾਂਦੀ ਹੈ। ਮੂਲੀ ਖਾਣ ਲਈ ਜਿੰਨੀ ਕੋੜੀ ਹੁੰਦੀ ਹੈ, ਉਨੀ ਹੀ ਇਹ ਸਿਹਤ ਲਈ ਲਾਹੇਵੰਦ ਵੀ ਹੁੰਦੀ ਹੈ। ਆਯੁਰਵੇਦ 'ਚ ਤਾਂ ਇਸ ਨੂੰ ਲੀਵਰ ਅਤੇ ਪੇਟ ਲਈ ਕੁਦਰਤੀ ਪਿਊਰੀਫਾਇਰ ਮੰਨਿਆ ਜਾਂਦਾ ਹੈ। ਅੱਜ ਅਸੀਂ ਤੁਹਾਨੂੰ ਮੂਲੀ ਖਾਣ ਦੇ ਫਾਇਦਿਆਂ ਬਾਰੇ ਹੀ ਦੱਸਣ ਜਾ ਰਹੇ ਹਾਂ।

ਮੂਲੀ 'ਚ ਹੁੰਦੇ ਇਹ ਪੌਸ਼ਟਿਕ ਤੱਤ

ਮੂਲੀ 'ਚ ਬਹੁਤ ਸਾਰੇ ਪੌਸ਼ਟਿਕ ਤੱਤ ਹੁੰਦੇ ਹਨ, ਜੋ ਸਰੀਰ ਨੂੰ ਬੀਮਾਰੀਆਂ ਤੋਂ ਦੂਰ ਰੱਖਣ 'ਚ ਮਦਦ ਕਰਦੇ ਹਨ। 100 ਗ੍ਰਾਮ ਮੂਲੀ 'ਚ ਲਗਭਗ 18 ਗ੍ਰਾਮ ਕੈਲੋਰੀ,0.1 ਗ੍ਰਾਮ ਫੈਟ, 4.1 ਗ੍ਰਾਮ ਕਾਰਬੋਹਾਈਡ੍ਰੇਟ, 1.6 ਗ੍ਰਾਮ ਡਾਇਟ੍ਰੀ ਫਾਈਬਰ,2.5 ਗ੍ਰਾਮ ਸ਼ੂਗਰ, 0.6 ਗ੍ਰਾਮ ਪ੍ਰੋਟੀਨ, 36 ਫੀਸਦੀ ਵਿਟਾਮਿਨ ਸੀ, 2 ਫੀਸਦੀ ਕੈਲਸ਼ੀਅਮ,2 ਫੀਸਦੀ ਆਇਰਨ ਅਤੇ 4 ਫੀਸਦੀ ਮੈਗਨੀਸ਼ੀਅਮ ਹੁੰਦਾ ਹੈ।

ਜਾਣੋ ਕੀ ਨੇ ਮੂਲੀ ਖਾਣ ਦੇ ਫਾਇਦੇ

ਜ਼ਹਿਰੀਲੇ ਪਦਾਰਥਾਂ ਨੂੰ ਸਰੀਰ ਵਿਚੋਂ ਕੱਢੇ ਬਾਹਰ

ਮੂਲੀ 'ਚ ਮੌਜੂਦ ਪੌਸ਼ਟਿਕ ਤੱਤਾਂ ਦੇ ਕਾਰਨ ਇਸ ਨੂੰ ਕੁਦਰਤੀ ਕਲੀਂਜਰ ਕਿਹਾ ਜਾਂਦਾ ਹੈ। ਰੋਜ਼ਾਨਾ ਮੂਲੀ ਦਾ ਰਸ ਪੀਣ ਨਾਲ ਸਰੀਰ ਡਿਟਾਕਸ ਹੁੰਦਾ ਹੈ, ਜਿਸ ਨਾਲ ਸਰੀਰ 'ਚ ਮੌਜੂਦ ਜ਼ਹਿਰੀਲੇ ਪਦਾਰਥ ਨਿਕਲ ਜਾਂਦੇ ਹਨ।

ਮਜ਼ਬੂਤ ਪਾਚਨ ਤੰਤਰ

ਕੱਚੀ ਮੂਲੀ ਦੀ ਵਰਤੋਂ ਜਾਂ ਫਿਰ ਇਸ ਦੇ ਰਸ 'ਚ ਨਮਕ ਮਿਲਾ ਕੇ ਪੀਣ ਨਾਲ ਪਾਚਨ ਸ਼ਕਤੀ ਮਜ਼ਬੂਤ ਹੁੰਦੀ ਹੈ। ਇਸ ਤੋਂ ਇਲਾਵਾ ਇਸ ਨਾਲ ਪੇਟ ਦੇ ਕੀੜੇ ਵੀ ਨਸ਼ਟ ਹੋ ਜਾਂਦੇ ਹਨ।

ਪੇਟ ਦੀਆਂ ਸਮੱਸਿਆਵਾਂ ਕਰੇ ਦੂਰ

ਪੇਟ ਨਾਲ ਜੁੜੀ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨੂੰ ਦੂਰ ਕਰਨ ਲਈ ਮੂਲੀ ਦੇ ਰਸ 'ਚ ਅਦਰਕ ਅਤੇ ਨਿੰਬੂ ਦਾ ਰਸ ਮਿਲਾ ਕੇ ਪੀਓ। ਇਸ ਨਾਲ ਤੁਹਾਨੂੰ ਪੇਟ ਨਾਲ ਜੁੜੀ ਹਰ ਪ੍ਰੇਸ਼ਾਨੀ ਤੋਂ ਛੁਟਕਾਰਾ ਮਿਲ ਜਾਵੇਗਾ।

ਲੀਵਰ ਲਈ ਫਾਇਦੇਮੰਦ

ਜੇਕਰ ਤੁਹਾਨੂੰ ਲੀਵਰ ਨਾਲ ਜੁੜੀ ਕੋਈ ਵੀ ਸਮੱਸਿਆ ਹੈ ਤਾਂ ਨਿਯਮਿਤ ਰੂਪ ਨਾਲ ਮੂਲੀ ਦੀ ਵਰਤੋਂ ਕਰੋ। ਮੂਲੀ ਵਰਤੋਂ ਕਰਨ ਨਾਲ ਲੀਵਰ ਦੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ।

ਬਲੱਡ ਪ੍ਰੈਸ਼ਰ ਰੱਖੇ ਕੰਟਰੋਲ

ਮੂਲੀ 'ਚ ਐਂਟੀ-ਆਕਸੀਡੈਂਟ ਗੁਣ ਮੌਜੂਦ ਹੁੰਦੇ ਹਨ ਜੋ ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ 'ਚ ਕਰਦੇ ਹਨ।

ਪੀਲੀਆ ਕਰੇ ਦੂਰ

ਮੂਲੀ ਪੀਲੀਆ ਦੂਰ ਕਰਨ ਵਿਚ ਵੀ ਕਾਫ਼ੀ ਮਦਦਗਾਰ ਸਾਬਤ ਹੁੰਦੀ ਹੈ। ਪੀਲੀਆ ਰੋਗ ਹੋਣ @ਤੇ ਤਾਜ਼ੀ ਮੂਲੀ ਦਾ ਰਸ ਪੀਓ। ਇਸ ਤੋਂ ਇਲਾਵਾ ਰੋਜ਼ ਸਵੇਰੇ 1 ਮੂਲੀ ਖਾਣ ਨਾਲ ਵੀ ਪੀਲੀਆ ਰੋਗ ਦੂਰ ਹੋ ਜਾਂਦਾ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਖਾਲੀ ਢਿੱਡ ਸੰਤਰੇ ਸਣੇ ਭੁੱਲ ਕੇ ਵੀ ਨਾ ਖਾਓ ਇਹ ਵਸਤੂਆਂ, ਸਿਹਤ ਨੂੰ ਹੋਵੇਗਾ ਨੁਕਸਾਨ

ਕੁਝ ਚੀਜ਼ਾਂ 'ਚ ਐਸਿਡ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਰਾਤ ਭਰ ਢਿੱਡ ਖਾਲੀ ਰਹਿਣ ਨਾਲ ਢਿੱਡ 'ਚ ਐਸਿਡ ਦਾ ਪੱਧਰ ਉਂਝ ਵੀ ਵੱਧ ਜਾਂਦਾ ਹੈ। ਅਜਿਹੀ ਹਾਲਤ 'ਚ ਐਸਿਡ ਪੱਧਰ ਵਧਾਉਣ ਵਾਲੀਆਂ ਚੀਜ਼ਾਂ ਖਾਣ ਨਾਲ ਢਿੱਡ ਨੂੰ ਕਈ ਬੀਮਾਰੀਆਂ ਜਿਵੇ ਗੈਸ ਦੀ ਪਰੇਸ਼ਾਨੀ ਹੋ ਸਕਦੀ ਹੈ। ਆਓ ਜਾਣਦੇ ਹਾਂ ਅਜਿਹੀਆਂ ਹੀ ਕੁਝ ਵਸਤੂਆਂ ਦੇ ਬਾਰੇ 'ਚ ਜਿਨ੍ਹਾਂ ਨੂੰ ਖਾਲੀ ਢਿੱਡ ਨਹੀਂ ਖਾਣਾ ਚਾਹੀਦਾ।

ਅੰਬ

ਇਸ ਦੀ ਤਾਸੀਰ ਗਰਮ ਹੁੰਦੀ ਹੈ। ਇਸ ਨੂੰ ਖਾਲੀ ਢਿੱਡ ਖਾਣ ਨਾਲ ਐਸਿਡ ਪੱਧਰ ਵੱਧ ਜਾਂਦਾ ਹੈ ਅਤੇ ਗੈਸ ਹੁੰਦੀ ਹੈ

ਤਰਬੂਜ

ਇਸ 'ਚ ਆਇਰਨ, ਮੈਗਾਨੀਸ਼ੀਅਮ, ਪੋਟਾਸ਼ੀਅਮ ਹੁੰਦਾ ਹੈ। ਖਾਲੀ ਢਿੱਡ ਤਰਬੂਜ ਖਾਣ ਨਾਲ ਗੈਸ ਹੋ ਸਕਦੀ ਹੈ।

ਸੰਤਰਾ

ਸੰਤਰੇ ਨਾਲ ਐਸਿਡ ਜ਼ਿਆਦਾ ਹੁੰਦਾ ਹੈ। ਜੇਕਰ ਖਾਲੀ ਢਿੱਡ ਸੰਤਰਾ ਖਾਂਦੇ ਹੋ ਤਾਂ ਐਸਿਡ ਦੀ ਮਾਤਰਾ ਵਧਦੀ ਹੈ।

ਦਹੀਂ

ਇਸ 'ਚ ਮੌਜੂਦ ਪ੍ਰੋਬਾਓਟਿਕ ਬੈਕਟੀਰੀਆ ਖਾਲੀ ਢਿੱਡ ਐਸਿਡ ਪੱਧਰ ਵਧਾਉਂਦੇ ਹਨ। ਇਸ ਨਾਲ ਢਿੱਡ 'ਚ ਜਲਨ ਹੋ ਸਕਦੀ ਹੈ।

ਕੇਲਾ

ਕੇਲੇ 'ਚ ਮੈਗਨੀਸ਼ੀਅਮ ਜ਼ਿਆਦਾ ਹੁੰਦਾ ਹੈ। ਇਸ ਨੂੰ ਖਾਲੀ ਢਿੱਡ ਖਾਣ ਨਾਲ ਕੈਲਸ਼ੀਅਮ, ਮੈਗਨੀਸ਼ੀਅਮ ਦਾ ਬੈਲੇਂਸ ਵਿਗੜਦਾ ਹੈ। ਇਸ ਨਾਲ ਛਾਤੀ 'ਚ ਜਲਨ ਹੋ ਸਕਦੀ ਹੈ।

**ਚਾਹ-** ਚਾਹ 'ਚ ਐਸਿਡ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਖਾਲੀ ਢਿੱਡ ਚਾਹ ਪੀਣ ਨਾਲ ਢਿੱਡ 'ਚ ਜਲਨ ਅਤੇ ਦਰਦ ਹੋ ਸਕਦੀ ਹੈ।

ਕੋਲਡ ਡਰਿੰਕ

ਇਸ 'ਚ ਕਾਰਬੋਨੇਟ ਐਸਿਡ ਹੁੰਦਾ ਹੈ। ਇਸ ਨੂੰ ਖਾਲੀ ਢਿੱਡ ਪੀਣ ਨਾਲ ਉਲਟੀ ਹੋ ਸਕਦੀ ਹੈ।

**ਮਿੱਠੀਆਂ ਚੀਜ਼ਾਂ**



ਖਾਲੀ ਢਿੱਡ ਮਿੱਠੀਆਂ ਚੀਜ਼ਾਂ ਖਾਣ ਨਾਲ ਸਰੀਰ 'ਚ ਬਲੱਡ ਸ਼ੂਗਰ ਪੱਧਰ ਵਧਦਾ ਹੈ। ਜਿਸ ਨਾਲ ਅੱਖਾਂ ਦੀਆਂ ਬੀਮਾਰੀਆਂ ਵੀ ਹੋ ਸਕਦੀਆਂ ਹਨ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਮੋਮੋਜ਼ ਦੀ ਜ਼ਿਆਦਾ ਚਟਨੀ ਖਾਣ ਵਾਲੇ ਹੋ ਜਾਓ ਸਾਵਧਾਨ, ਬਾਵਾਸੀਰ ਸਣੇ ਹੋ ਸਕਦੀਆਂ ਨੇ ਇਹ ਸਮੱਸਿਆਵਾਂ

ਅੱਜ ਦੇ ਸਮੇਂ 'ਚ ਲੋਕ ਘਰ ਦਾ ਖਾਣਾ ਘੱਟ ਅਤੇ ਫਾਸਟ ਫੂਡ ਨੂੰ ਜ਼ਿਆਦਾ ਪਸੰਦ ਕਰਦੇ ਹਨ ਜਿਸ ਦੀ ਜ਼ਿਆਦਾ ਵਰਤੋਂ ਸਾਡੀ ਸਿਹਤ ਨੂੰ ਨੁਕਸਾਨ ਪਹੁੰਚਾਉਂਦੀ ਹੈ। ਜੇਕਰ ਕੁਝ ਖਾਣ ਨੂੰ ਨਹੀਂ ਮਿਲਦਾ ਜਾਂ ਫਿਰ ਘਰ 'ਚ ਬਣਿਆ ਖਾਣਾ ਪਸੰਦ ਨਹੀਂ ਆਇਆ ਤਾਂ ਲੋਕਾਂ ਲਈ ਫਾਸਟ ਫੂਡ ਹੀ ਲਾਸਟ ਆਪਸ਼ਨ ਬੱਚਦੀ ਹੈ। ਹੁਣ ਫਾਸਟ ਫੂਡ 'ਚ ਵੀ ਲੋਕਾਂ ਨੂੰ ਉਹ ਵਸਤੂਆਂ ਜ਼ਿਆਦਾਤਰ ਪਸੰਦ ਹੁੰਦੀਆਂ ਹਨ ਜੋ ਤਿੱਖੀਆਂ (ਸਪਾਈਸੀ) ਹੁੰਦੀਆਂ ਹਨ। ਕਈ ਲੋਕ ਤਾਂ ਆਪਣੇ ਭੋਜਨ 'ਚ ਇੰਨੀ ਮਿਰਚ ਪਵਾਉਂਦੇ ਹਨ ਕਿ ਚਾਹੇ ਉਨ੍ਹਾਂ ਦੀਆਂ ਅੱਖਾਂ 'ਚੋਂ ਪਾਣੀ ਨਿਕਲ ਆਵੇ ਪਰ ਲੋਕ ਹਨ ਕਿ ਮੰਨਦੇ ਨਹੀਂ। ਖ਼ਾਸਕਰ ਮੋਮੋਜ਼ ਦੀ ਚਟਨੀ ਨਾਲ ਤਾਂ ਇਸ ਤਰ੍ਹਾਂ ਹੀ ਹੁੰਦਾ ਹੈ। ਮੋਮੋਜ਼ ਦੇ ਨਾਲ ਦੋ ਚਟਨੀਆਂ ਮਿਲਦੀਆਂ ਹਨ ਪਰ ਲੋਕ ਤਿੱਖੀ ਚਟਨੀ ਨੂੰ ਜ਼ਿਆਦਾ ਪਸੰਦ ਕਰਦੇ ਹਨ ਪਰ ਸੁਆਦ-ਸੁਆਦ 'ਚ ਖਾਧੀ ਗਈ ਇਹ ਚਟਨੀ ਤੁਹਾਡੇ ਲਈ ਪਰੇਸ਼ਾਨੀ ਦਾ ਕਾਰਨ ਬਣ ਸਕਦੀ ਹੈ ਅਤੇ ਜੇ ਤੁਸੀਂ ਇਸ ਨੂੰ ਚਟਕਾਰੇ ਲੈ ਕੇ ਖਾਂਦੇ ਹਨ ਤਾਂ ਅੱਜ ਤੋਂ ਹੀ ਇਸ ਦੇ ਨੁਕਸਾਨ ਜਾਣ ਲਓ ਨਹੀਂ ਤਾਂ ਤੁਹਾਨੂੰ ਅੱਗੇ ਜਾ ਕੇ ਪਛਤਾਉਣਾ ਪੈ ਸਕਦਾ ਹੈ।

ਢਿੱਡ ਦਰਦ ਦੀ ਸਮੱਸਿਆ

ਮੋਮੋਜ਼ ਦੀ ਤਿੱਖੀ ਚਟਨੀ ਭਲੇ ਹੀ ਤੁਹਾਨੂੰ ਖਾਣ 'ਚ ਬਹੁਤ ਸੁਆਦ ਲੱਗੇ ਪਰ ਇਸ ਦੀ ਲਗਾਤਾਰ ਵਰਤੋਂ ਨਾਲ ਢਿੱਡ ਦਰਦ ਹੋ ਸਕਦਾ ਹੈ। ਇਸ ਦਾ ਇਕ ਕਾਰਨ ਹੈ ਇਸ 'ਚ ਭਰਪੂਰ ਲਾਲ ਮਿਰਚ ਦੀ ਵਰਤੋਂ ਕੀਤੀ ਜਾਂਦੀ ਹੈ ਜਿਸ ਕਾਰਨ ਇਹ ਤੁਹਾਨੂੰ ਫ਼ਾਇਦਾ ਨਹੀਂ ਨੁਕਸਾਨ ਪਹੁੰਚਾਉਂਦੀ ਹੈ। ਇਸ ਦੀ ਵਰਤੋਂ ਨਾਲ ਤੁਹਾਨੂੰ ਢਿੱਡ 'ਚ ਦਰਦ ਦੀ ਸਮੱਸਿਆ ਹੋ ਸਕਦੀ ਹੈ ਇਸ ਲਈ ਮੋਮੋਜ਼ ਦੀ ਲਾਲ ਚਟਨੀ ਜਿੰਨੀ ਘੱਟ ਹੋ ਸਕੇ ਉਨ੍ਹੀ ਹੀ ਖਾਓ।

ਗੈਸ ਦੀ ਸਮੱਸਿਆ

ਮੋਮੋਜ਼ ਦੀ ਚਟਨੀ 'ਚ ਕਈ ਵਾਰੀ ਤਾਂ ਤਿੱਖੀ ਮਿਰਚ ਚੰਗੀ ਤਰ੍ਹਾਂ



ਪੀਸੀ ਹੋਈ ਵੀ ਨਹੀਂ ਹੁੰਦੀ ਜਿਸ ਕਾਰਨ ਤੁਹਾਨੂੰ ਗੈਸ ਦੀ ਸਮੱਸਿਆ ਹੋ ਜਾਂਦੀ ਹੈ। ਉਂਝ ਵੀ ਲਾਲ ਮਿਰਚ ਤੁਹਾਡੀ ਸਿਹਤ ਨੂੰ ਕਿਸੇ ਵੀ ਤਰੀਕੇ ਨਾਲ ਲਾਭ ਨਹੀਂ ਪਹੁੰਚਾਉਂਦੀ ਇਸ ਨਾਲ ਤੁਹਾਨੂੰ ਨੁਕਸਾਨ ਹੀ ਹੁੰਦੇ ਹਨ। ਜੇ ਤੁਸੀਂ ਰੋਜ਼ ਮੋਮੋਜ ਖਾਂਦੇ ਹੋ ਜਾਂ ਇਸ ਦੀ ਚਟਨੀ ਦੀ ਵਰਤੋਂ ਕਰਦੇ ਹੋ ਤਾਂ ਤੁਹਾਨੂੰ ਢਿੱਡ 'ਚ ਗੈਸ ਅਤੇ ਐਸਿਡਿਟੀ ਦੀ ਸਮੱਸਿਆ ਹੋ ਸਕਦੀ ਹੈ।

ਪਾਚਨ ਤੰਤਰ 'ਚ ਸਮੱਸਿਆ ਹੋਣਾ

ਜਦੋਂ ਵੀ ਤੁਹਾਨੂੰ ਢਿੱਡ ਦੀ ਕੋਈ ਸਮੱਸਿਆ ਹੁੰਦੀ ਹੈ ਤਾਂ ਡਾਕਟਰ ਤੁਹਾਨੂੰ ਇਹੀ ਸਲਾਹ ਦਿੰਦੇ ਹਨ ਕਿ ਤੁਸੀਂ ਘੱਟੋ-ਘੱਟ ਮਿਰਚਾਂ ਵਾਲੀਆਂ ਚੀਜ਼ਾਂ ਖਾਓ। ਦੂਜੇ ਪਾਸੇ ਜੇ ਤੁਸੀਂ ਮੋਮੋਜ਼ ਦੀ ਚਟਨੀ ਖਾਂਦੇ ਹੋ ਤਾਂ ਇਸ ਨਾਲ ਤੁਹਾਡਾ ਪਾਚਨ ਤੰਤਰ ਵੀ ਕਮਜ਼ੋਰ ਹੁੰਦਾ ਹੈ। ਤੁਹਾਨੂੰ ਖਾਣਾ ਹਜ਼ਮ ਕਰਨ 'ਚ ਮੁਸ਼ਕਿਲ ਆਉਂਦੀ ਹੈ

ਹੋ ਸਕਦੀ ਹੈ ਬਾਵਾਸੀਰ

ਜ਼ਿਆਦਾ ਮਿਰਚ ਅਤੇ ਜ਼ਿਆਦਾ ਮੋਮੋਜ਼ ਦੀ ਚਟਨੀ ਦੀ ਵਰਤੋਂ ਕਰਨ ਨਾਲ ਤੁਹਾਨੂੰ ਬਾਵਾਸੀਰ ਦੀ ਸਮੱਸਿਆ ਹੋ ਸਕਦੀ ਹੈ ਜਿਸ ਨਾਲ ਤੁਹਾਨੂੰ ਬਹੁਤ ਮੁਸ਼ਕਿਲ ਹੋ ਸਕਦੀ ਹੈ। ਇਸ ਲਈ ਜੇ ਤੁਸੀਂ ਲਗਾਤਾਰ ਇਸ ਦੀ ਵਰਤੋਂ ਕਰ ਰਹੇ ਹੋ ਤਾਂ ਤੁਹਾਨੂੰ ਇਹ ਪਰੇਸ਼ਾਨੀਆਂ ਹੋ ਸਕਦੀਆਂ ਹਨ ਅਤੇ ਬਹੁਤ ਸਾਰੀਆਂ ਬਿਮਾਰੀਆਂ ਤੁਹਾਨੂੰ ਘੇਰ ਸਕਦੀਆਂ ਹਨ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਅੱਖਾਂ ਲਈ ਲਾਹੇਵੰਦ ਹਨ ਅੰਗੂਰ, ਜਾਣੋ ਹੋਰ ਵੀ ਬੇਮਿਸਾਲ ਫ਼ਾਇਦੇ

ਅੰਗੂਰ ਖਾਣ ਨਾਲ ਅੱਖਾਂ ਨੂੰ ਬੇਹੱਦ ਬਹੁਤ ਫ਼ਾਇਦਾ ਹੁੰਦਾ ਹੈ। ਇਸ 'ਚ ਮੌਜੂਦ ਐਂਟੀ-ਆਕਸੀਡੈਂਟ ਨਾਂ ਦੇ ਪੋਸ਼ਕ ਤੱਤ ਅੱਖਾਂ ਲਈ ਬੇਹੱਦ ਫ਼ਾਇਦੇਮੰਦ ਹੁੰਦੇ ਹਨ। ਅੰਗੂਰ ਇਕ ਕੁਦਰਤੀ ਫ਼ਲ ਹੈ। ਇਹ ਖਾਣ 'ਚ ਕਾਫ਼ੀ ਮਿੱਠਾ ਅਤੇ ਸੁਆਦ ਹੁੰਦਾ ਹੈ। ਅੰਗੂਰ 'ਚ ਕਈ ਕਿਸਮਾਂ ਪਾਈਆ ਜਾਂਦੀਆਂ ਹਨ। ਜਿਵੇਂ-ਲੰਬੇ ਅੰਗੂਰ, ਕਾਲੇ ਅੰਗੂਰ, ਛੋਟੇ ਅੰਗੂਰ, ਆਦਿ। ਇਸ 'ਚ ਵਿਟਾਮਿਨ-ਸੀ, ਈ, ਫਾਈਬਰ ਅਤੇ ਕੈਲੋਰੀ ਭਰਪੂਰ ਮਾਤਰਾ 'ਚ ਪਾਏ ਜਾਂਦੇ ਹਨ ਜੋ ਦਿਲ ਦੇ ਦੌਰੇ ਅਤੇ ਸ਼ੂਗਰ ਵਰਗੀਆਂ ਬੀਮਾਰੀਆਂ ਨਾਲ ਲੜਣ 'ਚ ਮਦਦ ਕਰਦੇ ਹਨ। ਆਓ ਜਾਣਦੇ ਹਾਂ ਅੰਗੂਰ ਨਾਲ ਸਰੀਰ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ...



ਪੋਸ਼ਕ ਤੱਤਾਂ ਨਾਲ ਭਰਪੂਰ

ਅੰਗੂਰ 'ਚ ਗਲੂਕੋਜ, ਮੈਗਨੀਸ਼ੀਅਮ ਅਤੇ ਪਾਲੀਫਿਨੋਲਸ ਨਾਂ ਦੇ ਐਂਟੀ-ਆਕੀਸਡੈਂਟ ਵਰਗੇ ਕਈ ਪੋਸ਼ਕ ਤੱਤ ਮੌਜੂਦ ਹੁੰਦੇ ਹਨ। ਜਿਸ ਨਾਲ ਇਹ ਟੀ.ਬੀ, ਕੈਂਸਰ, ਬਲੱਡ ਕੈਂਸਰ, ਬਲੱਡ ਇਨਫੈਕਸ਼ਨ ਵਰਗੀਆਂ ਖਤਰਨਾਕ ਬੀਮਾਰੀਆਂ 'ਚ ਲਾਭਕਾਰੀ ਹੁੰਦੇ ਹਨ।

ਦਿਲ ਲਈ ਲਾਭਕਾਰੀ

ਦਿਲ ਦੀ ਬੀਮਾਰੀਆਂ ਲਈ ਵੀ ਅੰਗੂਰ ਕਾਫ਼ੀ ਫ਼ਾਇਦੇਮੰਦ ਹੁੰਦਾ ਹੈ। ਅੰਗੂਰ ਦਿਲ 'ਚ ਜਮ੍ਹਾ ਮਾੜੇ ਕੋਲੈਸਟਰੋਲ ਨੂੰ ਘੱਟ ਕਰਦਾ ਹੈ। ਰੋਜ਼ਾਨਾ ਅੰਗੂਰ ਦੀ ਵਰਤੋਂ ਨਾਲ ਦਿਲ ਦਾ ਦੌਰੇ ਦਾ ਖ਼ਤਰਾ ਘੱਟ ਹੋ ਜਾਂਦਾ ਹੈ।

ਕਬਜ਼ ਦੀ ਸਮੱਸਿਆ

ਜੇ ਤੁਹਾਨੂੰ ਕਬਜ਼ ਦੀ ਸਮੱਸਿਆ ਅਤੇ ਖੁੱਲ੍ਹ ਕੇ ਭੁੱਖ ਵੀ ਨਹੀਂ ਲੱਗਦੀ ਤਾਂ ਤੁਹਾਡੇ ਲਈ ਅੰਗੂਰ ਦਾ ਰਸ ਕਾਫ਼ੀ ਫ਼ਾਇਦੇਮੰਦ ਸਾਬਤ ਹੋ ਸਕਦਾ ਹੈ। ਇਸ ਦੀ ਵਰਤੋਂ ਨਾਲ ਕਬਜ਼ ਦੀ ਸਮੱਸਿਆ ਦੂਰ ਹੋ ਜਾਂਦੀ ਹੈ ਅਤੇ ਭੁੱਖ ਵੀ ਲੱਗਦੀ ਹੈ।

ਬਲੱਡ ਪ੍ਰੈਸ਼ਰ ਦੀ ਸਮੱਸਿਆ ਦੂਰ

ਅੰਗੂਰ ਦੀ ਵਰਤੋਂ ਨਾਲ ਬਲੱਡ ਪ੍ਰੈਸ਼ਰ ਦੀ ਸਮੱਸਿਆ ਨਹੀਂ ਹੁੰਦੀ। ਕਿਸੇ ਨੂੰ ਜੇਕਰ ਬੀ.ਪੀ. ਦੀ ਸਮੱਸਿਆ ਹੈ ਤਾਂ ਅੰਗੂਰ ਖਾਣ ਨਾਲ ਬਲੱਡ ਪ੍ਰੈਸ਼ਰ ਘੱਟ ਹੋਵੇਗਾ ਕਿਉਂਕਿ ਅੰਗੂਰ 'ਚ ਮੌਜੂਦ ਪੋਟਾਸ਼ੀਅਮ ਦੀ ਮਾਤਰਾ ਸੋਡੀਅਮ ਦੀ ਮਾਤਰਾ ਨੂੰ ਘੱਟ ਕਰਦੀ ਹੈ।

ਐਲਰਜੀ 'ਚ ਫ਼ਾਇਦੇਮੰਦ

ਅੰਗੂਰ ਦੀ ਵਰਤੋਂ ਨਾਲ ਐਲਰਜੀ ਦੀ ਸਮੱਸਿਆ ਵੀ ਨਹੀਂ ਹੁੰਦੀ ਹੈ।

ਸ਼ੂਗਰ 'ਚ ਲਾਭਕਾਰੀ

ਜੇਕਰ ਤੁਸੀਂ ਸ਼ੂਗਰ ਦੇ ਮਰੀਜ਼ ਹੋ ਤਾਂ ਤੁਹਾਡੇ ਲਈ ਅੰਗੂਰ ਖਾਣੇ ਬਹੁਤ ਫ਼ਾਇਦੇਮੰਦ ਹੁੰਦੇ ਹਨ। ਅੰਗੂਰ ਸਰੀਰ 'ਚ ਸ਼ੂਗਰ ਦੀ ਮਾਤਰਾ ਘੱਟ ਕਰਦੇ ਹਨ।

ਅੱਖਾਂ ਲਈ ਲਾਹੇਵੰਦ

ਅੰਗੂਰ ਖਾਣ ਨਾਲ ਅੱਖਾਂ ਨੂੰ ਵੀ ਬਹੁਤ ਲਾਭ ਹੁੰਦਾ ਹੈ। ਇਸ 'ਚ ਮੌਜੂਦ ਐਂਟੀ-ਆਕਸੀਡੈਂਟ ਲਿਊਟਿਨ ਨਾਂ ਦੇ ਪੋਸ਼ਕ ਅੱਖਾਂ ਲਈ ਬੇਹੱਦ ਫ਼ਾਇਦੇਮੰਦ ਹੁੰਦੇ ਹਨ।

ਖ਼ੂਨ ਦੀ ਘਾਟ

ਕਾਲੇ ਅੰਗੂਰ ਸਰੀਰ 'ਚ ਖ਼ੂਨ ਦੀ ਘਾਟ ਨੂੰ ਵੀ ਪੂਰਾ ਕਰਦੇ ਹਨ। ਰੋਜ਼ਾਨਾਂ ਦਿਨ 'ਚ ਅੰਗੂਰ ਦੇ ਜੂਸ 'ਚ 2 ਚਮਚੇ ਸ਼ਹਿਦ ਮਿਲਾ ਕੇ ਪੀਓ।

ਦਾਗ ਧੱਬੇ ਅਤੇ ਝੁਰੜੀਆਂ ਦੂਰ

ਅੰਗੂਰ ਦੀ ਵਰਤੋਂ ਨਾਲ ਚਿਹਰੇ ਦੇ ਦਾਗ-ਧੱਬੇ ਅਤੇ ਝੁਰੜੀਆਂ ਦੂਰ ਹੁੰਦੀਆਂ ਹਨ।

# ਖ਼ੁਰਾਕ 'ਚ ਸ਼ਾਮਲ ਕਰੋ ਇਹ ਚੀਜ਼ਾਂ, ਕੈਲਸ਼ੀਅਮ ਦੀ ਘਾਟ ਨਾਲ ਹੋਣ ਵਾਲੇ ਰੋਗ ਹੋਣਗੇ ਹਮੇਸ਼ਾ ਲਈ ਦੂਰ

ਕੈਲਸ਼ੀਅਮ ਹੱਡੀਆਂ ਅਤੇ ਦੰਦਾਂ ਨੂੰ ਮਜ਼ਬੂਤ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਹੈ। ਕੈਲਸ਼ੀਅਮ ਦੀ ਘਾਟ ਨਾਲ ਹੱਡੀਆਂ ਦੇ ਕਈ ਰੋਗ ਹੋ ਜਾਂਦੇ ਹਨ। ਇੱਕ ਤੰਦਰੁਸਤ ਮਨੁੱਖ ਨੂੰ 1000 ਤੋਂ 1200 ਮਿਲੀਗ੍ਰਾਮ ਕੈਲਸ਼ੀਅਮ ਦੀ ਜ਼ਰੂਰਤ ਹੁੰਦੀ ਹੈ। ਪੁਰਾਣੇ ਸਮੇਂ 'ਚ ਕੈਲਸ਼ੀਅਮ ਦੀ ਘਾਟ ਇੱਕ ਕਾਲਪਨਿਕ ਗੱਲ ਸੀ ਪਰ ਅਜੋਕੇ ਸਮੇਂ 'ਚ ਹਰੇਕ ਵਿਅਕਤੀ ਦੇ ਸਰੀਰ 'ਚ ਕੈਲਸ਼ੀਅਮ ਦੀ ਘਾਟ ਪਾਈ ਜਾ ਰਹੀ ਹੈ। ਇਸ ਦਾ ਮੁੱਖ ਕਾਰਨ ਡੇਅਰੀਆਂ ਜਾਂ ਦੋਧੀ ਤੋਂ ਮਿਲਣ ਵਾਲਾ ਦੁੱਧ ਅਤੇ ਬਾਜ਼ਾਰਾਂ ਵਿੱਚ ਪੈਕਟਾਂ ਵਾਲਾ ਘਿਓ ਹੈ। ਇਨ੍ਹਾਂ ਚੀਜ਼ਾਂ 'ਚ ਉਨ੍ਹਾਂ ਕੈਲਸ਼ੀਅਮ ਨਹੀਂ ਹੁੰਦਾ, ਜਿੰਨਾ ਸਾਨੂੰ ਚਾਹੀਦਾ ਹੈ। ਇਸ ਗੱਲ ਦੀ ਵੀ ਕੋਈ ਗਾਰੰਟੀ ਨਹੀਂ ਹੁੰਦੀ ਕਿ ਦੁੱਧ, ਘਿਓ ਸ਼ੁੱਧ ਹੈ ਜਾਂ ਨਹੀਂ, ਜਿਸ ਕਰਕੇ ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ।

ਸਰੀਰ ਲਈ ਕਿਉਂ ਜ਼ਰੂਰੀ ਹੈ ਕੈਲਸ਼ੀਅਮ ?

ਕੈਲਸ਼ੀਅਮ ਨਰਵਸ ਸਿਸਟਮ ਰਾਹੀਂ ਮਾਸਪੇਸ਼ੀਆਂ ਨੂੰ ਗਤੀਸ਼ੀਲ ਬਣਾਉਂਦਾ ਹੈ। ਜੇਕਰ ਖ਼ੂਨ 'ਚ ਨਿਸ਼ਚਿਤ ਮਾਤਰਾ 'ਚ ਕੈਲਸ਼ੀਅਮ ਘੁਲਿਆ ਹੋਇਆ ਹੋਵੇ ਤਾਂ ਸਰੀਰ ਦੀਆਂ ਕੋਸ਼ਿਕਾਵਾਂ ਹਰ ਪਲ ਕੰਮ ਕਰਨ ਲਈ ਸਕ੍ਰਿਯ ਰਹਿਣਗੀਆਂ। ਇਸ ਨਾਲ ਹੱਡੀਆਂ ਮਜ਼ਬੂਤ ਹੋਣ ਦੇ ਨਾਲ-ਨਾਲ ਹਾਈ ਬਲੱਡ ਪ੍ਰੈਸ਼ਰ, ਕੈਂਸਰ ਅਤੇ ਸ਼ੂਗਰ ਤੋਂ ਵੀ ਬਚਾਅ ਰਹਿੰਦਾ ਹੈ।

ਜਨਾਨੀਆਂ 'ਚ ਵੀ ਹੁੰਦੀ ਹੈ ਸਭ ਤੋਂ ਜ਼ਿਆਦਾ ਘਾਟ

ਮਰਦਾਂ ਦੇ ਮੁਕਾਬਲੇ ਜਨਾਨੀਆਂ 'ਚ ਕੈਲਸ਼ੀਅਮ ਦੀ ਘਾਟ ਜ਼ਿਆਦਾ ਦੇਖਣ ਨੂੰ ਮਿਲਦੀ ਹੈ। ਅਜਿਹਾ ਇਸ ਲਈ ਹੁੰਦਾ ਹੈ, ਕਿਉਂਕਿ ਮਹਾਵਾਰੀ, ਗਰਭ ਅਵਸਥਾ, ਮੇਨੋਪਾਜ ਦੇ ਸਮੇਂ ਉਨ੍ਹਾਂ ਦੇ ਸਰੀਰ 'ਚ ਕੈਲਸ਼ੀਅਮ ਦੀ ਖ਼ਪਤ ਵਧ ਜਾਂਦੀ ਹੈ। ਅਜਿਹੇ 'ਚ ਮਰਦਾਂ ਦੇ ਮੁਕਾਬਲੇ ਜਨਾਨੀਆਂ ਨੂੰ ਇਸ ਦੀ ਜ਼ਰੂਰਤ ਜ਼ਿਆਦਾ ਹੁੰਦੀ ਹੈ।

ਕੈਲਸ਼ੀਅਮ ਦੀ ਪੂਰਤੀ ਲਈ ਇਨ੍ਹਾਂ ਚੀਜ਼ਾਂ ਦੀ ਆਪਣੀ ਖ਼ੁਰਾਕ 'ਚ ਕਰੋ ਵਰਤੋਂ

1. ਬੀਜ

ਚਿਆ ਸੀਡ, ਅਲਸੀ, ਕੱਦੂ ਅਤੇ ਤਿਲ ਦੇ ਬੀਜ ਕੈਲਸ਼ੀਅਮ ਦੇ ਚੰਗੇ ਸਰੋਤ ਹੁੰਦੇ



ਹਨ। ਇਨ੍ਹਾਂ 'ਚ ਕੈਲਸ਼ੀਅਮ ਦੇ ਨਾਲ-ਨਾਲ ਪ੍ਰੋਟੀਨ ਅਤੇ ਓਮੇਗਾ-3 ਫੈਟੀ ਐਸਿਡ ਵੀ ਭਰਪੂਰ ਮਾਤਰਾ 'ਚ ਹੁੰਦਾ ਹੈ, ਜਿਸ ਦਾ ਸੇਵਨ ਤੁਹਾਨੂੰ ਸਿਹਤਮੰਦ ਰੱਖਣ 'ਚ ਮਦਦ ਕਰੇਗਾ।

2. ਦਹੀਂ

ਇਕ ਕੱਪ ਪਲੇਨ ਦਹੀਂ 'ਚ 30 ਫੀਸਦੀ ਕੈਲਸ਼ੀਅਮ ਦੇ ਨਾਲ-ਨਾਲ ਫਾਸਫੋਰਸ, ਪੋਟਾਸ਼ੀਅਮ, ਵਿਟਾਮਿਨ-ਬੀ2 ਅਤੇ ਬੀ12 ਹੁੰਦਾ ਹੈ। ਅਜਿਹੇ 'ਚ ਜੇਕਰ ਤੁਸੀਂ ਦੁੱਧ ਨਹੀਂ ਪੀਂਦੇ ਤਾਂ ਇਸ ਦਾ ਸੇਵਨ ਕਰ ਸਕਦੇ ਹੋ।

3. ਬੀਨਸ

ਇਕ ਕੱਪ ਬੀਨਸ 'ਚ 24 ਫੀਸਦੀ ਤਕ ਕੈਲਸ਼ੀਅਮ ਹੁੰਦਾ ਹੈ। ਇਸ ਲਈ ਬੀਨਸ ਦਾ ਸੇਵਨ ਕਰਨ ਨਾਲ ਸਰੀਰ 'ਚ ਕੈਲਸ਼ੀਅਮ ਦੀ ਘਾਟ ਪੂਰੀ ਹੋ ਜਾਂਦੀ ਹੈ।

4. ਪਨੀਰ

ਪਨੀਰ ਦਾ ਸੇਵਨ ਕਰਨ ਨਾਲ ਵੀ ਸਰੀਰ 'ਚ ਕੈਲਸ਼ੀਅਮ ਦੀ ਘਾਟ ਦੂਰ ਹੁੰਦੀ ਹੈ। ਇਸ 'ਚ ਕੈਲਸ਼ੀਅਮ ਦੇ ਨਾਲ-ਨਾਲ ਪ੍ਰੋਟੀਨ ਭਰਪੂਰ ਮਾਤਰਾ 'ਚ ਹੁੰਦਾ ਹੈ, ਜਿਸ ਨਾਲ ਤੁਸੀਂ ਕਈ ਹੈਲਥ ਸਬੰਧੀ ਸਮੱਸਿਆਵਾਂ ਤੋਂ ਬਚੇ ਰਹਿੰਦੇ ਹੋ।

5. ਬਾਦਾਮ

ਬਾਦਾਮ ਖਾਣ ਨਾਲ ਸਿਰਫ਼ ਦਿਮਾਗ ਹੀ ਤੇਜ਼ ਨਹੀਂ ਸਗੋਂ ਹੱਡੀਆਂ ਵੀ ਮਜ਼ਬੂਤ ਹੁੰਦੀਆਂ ਹਨ। ਬਾਦਾਮ 'ਚ ਕੈਲਸ਼ੀਅਮ ਪਾਇਆ ਜਾਂਦਾ ਹੈ। ਅਜਿਹੇ 'ਚ ਤੁਸੀਂ ਬਾਦਾਮ ਨੂੰ ਆਪਣੀ ਡਾਈਟ 'ਚ ਜ਼ਰੂਰ ਸ਼ਾਮਲ ਕਰੋ।

6. ਪਾਲਕ

ਪਾਲਕ 'ਚ ਕੈਲਸ਼ੀਅਮ ਦੀ ਭਰਪੂਰ ਮਾਤਰਾ ਹੁੰਦੀ ਹੈ। 100 ਗ੍ਰਾਮ ਪਾਲਕ 'ਚ 99 ਮਿ.ਲੀ ਕੈਲਸ਼ੀਅਮ ਹੁੰਦਾ ਹੈ। ਸਰੀਰ ਨੂੰ ਸਿਹਤਮੰਦ ਰੱਖਣ ਲਈ ਹਫ਼ਤੇ 'ਚ ਘੱਟ ਤੋਂ ਘੱਟ 3 ਵਾਰ ਪਾਲਕ ਜ਼ਰੂਰ ਖਾਓ।

7. ਸੋਇਆ ਦੁੱਧ ਜਾਂ ਟੋਫੂ

ਜੇਕਰ ਤੁਹਾਨੂੰ ਵੀ ਦੁੱਧ ਪੀਣਾ ਪਸੰਦ ਨਹੀਂ ਹੈ ਤਾਂ ਤੁਸੀਂ ਸੋਇਆ ਦੁੱਧ ਜਾਂ ਟੋਫੂ ਨੂੰ ਆਪਣੀ ਡਾਈਟ 'ਚ ਸ਼ਾਮਲ ਕਰ ਸਕਦੇ ਹੋ। ਇਨ੍ਹਾਂ 'ਚ ਕੈਲਸ਼ੀਅਮ ਦੀ ਮਾਤਰਾ ਭਰਪੂਰ ਹੁੰਦੀ ਹੈ।

8. ਭਿੰਡੀ

ਇਕ ਕੋਲੀ ਭਿੰਡੀ 'ਚ 40 ਗ੍ਰਾਮ ਕੈਲਸ਼ੀਅਮ ਹੁੰਦਾ ਹੈ। ਇਸ ਨੂੰ ਹਫ਼ਤੇ 'ਚ ਦੋ ਵਾਰ ਖਾਣ ਨਾਲ ਦੰਦ ਖ਼ਰਾਬ ਨਹੀਂ ਹੁੰਦੇ ਅਤੇ ਹੱਡੀਆਂ ਮਜ਼ਬੂਤ ਹੁੰਦੀਆਂ ਹਨ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਰੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਆਲਾ ਦੁਆਲਾ



ਕੁਝ ਦਿਨ ਪਹਿਲਾਂ ਮੈਨੂੰ ਛੋਟੇ ਅਫ਼ਸਰ ਨੇ ਬੁਲਾਇਆ ਤੇ ਹਦਾਇਤ ਕੀਤੀ ਕਿ ਵੱਡੇ ਸਾਹਿਬ ਨੇ ਇਹ ਕੇਸ ਪਾਜ਼ੇਟਿਵਲੀ ਡੀਲ ਕਰਨ ਲਈ ਕਿਹਾ ਹੈ। ਮੈਂ ਕੇਸ ਪੜ੍ਹਿਆ, ਪੜ੍ਹ ਕੇ ਆਪਣੀ ਸਮਝ ਮੁਤਾਬਕ ਕਿਹਾ ਕਿ ਸਰ ਇਹ ਕੇਸ ਇਸ ਤਰ੍ਹਾਂ ਨਹੀਂ ਹੋ ਸਕਦਾ। ਮੇਰਾ ਜਵਾਬ ਸੁਣ ਕੇ ਛੋਟਾ ਸਾਹਿਬ ਕਹਿਣ ਲੱਗਾ ਕਿ ਭਲੇ ਮਾਣਸਾ, ਸਾਡੀ ਤਾਂ ਨੌਕਰੀ ਥਾਲੀ ਦੇ ਬੈਂਗਣ ਦੀ ਹੈ। ਜਿਧਰ ਨੂੰ ਥਾਲੀ ਟੇਢੀ ਹੋਈ ਬੈਂਗਣ ਰੁੜ ਪਿਆ। ਤੂੰ ਵੀ ਥਾਲੀ ਦਾ ਬੈਂਗਣ ਬਣ ਤੇ ਜਿਵੇਂ ਵੱਡੇ ਸਾਹਿਬ ਕਹਿੰਦੇ ਹਨ, ਕਰ ਅਤੇ ਨਾਲ ਹੀ ਕਹਿਣ ਲੱਗੇ ਕਿ ਅਜੇ ਤੇਰੀ ਵੱਡੇ ਸਾਹਿਬ ਨੇ ਸਾਲਾਨਾ ਗੁਪਤ ਰਿਪੋਰਟ ਵੀ ਲਿਖਣੀ ਹੈ।

## ਥਾਲੀ ਦੇ ਬੈਂਗਣ

ਪਿਆਰੇ ਦੋਸਤੋ । ਮੈਂ ਤੁਹਾਨੂੰ ਅੱਜ ਜ਼ਿੰਦਗੀ ਵਿਚ ਕਾਮਯਾਬ ਹੋਣ ਦਾ ਬਹੁਤ ਹੀ ਅਹਿਮ ਨੁਕਤਾ ਦੱਸਣ ਲੱਗਾ ਹਾਂ, ਉਹ ਨੁਕਤਾ ਹੈ ਥਾਲੀ ਦੇ ਬੈਂਗਣ ਹੁਣ ਤੁਸੀਂ ਕਹੋਗੇ ਕਿ ਥਾਲੀ ਅਤੇ ਬੈਂਗਣ ਦਾ ਕੀ ਮੇਲ ? ਮਿੱਤਰੋ ਇਥੇ ਹੀ ਤਾਂ ਤੁਸੀਂ ਭੁੱਲ ਕਰ ਰਹੇ ਹੋ। ਥਾਲੀ ਦੇ ਬੈਂਗਣ ਦਾ ਤਾਂ ਆਪਸੀ ਇੰਝ ਮੇਲ ਹੈ ਜਿਵੇਂ ਗੱਡੀ ਤੇ ਸਵਾਰੀ ਦਾ, ਪੁਰਸ਼ ਤੇ ਨਾਰੀ ਦਾ, ਬੈਂਕ ਦੇ ਖਾਤੇ ਦਾ ਅਤੇ ਠੇਕੇ ਦੇ ਅਹਾਤੇ ਦਾ।

ਚਲੋ ਜੇਕਰ ਤੁਸੀਂ ਅਜੇ ਵੀ ਨਹੀਂ ਸਮਝੇ ਤਾਂ ਮੈਂ ਸਭ ਕੁਝ ਕਲੀਅਰ ਕਰ ਹੀ ਦਿੰਦਾ ਹਾਂ। ਸਰਕਾਰੀ ਕਰਮਚਾਰੀ ਬਹੁਤ ਹੀ ਵਧੀਆ ਥਾਲੀ ਦੇ ਬੈਂਗਣ ਸਾਬਤ ਹੋ ਸਕਦੇ ਹਨ ਅਤੇ ਜ਼ਿੰਦਗੀ ਵਿਚ ਤਰੱਕੀ ਕਰ ਸਕਦੇ ਹਨ। ਜਿਵੇਂ ਖਾਲੀ ਥਾਲੀ ਵਿਚ ਗੋਲ ਬੈਂਗਣ ਰੱਖ ਦਈਏ ਅਤੇ ਜਿਧਰ ਨੂੰ ਥਾਲੀ ਟੇਢੀ ਕਰਾਂਗੇ ਬੈਂਗਣ ਵੀ ਉਧਰ ਨੂੰ ਹੀ ਰੁੜ ਪਏਗਾ। ਹੁਣ ਥਾਲੀ ਵਿਚ ਪਿਆ ਬੈਂਗਣ ਇਹ ਨਹੀਂ ਵੇਖਦਾ ਕਿ ਮੈਂ ਕਿਧਰ ਨੂੰ ਰਿੜਨਾ ਹੈ, ਬੱਸ ਉਸ ਨੇ ਤਾਂ ਸਿਰਫ਼ ਥਾਲੀ ਟੇਢੀ ਵੇਖਣੀ ਹੈ, ਜਿਧਰ ਨੂੰ ਥਾਲੀ ਟੇਢੀ ਹੋਈ ਬੈਂਗਣ ਰੁੜ ਪਿਆ। ਹਾਂ ਮੈਂ ਗੱਲ ਕਰ ਰਿਹਾ ਸੀ ਸਰਕਾਰੀ ਕਰਮਚਾਰੀਆਂ ਦੀ। ਜੇਕਰ ਤੁਸੀਂ ਸਰਕਾਰੀ ਕਰਮਚਾਰੀ ਹੋ ਤਾਂ ਤੁਸੀਂ ਬਹੁਤ ਵਧੀਆ ਕਿਸਮ ਦੇ ਥਾਲੀ ਦੇ ਬੈਂਗਣ ਸਾਬਤ ਹੋ ਸਕਦੇ ਹੋ ਅਤੇ ਜ਼ਿੰਦਗੀ ਵਿਚ ਤਰੱਕੀ ਕਰ ਸਕਦੇ ਹੋ। ਤੁਹਾਡੇ ਵਿਚ ਭਾਵੇਂ ਲਿਆਕਤ ਮੱਝ ਦੇ ਦਿਮਾਗ ਵਰਗੀ ਹੀ ਹੋਵੇ। ਬੱਸ ਤੁਸੀਂ ਆਪਣੇ ਅਫ਼ਸਰ ਦੀ ਹਾਂ ਵਿਚ ਹਾਂ ਮਿਲਾਉਣੀ ਹੈ। ਜਿਵੇਂ ਅਫ਼ਸਰ ਕਹਿੰਦਾ ਹੈ ਕਰੋ, ਭਾਵੇਂ ਕਾਇਦੇ ਕਾਨੂੰਨ ਮੁਤਾਬਕ ਉਹ ਹੁੰਦਾ ਹੋਵੇ ਜਾਂ ਨਾ, ਪ੍ਰਵਾਹ ਨਾ ਕਰੋ।

ਕੁਝ ਦਿਨ ਪਹਿਲਾਂ ਮੈਨੂੰ ਛੋਟੇ ਅਫ਼ਸਰ ਨੇ ਬੁਲਾਇਆ ਤੇ ਹਦਾਇਤ ਕੀਤੀ ਕਿ ਵੱਡੇ ਸਾਹਿਬ ਨੇ ਇਹ ਕੇਸ ਪਾਜ਼ੇਟਿਵਲੀ ਡੀਲ ਕਰਨ ਲਈ ਕਿਹਾ ਹੈ। ਮੈਂ ਕੇਸ ਪੜ੍ਹਿਆ, ਪੜ੍ਹ ਕੇ ਆਪਣੀ ਸਮਝ ਮੁਤਾਬਕ ਕਿਹਾ ਕਿ ਸਰ ਇਹ ਕੇਸ ਇਸ ਤਰ੍ਹਾਂ ਨਹੀਂ ਹੋ ਸਕਦਾ। ਮੇਰਾ ਜਵਾਬ ਸੁਣ ਕੇ ਛੋਟਾ ਸਾਹਿਬ ਕਹਿਣ ਲੱਗਾ ਕਿ ਭਲੇ ਮਾਣਸਾ, ਸਾਡੀ ਤਾਂ ਨੌਕਰੀ ਥਾਲੀ ਦੇ ਬੈਂਗਣ ਦੀ ਹੈ। ਜਿਧਰ ਨੂੰ ਥਾਲੀ ਟੇਢੀ ਹੋਈ ਬੈਂਗਣ ਰੁੜ ਪਿਆ। ਤੂੰ ਵੀ ਥਾਲੀ ਦਾ ਬੈਂਗਣ ਬਣ ਤੇ ਜਿਵੇਂ ਵੱਡੇ ਸਾਹਿਬ ਕਹਿੰਦੇ ਹਨ, ਕਰ ਅਤੇ ਨਾਲ ਹੀ ਕਹਿਣ ਲੱਗੇ ਕਿ ਅਜੇ ਤੇਰੀ ਵੱਡੇ ਸਾਹਿਬ ਨੇ ਸਾਲਾਨਾ ਗੁਪਤ ਰਿਪੋਰਟ ਵੀ ਲਿਖਣੀ ਹੈ। ਜੇਕਰ ਕੇਸ ਸਾਹਿਬ ਦੇ ਮੁਤਾਬਕ ਡੀਲ ਨਾ ਕੀਤਾ ਤਾਂ ਗੁਪਤ ਰਿਪੋਰਟ ਬਾਰੇ ਤੂੰ ਫਿਰ ਜਾਣਦਾ ਹੀ ਏ। ਲਓ ਜੀ ਨਾ ਚਾਹੁੰਦੇ ਹੋਏ ਵੀ ਕੇਸ ਵੱਡੇ ਸਾਹਿਬ ਦੇ ਮੁਤਾਬਕ ਡੀਲ ਕਰਨਾ ਪਿਆ। ਭਾਵ ਥਾਲੀ ਦਾ ਬੈਂਗਣ ਬਣਨਾ ਪਿਆ। ਕੇਸ ਡੀਲ ਕਰਕੇ ਸਾਹਿਬ ਨੂੰ ਭੇਜਿਆ। ਦੂਜੇ ਦਿਨ ਹੀ ਕੇਸ ਅਪਰੂਵ ਹੋ ਕੇ ਥੈਂਕਸ ਦੇ ਰਿਮਾਰਕ ਨਾਲ ਵਾਪਸ ਆ ਗਿਆ ਅਤੇ ਨਾਲ ਹੀ ਸਾਹਿਬ ਦੇ ਪੀ. ਏ. ਨੇ ਦਸਿਆ ਕਿ ਤੇਰੀ ਰਿਪੋਰਟ ਸਾਹਿਬ ਨੇ ਆਊਟ ਸਟੈਂਡਿੰਗ ਲਿਖ ਕੇ ਭੇਜੀ ਹੈ। ਦੇਖਿਆ ਨਾ ਥਾਲੀ ਦੇ ਬੈਂਗਣ ਬਣਨ ਦਾ ਫਾਇਦਾ।

ਇਹ ਤਾਂ ਅੱਜ-ਕੱਲ੍ਹ ਮਾਡਰਨ ਸਮੇਂ ਦੀ ਗੱਲ ਪਰ ਅੱਜ ਤੋਂ ਸਦੀਆਂ ਪਹਿਲਾਂ ਵੀ ਬਹੁਤ ਸਾਰੇ ਕਾਮਯਾਬ ਲੋਕ, ਜਿਨ੍ਹਾਂ ਦੇ ਨਾਮ ਅੱਜ ਅਸੀਂ ਇਤਿਹਾਸ ਵਿਚ ਬੜੇ ਮਾਣ ਨਾਲ ਪੜ੍ਹਦੇ ਹਾਂ, ਉਹ ਵੀ ਇਸੇ ਬੈਂਗਣੀ ਫਾਰਮੂਲੇ ਤਹਿਤ ਬਹੁਤ ਹੀ ਵਧੀਆ ਜ਼ਿੰਦਗੀ ਬਸਰ ਕਰਕੇ ਗਏ ਹਨ। ਕਈਆਂ ਨੇ ਤਾਂ ਇਸੇ ਫਾਰਮੂਲੇ ਨਾਲ ਇੰਨੀ ਜ਼ਿਆਦਾ ਦੌਲਤ ਇਕੱਠੀ ਕੀਤੀ ਕਿ ਉਨ੍ਹਾਂ ਦੀਆਂ ਸੱਤ ਪੀੜ੍ਹੀਆਂ ਨੇ ਬੈਠ ਕੇ ਆਰਾਮ ਨਾਲ ਖਾਧਾ। ਤੁਸੀਂ ਅਕਬਰ ਬਾਦਸ਼ਾਹ ਦੇ ਸਮੇਂ ਬੀਰਬਲ ਦਾ ਨਾਮ ਤਾਂ ਸੁਣਿਆ ਹੀ ਹੋਵੇਗਾ। ਇਕ ਵਾਰੀ ਅਕਬਰ ਬਾਦਸ਼ਾਹ ਤੇ ਬੀਰਬਲ ਸੈਰ ਕਰਦੇ ਜਾ ਰਹੇ ਸਨ, ਰਸਤੇ ਵਿਚ ਇਕ ਸਬਜ਼ੀ ਵਾਲਾ ਰੇਹੜੀ ਲਗਾਈ ਬੈਠਾ ਸੀ, ਹੋਰਨਾਂ ਸਬਜ਼ੀਆਂ ਦੇ ਨਾਲ ਉਸ ਨੇ ਬੈਂਗਣਾਂ ਦੀ ਟੋਕਰੀ ਵੀ ਸਜਾ ਕੇ ਰੱਖੀ ਹੋਈ ਸੀ। ਅਕਬਰ ਬੀਰਬਲ ਨੂੰ ਕਹਿਣ ਲੱਗਾ ਕਿ ਦੇਖ ਬੀਰਬਲ ਇਹ ਬਤਾਊਂ ਕਿੰਨੀ ਮਾੜੀ ਸਬਜ਼ੀ ਹੈ। ਇਸ ਨੂੰ ਤਾਂ ਗਧੇ ਵੀ ਨਹੀਂ ਖਾਂਦੇ। ਬੀਰਬਲ ਨੇ ਵੀ ਜਵਾਬ ਵਿਚ ਬਾਦਸ਼ਾਹ ਅਕਬਰ ਦੀ ਹਾਂ ਵਿਚ ਹਾਂ ਮਿਲਾਉਂਦੇ ਕਿਹਾ, ਹਾਂ ਜਹਾਪਨਾਹ, ਇਹ ਬਹੁਤ ਹੀ ਘਟੀਆ ਸਬਜ਼ੀ ਹੈ, ਰੰਗ ਵੇਖੋ ਇਹਦਾ ਕਾਲਾ ਅਤੇ ਬੂਟੇ ਨਾਲ ਲਟਕਦਾ ਵੀ ਪੁੱਠਾ ਹੈ। ਇਹ ਸਭ ਤੋਂ ਨਖਿਧ ਸਬਜ਼ੀ ਹੈ। ਬਾਦਸ਼ਾਹ ਬੀਰਬਲ ਦੀ ਗੱਲ ਸੁਣਕੇ ਬਹੁਤ ਖੁਸ਼ ਹੋਇਆ। ਲਗਭਗ ਮਹੀਨੇ ਕੁ ਮਗਰੋਂ ਦੋਵੇਂ ਜਣੈ ਫਿਰ ਸੈਰ ਕਰਦੇ ਜਾ ਰਹੇ ਸਨ। ਇਕ ਜ਼ਿਮੀਦਾਰ ਦੇ ਖੇਤ ਕੋਲੋਂ ਲੰਘਣ ਲੱਗੇ, ਜ਼ਿਮੀਦਾਰ ਨੇ ਖੇਤ ਵਿਚ ਬਤਾਊਂਆਂ ਦੇ ਬੂਟੇ ਲਗਾਏ ਹੋਏ ਸਨ। ਅਕਬਰ ਬੂਟੇ ਵੇਖ ਕੇ ਬੀਰਬਲ ਨੂੰ ਕਹਿਣ ਲੱਗਾ ਕਿ ਵਾਹ ਕਿਆ ਖੂਬ ਸਬਜ਼ੀ ਲਗਾਈ ਹੈ। ਇਹ ਬਤਾਊਂ ਤਾਂ ਸਭ ਸਬਜ਼ੀਆਂ ਤੋਂ ਸ਼੍ਰੋਮਣੀ ਸਬਜ਼ੀ ਹੈ। ਇਸ ਦੇ ਸਵਾਦ ਦੇ ਤਾਂ ਕਿਆ ਕਹਿਣੇ। ਬੀਰਬਲ ਨੇ ਵੀ ਉਸ ਦੀ ਹਾਂ ਵਿਚ ਹਾਂ ਮਿਲਾਉਂਦੇ ਕਿਹਾ, ਹਾਂ ਜਹਾਪਨਾਹ, ਇਹ ਸਭ ਸਬਜ਼ੀਆਂ ਤੋਂ ਸ਼੍ਰੋਮਣੀ ਸਬਜ਼ੀ ਹੈ। ਰੰਗ ਵੇਖੋ, ਕਿਵੇਂ ਲਿਸ਼ਕਾਂ ਮਾਰਦਾ ਹੈ ਅਤੇ ਸਿਰ 'ਤੇ ਹਰੇ ਰੰਗ ਦਾ ਤਾਜ, ਵਾਹ ਕਿਆ ਬਾਤ ਹੈ ਅਕਬਰ ਨੂੰ ਮਹੀਨਾ ਕੁ ਪਹਿਲਾਂ ਵਾਲੀ ਗੱਲ ਯਾਦ ਆ ਗਈ ਜਦੋਂ ਬੀਰਬਲ ਨੇ ਇਸ ਨੂੰ ਨਿਖਿਧ ਸਬਜ਼ੀ ਕਿਹਾ ਸੀ ਉਹ ਗੁੱਸੇ ਨਾਲ ਬੀਰਬਲ ਨੂੰ ਕਹਿਣ ਲੱਗਾ ਕਿ ਬੀਰਬਲ ਉਸ ਦਿਨ ਤੂੰ ਇਸ ਦੀ ਨਿੰਦਿਆ ਕਰਦਾ ਸੀ ਪਰ ਅੱਜ ਤੂੰ ਇਸ ਦੀਆਂ ਸਿਫ਼ਤਾਂ ਦੇ ਪੁਲ ਬੰਨ੍ਹੀ ਜਾ ਰਿਹਾ ਏ।

ਇਸ 'ਤੇ ਬੀਰਬਲ ਕਹਿਣ ਲੱਗਾ ਕਿ ਜਹਾਪਨਾਹ ਮੈਂ ਨੌਕਰ ਤੁਹਾਡਾ ਹਾਂ, ਇਨ੍ਹਾਂ ਬਤਾਊਂਆਂ ਦਾ ਨਹੀਂ। ਜਿਵੇਂ ਤੁਸੀਂ ਕਹੋਗੇ ਮੈਂ ਤਾਂ ਉਵੇਂ ਹੀ ਕਹਿਣਾ ਹੈ। ਇਸ ਗੱਲ 'ਤੇ ਅਕਬਰ ਖੂਬ ਹੱਸਿਆ ਤੇ ਬੀਰਬਲ ਨੂੰ ਚੰਗਾ ਇਨਾਮ ਦਿਤਾ। ਉਪਰੋਕਤ ਦੋਵੇਂ ਘਟਨਾਵਾਂ ਤੋਂ ਤੁਸੀਂ ਅੰਦਾਜ਼ਾ ਲਗਾ ਲਿਆ ਹੋਣਾ ਹੈ ਕਿ ਥਾਲੀ ਦੇ ਬੈਂਗਣ ਬਣਨ ਦੇ ਕਿੰਨੇ ਫਾਇਦੇ ਹਨ। ਜੇਕਰ ਤੁਸੀਂ ਕਿਸੇ ਚੰਗੇ ਲੀਡਰ ਜਾਂ ਚੰਗੇ ਅਫ਼ਸਰ ਨਾਲ ਮਾੜੀ ਮੋਟੀ ਜਿਹੀ ਵੀ ਪਛਾਣ ਰੱਖਦੇ ਹੋ ਤਾਂ ਉਸ ਦੀ ਥਾਲੀ ਦੇ ਬੈਂਗਣ ਬਣਕੇ ਤੁਸੀਂ ਆਪਣੇ ਅਨਪੜ੍ਹ ਕੋੜਮੇ ਨੂੰ ਸਰਕਾਰੀ ਨੌਕਰੀਆਂ 'ਤੇ ਲਵਾ ਸਕਦੇ ਹੋ।

ਬੱਸ ਲੋੜ ਹੈ ਸਿਰਫ਼ ਥਾਲੀ ਦੇ ਬੈਂਗਣ ਬਣਨ ਦੀ ਸੋਚ ਕਿਆ ਰਹੇ ਹੋ, ਅੱਜ ਤੋਂ ਹੀ ਥਾਲੀ ਦੇ ਬੈਂਗਣ ਬਣੋ ਅਤੇ ਮਨ ਚਾਹੀਆਂ ਮੁਰਾਦਾਂ ਪਾਓ।

**-ਸਰਬਜੀਤ ਸਿੰਘ ਥਿੰਦ**

**ਫੁੱਲਾਂ ਦੇ ਵਿਛਾਉਣੇ ਤੇ ਫੁੱਲਾਂ ਦੇ ਸਿਹਰੇ ਦਰਸ਼ਨਮ ਚਕਿੱਤਸਾ ਦੇ ਰੂਪ ਹੀ ਹਨ। ਇਨ੍ਹਾਂ ਵਿਚ ਰੋਗੀ ਨੂੰ ਕਿਹਾ ਜਾ ਸਕਦਾ ਹੈ ਕਿ ਉਹ ਕੁਝ ਨਿਸ਼ਚਿਤ ਚਿਰ ਲਈ ਫੁੱਲਾਂ ਦੇ ਵਿਛਾਉਣੇ ਉਤੇ ਲੇਟੇ ਜਾਂ ਫੁੱਲਾਂ ਦਾ ਸਿਹਰਾ ਪਹਿਨੇ। ਪੁਸ਼ਪ ਆਯੁਰਵੇਦ ਵਿਚ ਇਨ੍ਹਾਂ ਗੱਲਾਂ ਨੂੰ ਵੀ ਗਿਣਤੀ ਵਿਚ ਲਿਆ ਜਾਂਦਾ ਹੈ ਕਿ ਫੁੱਲ ਕਦੋਂ ਤੋੜੇ ਜਾਂਦੇ ਹਨ ਅਤੇ ਜਿਸ ਬੂਟੇ ਤੋਂ ਉਹ ਤੋੜੇ ਜਾਂਦੇ ਹਨ ਉਨ੍ਹਾਂ ਦੀ ਉਮਰ ਕਿੰਨੀ ਹੈ। ਇਸ ਤਰ੍ਹਾਂ ਇਹ ਵਿਗਿਆਨ ਪੂਰੀ ਤਰ੍ਹਾਂ ਵਿਸਥਾਰ ਪੂਰਵਕ ਤੇ ਟਿਚਨ ਹੈ।**



## ਮਨੁੱਖੀ ਜੀਵਨ ਲਈ ਫੁੱਲਾਂ ਦੀ ਅਹਿਮੀਅਤ

ਕੇਰਲਾ ਵਿਚ ਪ੍ਰਾਚੀਨ ਸਮਿਆਂ ਤੋਂ ਇਹ ਰਵਾਇਤ ਰਹੀ ਹੈ ਕਿ ਕੁਝ ਘਰਾਣੇ ਬਿਮਾਰੀਆਂ ਦੇ ਇਲਾਜ ਦੇ ਕੁਝ ਪੱਖਾਂ ਵਿਚ ਵਿਸ਼ੇਸ਼ਤਾ ਪ੍ਰਾਪਤ ਕਰ ਰਹੇ ਹਨ। ਹਰ ਘਰਾਣੇ ਦੀ ਮਾਹਿਰਤਾ ਸਬੰਧਤ ਕਿਸੇ ਨਿਵੇਕਲੇ ਖੇਤਰ ਵਿਚ ਹੁੰਦਾ ਹੈ।

ਇਨ੍ਹਾਂ ਖੇਤਰਾਂ ਵਿਚ ਕੁਝ ਆਸਾਧਾਰਨ ਕਿਸਮ ਦੇ ਵੀ ਹੁੰਦੇ ਸਨ। ਜਿਵੇਂ ਕਿ ਇਕ ਘਰਾਣਾ ਅਜਿਹਾ ਸੀ ਜਿਸ ਦਾ ਸਬੰਧ ਕੇਵਲ ਦਿਮਾਗੀ ਹੀਣਤਾ ਵਾਲੇ ਰੋਗੀਆਂ ਦੇ ਇਲਾਜ ਨਾਲ ਸੀ। ਇਸ ਪਰਿਵਾਰ ਨੇ ਕੇਰਲਾ ਦੀ ਚਕਿਤਸਾ ਪ੍ਰਣਾਲੀ ਬਾਰੇ ਕਈ ਪੁਸਤਕਾਂ ਲਿਖੀਆਂ ਸਨ ਜਿਨ੍ਹਾਂ ਨੂੰ ਹੁਣ ਕਲਾਸਿਕੀ ਮੰਨਿਆ ਜਾਂਦਾ ਹੈ। ਆਯੁਰਵੈਦਿਕ ਪ੍ਰਣਾਲੀ ਉਤੇ ਇਸੇ ਤਰ੍ਹਾਂ ਦੀ ਇਕ ਪੁਸਤਕ ਜਿਸ ਉਤੇ ਕਰਤਾ ਦਾ ਨਾਂ ਨਹੀਂ ਹੈ। ਫੁੱਲਾਂ ਰਾਹੀਂ ਇਲਾਜ ਸਬੰਧੀ ਹੈ ਤੇ ਇਸ ਵਿਚ ਸਪੱਸ਼ਟ ਕੀਤਾ ਗਿਆ ਹੈ ਕਿ ਕਿਵੇਂ ਮਾਨਸਿਕ ਸਮੱਸਿਆਵਾਂ ਦੇ ਰੋਗੀਆਂ ਦੇ ਇਲਾਜ ਵਿਚ ਫੁੱਲਾਂ ਦੀ ਇਕ ਮਹੱਤਵਪੂਰਨ ਭੂਮਿਕਾ ਹੋ ਸਕਦੀ ਹੈ।

ਇਸ ਪੁਸਤਕ ਮੁਤਾਬਿਕ ਇਕ ਸ਼ਾਂਤ ਤੇ ਸਾਵਾਂ ਪੱਧਰਾ ਜੀਵਨ ਗਰਮ ਤੇਲ ਦੇ ਇਸ਼ਨਾਨਾਂ ਤੇ ਫੁੱਲਾਂ ਵਿਚ ਕੁਝ ਸਮਾਂ ਬਿਤਾਉਣ ਲਈ ਅਜਿਹੇ ਰੋਗੀਆਂ ਨੂੰ ਅਕਸਰ ਕਿਹਾ ਜਾਂਦਾ ਸੀ ਕਿ ਉਹ ਮੰਦਰਾਂ ਲਈ ਫੁੱਲਾਂ ਦੇ ਹਾਰ ਤਿਆਰ ਕਰਨ। ਫੁੱਲਾਂ ਦੀ ਛੋਹ ਤੇ ਖੁਸ਼ਬੋ ਤੇ ਉਨ੍ਹਾਂ ਨੂੰ ਇਕ ਖਾਸ ਨੁਹਾਰ ਵਿਚ ਪਰੋਣ ਤੇ ਮੰਦਰਾਂ ਦੇ ਸ਼ਾਂਤ ਵਾਤਾਵਰਣ ਦਾ ਰੋਗੀਆਂ ਨੂੰ ਠੀਕ ਮਾਨਸਿਕ ਹਾਲਤ ਵਿਚ ਰੱਖਦਾ ਸੀ। ਪ੍ਰਾਚੀਨ ਭਾਰਤ ਵਿਚ ਫੁੱਲਾਂ ਦੇ ਪੌਦੇ ਤੇ ਰੁੱਖ ਲਾਉਣ ਤੇ ਉਨ੍ਹਾਂ ਦੀ ਦੇਖਭਾਲ ਨੂੰ ਇਕ ਪਵਿੱਤਰ ਕੰਮ ਮੰਨਿਆ ਜਾਂਦਾ ਸੀ। ਹੋ ਸਕਦਾ ਹੈ ਕਿ ਰਾਜਿਆਂ-ਮਹਾਰਾਜਿਆਂ ਵਲੋਂ ਆਮ ਤੇ ਨਿੱਜੀ ਬਾਗ ਲਾਉਣ ਤੇ ਉਨ੍ਹਾਂ ਦੀ ਦੇਖਭਾਲ ਕਰਨ ਦੀ ਆਪ ਜ਼ਿੰਮੇਵਾਰੀ ਲਏ ਜਾਣ ਦਾ ਇਹੀ ਕਾਰਨ ਹੋਵੇ। ਭਾਰਤ ਉਪ ਮਹਾਂਦੀਪ ਵਿਚ ਪੁਰਾਣੇ ਜ਼ਮਾਨੇ ਵਿਚ ਆਏ ਕਈ ਕਈ ਦੇਸ਼ਾਂ ਵਿਚ ਵੱਡੇ-ਵੱਡੇ ਤੇ ਬਹੁਤ ਵਿਕਸਤ ਕਿਸਮ ਦੇ ਬਾਗ ਹੋਇਆ ਕਰਦੇ ਸਨ। ਕੇਰਲਾ ਵਿਚ ਮੰਦਰਾਂ ਲਈ ਹਾਰ ਤਿਆਰ ਕਰਨ ਦੀ ਜ਼ਿੰਮੇਵਾਰੀ ਮੰਦਰਾਂ ਦੇ ਵਸੀਨੀਕਾਂ ਦੀ ਇਕ ਖਾਸ ਸ਼੍ਰੇਣੀ ਜਿਸ ਨੂੰ ਅੰਬਾਲਾ ਵਾਸੀ ਕਿਹਾ ਜਾਂਦਾ ਸੀ ਦੀ ਹੋਇਆ ਕਰਦੀ ਸੀ। ਇਹ ਸ਼੍ਰੇਣੀ ਵਪਾਰੀਆਂ ਦੀਆਂ ਹੋਰ ਜ਼ਿੰਮੇਵਾਰੀਆਂ ਵਿਚ ਮੰਦਰਾਂ ਦੀਆਂ ਸ਼ੋਭਾ ਯਾਤਰਾਵਾਂ ਦੇ ਦੌਰਾਨ ਦੀਵੇ ਫੜ੍ਹ ਕੇ ਚੱਲਣਾ ਮੰਦਰਾਂ ਨੂੰ ਸਾਫ-ਸੁਥਰਾ ਰੱਖਣਾ ਤੇ ਇਸ਼ਟ ਲਈ ਮਿੱਠਾ ਪ੍ਰਸ਼ਾਦਿ ਪਾਇਆਸਾਮ ਤਿਆਰ ਕਰਨਾ ਵੀ ਸ਼ਾਮਲ ਸੀ।

ਇਸ ਪਿਛੋਕੜ ਵਿਚ ਕੋਈ ਹੈਰਾਨੀ ਵਾਲੀ ਗੱਲ ਨਹੀਂ ਹੈ ਕਿ ਬਹੁਤ ਸਾਰੇ ਆਯੁਰਵੈਦਿਕ ਵੈਦ ਵਾਰੀਅਰ ਹੀ ਹੋਇਆ ਕਰਦੇ ਸਨ। ਮੰਦਰਾਂ ਵਿਚ ਕਿਉਂਕਿ ਉਨ੍ਹਾਂ ਦੀ ਖਾਸ ਭੂਮਿਕਾ ਹੁੰਦੀ ਸੀ। ਇਸ ਲਈ ਉਨ੍ਹਾਂ ਨੂੰ ਜੋਤਿਸ਼ ਵਿਦਿਆ ਤੇ ਚਕਿਤਸਾ ਵਰਗੇ ਹੋਰ ਵਿਗਿਆਨਾਂ ਵਿਚ ਮਹਾਰਤ ਪ੍ਰਾਪਤ ਕਰਨ ਦੇ ਚੰਗੇ ਮੌਕੇ ਮਿਲ ਜਾਂਦੇ ਸਨ। ਉਨ੍ਹਾਂ ਨੂੰ ਸਮਾਜ ਵਿਚ ਖਾਸ ਮਾਣ ਵੀ ਦਿੱਤਾ ਜਾਂਦਾ ਸੀ ਜਿਸ ਕਾਰਨ ਉਹ ਲੋਕਾਂ ਦੇ ਵਿਸ਼ਵਾਸ ਦੇ ਪਾਤਰ ਵੀ ਹੋਇਆ ਕਰਦੇ ਸਨ। ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਦੇ ਯੋਗ ਵੀ ਹੁੰਦੇ ਸਨ।

ਪ੍ਰਾਚੀਨ ਰਿਗ ਵੇਦ ਦੇ ਇਕ ਸੂਤਰ ਵਿਚ ਕਿਹਾ ਗਿਆ ਹੈ ਕਿ ਉਸ ਵਿਅਕਤੀ ਲਈ ਜੋ ਫੁੱਲਾਂ ਨੂੰ ਜਾਣਦਾ ਹੋਵੇ ਤੇ ਸਮਝਦਾ ਹੋਵੇ ਸਮਰਿਧੀ ਤੇ ਸੁੱਖ ਨਿਸ਼ਚਿਤ ਹੈ। ਇਕ ਪ੍ਰਾਚੀਨ ਸ਼ਾਸਤਰ ਅਸ਼ਟਅੰਗ ਸਰੀਰ ਦੇ ਮਹਾਂਪਰਵ ਵਿਚ ਜਿਸ ਦਾ ਸਬੰਧ ਆਯੁਰਵੈਦ ਨਾਲ ਹੈ ਫੁੱਲਾਂ ਦੀ ਉਸ ਖਿੱਚ ਦੀ ਵਿਆਖਿਆ ਕੀਤੀ ਗਈ ਹੈ ਜੋ ਉਨ੍ਹਾਂ ਦੀ ਵਿਧੀ ਪੂਰਵਕ ਵਰਤੋਂ ਨਾਲ ਇਹ ਨਿਰੋਲ ਉਸ ਵੈਦ ਉਤੇ ਨਿਰਭਰ ਹੈ ਕਿ ਇਨ੍ਹਾਂ ਫੁੱਲਾਂ ਦੀ ਵਰਤੋਂ ਕਿਵੇਂ ਕੀਤੀ ਜਾਵੇ। ਕਲਿਆਣ ਕਰਕਮ ਵਿਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਹੈ ਕਿ ਵੈਦ ਨੂੰ ਰੋਗੀ ਦੀ ਸਮਾਜਿਕ ਤੇ ਮਾਲੀ ਹੈਸੀਅਤ ਨੂੰ ਵੀ ਸਾਹਮਣੇ ਰੱਖਣਾ ਚਾਹੀਦਾ ਹੈ ਤੇ ਚਕਿੱਤਸਾ ਦੀ ਇਹ ਵਿਧੀ ਅਪਨਾਉਣ ਤੋਂ ਪਹਿਲਾਂ ਇਸ ਗੱਲ ਨੂੰ ਵੀ ਗਿਣਤੀ ਵਿਚ ਲੈਣਾ ਚਾਹੀਦਾ ਹੈ ਕਿ ਰੋਗੀ ਵੀ ਸਮਾਜਿਕ ਤੇ ਮਾਲੀ ਹੈਸੀਅਤ ਨੂੰ ਵੀ ਸਾਹਮਣੇ ਰੱਖਣਾ ਚਾਹੀਦਾ ਹੈ ਤੇ ਚਕਿੱਤਸਾ ਦੀ ਇਹ ਵਿਧੀ ਅਪਨਾਉਣ ਤੋਂ ਪਹਿਲਾਂ ਇਸ ਗੱਲ ਨੂੰ ਵੀ ਗਿਣਤੀ ਵਿਚ ਲੈਣਾ ਚਾਹੀਦਾ ਹੈ ਕਿ ਰੋਗੀ ਦਾ ਮਾਨਸਿਕ ਰਵੱਈਆ ਕਿਸ ਤਰ੍ਹਾਂ ਦਾ ਹੈ। ਸੰਖੇਪ ਵਿਚ ਇਸ ਇਸ ਤਰ੍ਹਾਂ ਆਯੁਰਵੈਦ ਵਿਚ ਇਕ ਸਮੁੱਚੀ ਚਕਿਤਸਾ ਵਿਧੀ ਅਪਣਾਈ ਗਈ ਹੈ ਬਜਾਏ ਇਸ ਦੇ ਕਿ ਕੇਵਲ ਕਿਸੇ ਇਕ ਖਾਸ ਰੋਗ ਦਾ ਹੀ ਇਲਾਜ ਕੀਤਾ ਜਾਵੇ। ਮੂਲ ਰੂਪ ਵਿਚ ਫੁੱਲਾਂ ਨੂੰ ਇਕ ਮੂਲ ਤੱਤ ਬਣਾਇਆ ਜਾਂਦਾ ਸੀ ਜਿਸ ਵਿਚ ਹਰ ਪ੍ਰਭਾਵੀ ਦਵਾਈਆਂ ਵੀ ਰਲਾਈਆਂ ਜਾਂਦੀਆ ਸਨ। ਕਲਿਆਣ ਕਰਕਮ ਵਿਚ ਹਰ ਤਰ੍ਹਾਂ ਦੇ ਇਲਾਜ ਦਾ ਵੀ ਵਰਣਨ ਕੀਤਾ ਗਿਆ ਹੈ। ਇਨ੍ਹਾਂ ਵਿਚੋਂ ਇਕ ਵਿਧੀ ਦਾ ਨਾਂ ਦਰਸ਼ਨਮ ਹੈ ਜਿਸ ਦਾ ਮਤਲਬ ਹੈ ਕਿ ਵੇਖਣਾ। ਇਸ ਵਿਚ ਰੋਗੀਆਂ ਨੂੰ ਅਜਿਹੇ ਫੁੱਲ ਦਿਖਾਏ ਜਾਂਦੇ ਸਨ ਜਿਨ੍ਹਾਂ ਵਿਚ ਕੋਈ ਖਾਸ ਸੁਗੰਧ ਹੁੰਦੀ ਹੈ ਜਾਂ ਜਿਨ੍ਹਾਂ ਦਾ ਕੋਈ ਖਾਸ ਰੰਗ ਹੁੰਦਾ ਹੈ। ਉਨ੍ਹਾਂ ਨੂੰ ਦਿਖਾਉਣ ਲਈ ਇਕ ਸਮਾਂ ਸੀਮਾ ਵੀ ਨਿਸ਼ਚਿਤ ਕੀਤੀ ਗਈ ਹੈ। ਉਦਾਹਰਣ ਵਜੋਂ ਇਕ ਮਾਨਸਿਕ ਰੋਗੀ ਨੂੰ ਕਿਹਾ ਜਾ ਸਕਦਾ ਹੈ ਕਿ ਉਹ ਸ਼ਾਮੀਂ ਸੂਰਜ ਡੁੱਬਣ ਤੋਂ ਪਹਿਲਾਂ ਕੁਝ ਚਿਰ ਲਈ ਨੀਲੇ ਸੰਘੂ ਪੁਸ਼ਪਮ ਫੁੱਲਾਂ ਨੂੰ ਦੇਖਦਾ ਰਹੇ ਉਸ ਨੂੰ ਇਹ ਵੀ ਕਿਹਾ ਜਾ ਸਕਦਾ ਹੈ ਕਿ ਉਹ ਪ੍ਰਭਾਤ ਵੇਲੇ ਸੂਰਜ ਚੜ੍ਹਣ ਤੋਂ ਪਹਿਲਾਂ ਚੰਪੇ ਦੇ ਫੁੱਲਾਂ ਦੇ ਹਾਰ ਤਿਆਰ ਕਰੇ।

ਫੁੱਲਾਂ ਦੇ ਵਿਛਾਉਣੇ ਤੇ ਫੁੱਲਾਂ ਦੇ ਸਿਹਰੇ ਦਰਸ਼ਨਮ ਚਕਿੱਤਸਾ ਦੇ ਰੂਪ ਹੀ ਹਨ। ਇਨ੍ਹਾਂ ਵਿਚ ਰੋਗੀ ਨੂੰ ਕਿਹਾ ਜਾ ਸਕਦਾ ਹੈ ਕਿ ਉਹ ਕੁਝ ਨਿਸ਼ਚਿਤ ਚਿਰ ਲਈ ਫੁੱਲਾਂ ਦੇ ਵਿਛਾਉਣੇ ਉਤੇ ਲੇਟੇ ਜਾਂ ਫੁੱਲਾਂ ਦਾ ਸਿਹਰਾ ਪਹਿਨੇ। ਪੁਸ਼ਪ ਆਯੁਰਵੇਦ ਵਿਚ ਇਨ੍ਹਾਂ ਗੱਲਾਂ ਨੂੰ ਵੀ ਗਿਣਤੀ ਵਿਚ ਲਿਆ ਜਾਂਦਾ ਹੈ ਕਿ ਫੁੱਲ ਕਦੋਂ ਤੋੜੇ ਜਾਂਦੇ ਹਨ ਅਤੇ ਜਿਸ ਬੂਟੇ ਤੋਂ ਉਹ ਤੋੜੇ ਜਾਂਦੇ ਹਨ ਉਨ੍ਹਾਂ ਦੀ ਉਮਰ ਕਿੰਨੀ ਹੈ। ਇਸ ਤਰ੍ਹਾਂ ਇਹ ਵਿਗਿਆਨ ਪੂਰੀ ਤਰ੍ਹਾਂ ਵਿਸਥਾਰ ਪੂਰਵਕ ਤੇ ਟਿਚਨ ਹੈ।

ਪ੍ਰਾਚੀਨ ਸ਼ਾਸਤਰਾਂ ਦੇ ਸਾਡੇ ਅਜੋਕੇ ਗਿਆਨ ਤੋਂ ਖਾਸ ਖਾਸ ਰੋਗਾਂ ਦੇ ਇਲਾਜ ਲਈ ਫੁੱਲਾਂ ਦੀ ਵਰਤੋਂ ਬਾਰੇ ਨਿਸ਼ਚਿਤ ਸੰਕੇਤ ਪ੍ਰਾਪਤ ਕੀਤੇ ਗਏ ਹਨ। ਅਸਲ ਵਿਚ ਫੁੱਲਾਂ ਨੂੰ ਹਰ ਤਰ੍ਹਾਂ ਦੇ ਇਲਾਜਾਂ ਦਾ ਇਕ ਪ੍ਰਭਾਵੀ ਪੂਰਕ ਮੰਨਿਆ ਗਿਆ ਹੈ। ਇਸ ਦ੍ਰਿਸ਼ਟੀ ਕੋਣ ਤੋਂ ਫੁੱਲਾਂ ਰਾਹੀਂ ਇਲਾਜ ਦੀਆਂ ਅੱਜ ਦੇ ਯੁੱਗ ਵਿਚ ਵੀ ਮਹਾਨ ਸੰਭਾਵਨਾਵਾਂ ਹਨ। ਕੋਈ ਪ੍ਰਮੁੱਖ ਆਯੁਰਵੈਦਿਕ ਸੰਸਥਾਵਾਂ ਨੇ ਕਲਿਆਣ ਕਰਕਮ ਵਿਚ ਦੱਸੇ ਗਏ ਇਲਾਜਾਂ ਦੇ ਆਧਾਰ 'ਤੇ ਨਵੀਆਂ ਵਿਧੀਆਂ ਵਿਕਸਿਤ ਕੀਤੀਆਂ ਹਨ ਜੋ ਹੁਣ ਸਵਸਥ ਸੈਰ ਸਪਾਟਾ ਦਾ ਹਿੱਸਾ ਹਨ। ਇਨ੍ਹਾਂ ਵਿਧੀਆਂ ਵਿਚ ਆਰਾਮ ਦੇ ਨਾਲ ਫੁੱਲਾਂ ਦੇ ਬੂਟੇ ਲਾਉਣਾ ਤੇ ਉਨ੍ਹਾਂ ਦੀ ਕਾਸ਼ਤਕਾਰੀ ਨੂੰ ਵੀ ਸ਼ਾਮਲ ਕੀਤਾ ਜਾਂਦਾ ਹੈ। ਇਲਾਜ ਦੇ ਨਾਲ-ਨਾਲ ਇਸ ਕਿਸਮ ਦੇ ਸੈਰ-ਸਪਾਟਾ ਨੂੰ ਦੇਸ਼ ਭਰ ਵਿਚ ਅਪਣਾਇਆ ਜਾ ਸਕਦਾ ਹੈ। ਕੇਰਲਾ ਨੇ ਇਸੇ ਮਾਮਲੇ ਵਿਚ ਕੁਝ ਪਹਿਲਕਦਮੀ ਕੀਤੀ ਹੈ ਜਿਸ ਨੂੰ ਸਾਰੇ ਦੇਸ਼ ਵਿਚ ਦੁਹਰਾਇਆ ਜਾ ਸਕਦਾ ਹੈ ਤੇ ਇਸ ਦੇ ਬਹੁਤ ਚੰਗੇ ਨਤੀਜੇ ਨਿਕਲ ਸਕਦੇ ਹਨ।

## ਆਫਿਸ 'ਚ ਪਿਆਰ ! ਕੌਣ ਕਰੇ ਇਨਕਾਰ

ਇਕ ਸਾਈਟ ਦੇ ਔਨਲਾਈਨ ਸਰਵੇ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਭਾਰਤ ਵਿਚ ਆਫਿਸ ਵਿਚ ਕੰਮ ਕਰਨ ਵਾਲੇ ਲੱਗਭੱਗ 58 ਫੀਸਦੀ ਕਰਮਚਾਰੀ ਆਫਿਸ ਵਿਚ ਰੋਮਾਂਸ ਨੂੰ ਤਰਜੀਹ ਦਿੰਦੇ ਹਨ। ਇਸ ਸਰਵੇ ਦੇ ਨਤੀਜੇ ਭਾਰਤ ਦੀਆਂ ਕੰਮ ਵਾਲੀਆਂ ਥਾਵਾਂ 'ਤੇ ਬਦਲਦੇ ਹੋਏ ਸਮਾਜਿਕ ਸਮੀਕਰਨਾਂ ਵੱਲ ਸੰਕੇਤ ਕਰਦੇ ਹਨ।



ਅਰਥ-ਵਿਵਸਥਾ ਦੇ ਭੂਮੰਡਲੀਕਰਨ ਅਤੇ ਬਹੁਕੌਮੀ ਕੰਪਨੀਆਂ ਦੀ ਵਧਦੀ ਹੋਈ ਗਿਣਤੀ ਨੇ ਭਾਰਤ ਦੇ ਸਭਿਆਚਾਰਕ ਅਤੇ ਵਿਵਹਾਰਕ ਢਾਂਚੇ ਵਿਚ ਤੇਜ਼ੀ ਨਾਲ ਤਬਦੀਲੀ ਕੀਤੀ ਹੈ। ਇਸ ਤੋਂ ਸਾਡੇ ਆਫਿਸ ਵੀ ਬਚੇ ਨਹੀਂ ਰਹਿ ਸਕੇ ਹਨ। ਮਾਨਸਟਰ ਡਾਟ ਕਾਮ ਸਾਈਟ ਦੁਆਰਾ ਕੀਤੇ ਗਏ ਔਨਲਾਈਨ ਸਰਵੇ ਤੋਂ ਇਸ ਗੱਲ ਦੀ ਪੁਸ਼ਟੀ ਹੋਈ ਹੈ, ਜਿਸ ਵਿਚ 58 ਫੀਸਦੀ ਤੋਂ ਜ਼ਿਆਦਾ ਲੋਕਾਂ ਨੇ ਆਫਿਸ ਵਿਚ ਅਫੇਅਰ ਹੋਣ ਦੀ ਗੱਲ ਕਹੀ ਜਾਂ ਅਫੇਅਰ ਸ਼ੁਰੂ ਕਰਨ ਦੇ ਲਈ ਆਪਣੀ ਇੱਛਾ ਜ਼ਾਹਿਰ ਕੀਤੀ। ਆਫਿਸ ਵਿਚ ਕਿਸੇ ਅਫੇਅਰ ਹੋਣ ਦੇ ਸਵਾਲ 'ਤੇ 42 ਫੀਸਦੀ ਲੋਕਾਂ ਨੇ ਇਸਨੂੰ ਗਲਤ ਦੱਸਿਆ, ਜਦਕਿ 35 ਫੀਸਦੀ ਲੋਕਾਂ ਨੇ ਸਿੱਧੀ ਹਾਮੀ ਨਹੀਂ ਭਰੀ ਅਤੇ 23 ਫੀਸਦੀ ਨੇ ਭਵਿੱਖ ਵਿਚ ਅਫੇਅਰ ਸ਼ੁਰੂ ਕਰਨ ਦੇ ਪੱਖ ਵਿਚ ਆਪਣੀ ਸਹਿਮਤੀ ਜ਼ਾਹਿਰ ਕੀਤੀ।

ਅੱਜ ਦੇ ਮਾਹੌਲ ਵਿਚ ਅੱਗੇ ਵਧਣ ਦੇ ਲਈ ਨੌਕਰੀ ਵਿਚ ਚੰਗਾ ਪ੍ਰਦਰਸ਼ਨ ਕਰਨ ਅਤੇ ਸੁਰੱਖਿਅਤ ਭਵਿੱਖ ਦੇ ਲਈ ਲੋਕ ਜ਼ਿਆਦਾਤਰ ਸਮਾਂ ਆਫਿਸ ਵਿਚ ਹੀ ਬਤੀਤ ਕਰਨ ਲੱਗੇ ਹਨ। ਦੂਜੇ ਸ਼ਬਦਾਂ ਵਿਚ ਕਹੀਏ ਤਾਂ ਉਹ ਆਪਣੇ ਨਾਲ ਵਾਲੇ ਕਰਮਚਾਰੀਆਂ ਦੇ ਨਾਲ ਜ਼ਿਆਦਾ ਸਮਾਂ ਬਤੀਤ ਕਰ ਰਹੇ ਹਨ। ਇਸ ਮਾਹੌਲ ਵਿਚ ਜੇਕਰ ਦੋ ਲੋਕਾਂ ਵਿਚਕਾਰ ਮਿੱਤਰਤਾ ਵਾਲੀ ਭਾਵਨਾ ਕੁਝ ਗਾੜ੍ਹੀ ਹੋ ਜਾਵੇ ਤਾਂ ਕੋਈ ਹੈਰਾਨੀ ਵਾਲੀ ਗੱਲ ਨਹੀਂ। ਆਈ. ਟੀ. ਸੈਕਟਰ ਦੀਆਂ ਕਈ ਕੰਪਨੀਆਂ ਤਾਂ ਆਫਿਸ ਰੋਮਾਂਸ ਨੂੰ ਪੂਰਾ ਉਤਸ਼ਾਹਿਤ ਕਰਦੀਆਂ ਹਨ। ਉਹਨਾਂ ਦਾ ਮੰਨਣਾ ਹੈ ਕਿ ਇਸ ਤੋਂ ਆਫਿਸ ਦਾ ਵਾਤਾਵਰਣ ਚੰਗਾ ਬਣਿਆ ਰਹਿੰਦਾ ਹੈ ਅਤੇ ਕੰਮ 'ਤੇ ਵੀ ਸਕਾਰਾਤਮਕ ਅਸਰ ਪੈਂਦਾ ਹੈ। ਅਮਰੀਕਾ ਅਤੇ ਯੂਰਪੀ ਦੇ ਕਈ ਦੇਸ਼ਾਂ ਵਿਚ ਤਾਂ ਕਾਰਪੋਰੇਟ ਸੈਕਟਰ ਆਫਿਸ ਵਿਚ ਬਿਹਤਰ ਅਤੇ ਸਕਾਰਾਤਮਕ ਵਾਤਾਵਰਣ ਬਣਾਉਣ ਦੇ ਲਈ ਕਈ ਵਿਸ਼ੇਸ਼ ਨੀਤੀਆਂ ਤੱਕ ਬਣਾਈਆਂ ਜਾਂਦੀਆਂ ਹਨ। ਭਾਰਤ ਵਿਚ ਵੀ ਕੰਪਨੀਆਂ ਅਜਿਹੇ ਹੀ ਯਤਨ ਕਰ ਰਹੀਆਂ ਹਨ, ਹਾਲਾਂਕਿ ਇਹ ਫਿਲਹਾਲ ਸ਼ੁਰੂਆਤੀ ਦੌਰ ਵਿਚ ਹੈ। ਇਸ ਸੰਦਰਭ ਵਿਚ ਇਕ ਐਡਵਰਟਾਈਜ਼ਿੰਗ ਕੰਪਨੀ ਦੇ ਡਾਇਰੈਕਟਰ ਦਾ ਮੰਨਣਾ ਹੈ ਕਿ ਆਪਸੀ ਤਾਲਮੇਲ ਦੇ ਦ੍ਰਿਸ਼ਟੀਕੋਣ ਨਾਲ ਇਸਨੂੰ ਸਕਾਰਾਤਮਕ ਮੰਨਿਆ ਜਾ ਸਕਦਾ ਹੈ ਪਰ ਅਜਿਹੇ ਕਿਸੇ ਵੀ ਰਿਸ਼ਤੇ ਨੂੰ ਗੁਪਤ ਹੀ ਰੱਖਣਾ ਚਾਹੀਦਾ ਹੈ। ਦੂਜੇ ਪਾਸੇ ਕਰਮਚਾਰੀਆਂ ਦਾ ਮੰਨਣਾ ਹੈ ਕਿ ਆਫਿਸ ਵਿਚ ਰੋਮਾਂਸ ਕਰਨ ਵਿਚ ਕੋਈ ਬੁਰਾਈ ਨਹੀਂ ਹੈ ਪਰ ਇਸਨੂੰ ਸਰਵਜਨਿਕ ਨਹੀਂ ਕਰਨਾ ਚਾਹੀਦਾ। ਜਿੱਥੋਂ ਤੱਕ ਕੰਪਨੀ ਦਾ ਸਵਾਲ ਹੈ, ਤਾਂ ਕੰਪਨੀ ਨੂੰ ਕਿਸੇ ਦੇ ਨਿੱਜੀ ਜੀਵਨ ਵਿਚ ਦਖਲਅੰਦਾਜ਼ੀ ਕਰਨ ਦਾ ਅਧਿਕਾਰ ਨਹੀਂ ਹੈ, ਜੇਕਰ ਉਹ ਵਿਅਕਤੀ ਆਪਣਾ ਕੰਮ ਠੀਕ ਢੰਗ ਨਾਲ ਕਰ ਰਿਹਾ ਹੈ। ਆਫਿਸ ਵਿਚ ਰੋਮਾਂਸ ਹੋਣ 'ਤੇ ਨਤੀਜਿਆਂ ਦੇ ਲਈ ਵੀ ਤਿਆਰ ਰਹਿਣਾ ਚਾਹੀਦਾ ਹੈ ਪਰ ਸਾਰੀਆਂ ਕੰਪਨੀਆਂ ਇਸਨੂੰ ਚੰਗੀ ਦ੍ਰਿਸ਼ਟੀ ਨਾਲ ਨਹੀਂ ਦੇਖਦੀਆਂ। ਕੋਲਕਾਤਾ ਵਿਚ ਕੁਝ ਕੰਪਨੀਆਂ ਨੇ ਤਾਂ ਆਫਿਸ ਵਿਚ ਰੋਮਾਂਸ ਦੇ ਵਿਰੋਧ 'ਚ ਨਿਯਮ ਤੱਕ ਬਣਾ ਦਿੱਤੇ ਹਨ, ਜਦਕਿ ਕਈ ਕੰਪਨੀਆਂ ਇਸ ਸਬੰਧ ਵਿਚ ਚੁੱਪ ਹਨ। ਅੱਜ ਦੇ ਯੁੱਗ ਵਿਚ ਕੰਪਨੀ ਦੇ ਲਈ ਸਭ ਤੋਂ ਜ਼ਰੂਰੀ ਚੀਜ਼ ਹੈ ਲਾਭ ਕਮਾਉਣਾ। ਕੰਪਨੀ ਦੀਆਂ ਸਾਰੀਆਂ ਨੀਤੀਆਂ ਇਸੇ ਟੀਚੇ ਵੱਲ ਨਿਰਦੇਸ਼ਿਤ ਹੁੰਦੀਆਂ ਹਨ, ਇਸ ਕਰਕੇ ਕੰਪਨੀਆਂ ਆਫਿਸ ਵਿਚ ਕੁਝ ਹੱਦ ਤੱਕ ਤਾਂ ਅਨੁਸ਼ਾਸਨ ਬਣਾ ਕੇ ਰੱਖਣ ਦੇ ਪੱਖ ਵਿਚ ਖੜ੍ਹੀਆਂ ਨਜ਼ਰ ਆਉਂਦੀਆਂ ਹਨ।

ਯੇਲ ਯੂਨੀਵਰਸਿਟੀ ਵਿਚ ਹੋਏ ਇਕ ਅਧਿਐਨ ਦੇ ਮੁਤਾਬਕ ਜੋ ਔਰਤ-ਪੁਰਸ਼ ਆਪਣੇ ਜੀਵਨ ਵਿਚ ਪਿਆਰ ਦੇ ਜਜ਼ਬੇ ਨੂੰ ਮਹਿਸੂਸ ਕਰਦੇ ਹਨ, ਉਹਨਾਂ ਨੂੰ ਦਿਲ ਦੀ ਬਿਮਾਰੀ ਬਹੁਤ ਘੱਟ ਲੱਗਦੀ ਹੈ। ਮੁਕਾਬਲਿਆਂ ਦੇ ਇਸ ਯੁੱਗ ਵਿਚ ਸਫਲ ਹੋਣ ਦੇ ਦਬਾਅ ਤੋਂ ਪੈਦਾ ਹੋਏ ਤਣਾਅ ਦੇ ਕਾਰਨ ਦਿਲ ਦੇ ਮਰੀਜ਼ਾਂ ਦੀ ਗਿਣਤੀ ਦਿਨੋ-ਦਿਨ ਵਧਦੀ ਜਾ ਰਹੀ ਹੈ। ਅਜਿਹੇ ਵਿਚ ਆਫਿਸ ਵਿਚ ਹੋਣ ਵਾਲੇ ਤਣਾਅ ਨੂੰ ਘੱਟ ਕਰਨ ਵਿਚ ਰੋਮਾਂਸ ਕੁਝ ਹੱਦ ਤੱਕ ਕਾਮਯਾਬ ਸਾਬਤ ਹੋ



## ਸੰਪਾਦਕੀ

# ਕੇਂਦਰ ਸਰਕਾਰ ਵੱਲੋਂ ਤਜਵੀਜਤ ਹਲਕਾਬੰਦੀ ’ਤੇ ਵਿਵਾਦ

ਕੇਂਦਰ ਸਰਕਾਰ ਵੱਲੋਂ ਤਜਵੀਜ਼ਤ ਹੱਦਬੰਦੀ ਕਾਰਨ ਵਿਰੋਧੀ ਧਿਰਾਂ ਦੇ ਸ਼ਾਸਨ ਵਾਲੇ ਸੂਬਿਆਂ, ਖ਼ਾਸਕਰ ਦੱਖਣੀ ਭਾਰਤ ਵਿੱਚ ਹੰਗਾਮਾ ਸ਼ੁਰੂ ਹੋ ਗਿਆ ਹੈ। ਲੋਕ ਸਭਾ ਹਲਕਿਆਂ ਦੀ ਮੁੜ ਹੱਦਬੰਦੀ ਕਰਨ ਲਈ ਸਾਲ 2011 ਦੀ ਮਰਦਮਸ਼ੁਮਾਰੀ ਨੂੰ ਆਧਾਰ ਬਣਾਉਣ ਦੀ ਕੇਂਦਰ ਸਰਕਾਰ ਦੀ ਵਿਉਂਤ ਕਾਰਨ ਖ਼ਦਸ਼ਾ ਪ੍ਰਗਟਾਇਆ ਜਾ ਰਿਹਾ ਹੈ ਕਿ ਇਸ ਨਾਲ ਹਿੰਦੀ ਭਾਸ਼ੀ ਖਿੱਤਿਆਂ ਦੇ ਵੱਧ ਜਨਸੰਖਿਆ ਵਾਲੇ ਰਾਜਾਂ ’ਚ ਫੈਡਰਲ ਤਵਾਜ਼ਨ ਵਿਗੜ ਸਕਦਾ ਹੈ। ਵਿਰੋਧੀ ਧਿਰਾਂ ਨੇ ਦੁਹਰਾਇਆ ਕਿ ਉਹ ਔਰਤਾਂ ਦੇ ਰਾਖਵਾਂਕਰਨ ਦੀ ਹਮਾਇਤ ਕਰਦੇ ਹਨ, ਪਰ ਉਨ੍ਹਾਂ ਦਾ ਗਿਲ਼ਾ ਹੈ ਕਿ ਰਾਖਵਾਂਕਰਨ ਨੂੰ ਰਾਜਾਂ ਦਰਮਿਆਨ ਅਸਮਾਨਤਾ ਵਧਾਉਣ ਲਈ ਵਰਤਿਆ ਜਾ ਸਕਦਾ ਹੈ। ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਅਤੇ ਤੇਲੰਗਾਨਾ ਦੇ ਮੁੱਖ ਮੰਤਰੀ ਏ. ਰੇਵੰਤ ਰੈੱਡੀ ਨੇ ਕੇਂਦਰ ਸਰਕਾਰ ’ਤੇ ਸਹਿਕਾਰੀ ਫੈਡਰਲਿਜ਼ਮ ਨੂੰ ਕਮਜ਼ੋਰ ਕਰਨ ਲਈ ਜਨਸੰਖਿਆ ਦੇ ਅੰਕੜਿਆਂ ਦੀ ਗ਼ਲਤ ਵਰਤੋਂ ਕਰਨ ਦੇ ਦੋਸ਼ ਲਾਏ ਹਨ। ਦੂਜੇ ਪਾਸੇ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਦੀ ਵਧੇਰੇ ਨੁਮਾਇੰਦਗੀ ਦੀ ਲੋੜ ’ਤੇ ਵਿਵਾਦ ਨਹੀਂ ਹੋ ਸਕਦਾ। ਔਰਤਾਂ ਦੇ ਰਾਖਵਾਂਕਰਨ ਅਤੇ ਹੱਦਬੰਦੀ ਲਾਗੂ ਕਰਨ ਵਿਚਾਲੇ ਇਹ ਸਬੰਧ ਹੈ ਕਿ ਦੋਵਾਂ ਲਈ 15 ਸਾਲ ਪੁਰਾਣੀ ਮਰਦਮਸ਼ੁਮਾਰੀ ਨੂੰ ਆਧਾਰ ਬਣਾਉਣ ਕਾਰਨ ਇਹ ਮਾਮਲਾ ਗੁੰਝਲਦਾਰ ਜਾਪਦਾ ਹੈ। ਜੇਕਰ ਕਾਹਲੀ ਵਿੱਚ ਬਗ਼ੈਰ ਕਿਸੇ ਚਰਚਾ ਤੋਂ ਲੋਕ ਸਭਾ ਹਲਕਿਆਂ ਦੀ ਮੁੜ ਹੱਦਬੰਦੀ ਕੀਤੀ ਜਾਂਦੀ ਹੈ ਤਾਂ ਇਹ ਕੇਂਦਰ ਤੇ ਰਾਜਾਂ ਦਰਮਿਆਨ ਬੇਭਰੋਸਗੀ ਵਧਾ ਸਕਦਾ ਹੈ ਕਿਉਂਕਿ ਜਦੋਂ ਸੰਸਦੀ ਚੋਣਾਂ ਵਿੱਚ ਕਰੀਬ ਅੱਧਾ ਸਮਾਂ ਰਹਿ ਗਿਆ ਹੋਵੇ, ਉਦੋਂ ਰਾਖਵਾਂਕਰਨ ਦੇ ਫ਼ੈਸਲੇ ’ਤੇ ਉਂਗਲ ਉੱਠਣੀ ਲਾਜ਼ਮੀ ਹੈ। ‘ਇੱਕ ਵਿਅਕਤੀ, ਇੱਕ ਵੋਟ’ ਦੇ ਅਧਿਕਾਰ ਤਹਿਤ ਅਮੀਰ, ਗ਼ਰੀਬ ਅਤੇ ਹਰ ਵਰਗ ਦੇ ਲੋਕਾਂ ਦੀ ਬਰਾਬਰੀ ਦੇ ਸਿਧਾਂਤ ਨੂੰ ਅਮਲੀ ਜਾਮਾ ਪਹਿਨਾਉਣ ਲਈ ਭਾਰਤ ਦੇ ਵਿਕਾਸ ਪੰਧ ਦੇ ਮੁਤਾਬਿਕ ਤਵਾਜ਼ਨ ਕਾਇਮ ਕਰਨਾ ਪਵੇਗਾ। ਇਤਿਹਾਸਕ ਤੌਰ ’ਤੇ ਆਬਾਦੀ ’ਤੇ ਕਾਬੂ ਪਾਉਣ, ਸਿੱਖਿਆ ਅਤੇ ਜਨਤਕ ਸਿਹਤ ਖੇਤਰ ਵਿੱਚ ਨਿਵੇਸ਼ ਕਰਨ ਵਾਲੇ ਦੱਖਣੀ ਸੂਬੇ ਹੁਣ ਆਪਣੇ ਫ਼ੈਸਲਿਆਂ ਕਾਰਨ ਖ਼ੁਦ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਕੇਰਲਮ ਦੇ ਮੁੱਖ ਮੰਤਰੀ ਪਿਨਾਰਾਈ ਵਿਜਯਨ ਨੇ ਬਿਲਕੁਲ ਸਹੀ ਸਵਾਲ ਕੀਤਾ ਹੈ ਕਿ ਕੀ ਅਜਿਹੀ ਪਹੁੰਚ ਖ਼ਤਰਨਾਕ ਸੁਨੇਹਾ ਦਿੰਦੀ ਹੈ ਅਤੇ ਸ਼ਾਸਨ ਤੇ ਜਨਜੰਖਿਆ ਅਨੁਸ਼ਾਸਨ ਨਾਲ ਸਿਆਸੀ ਪ੍ਰਭਾਵ ਘਟ ਸਕਦਾ ਹੈ ? ਅਸਲ ਵਿੱਚ ਹਲਕਾਬੰਦੀ ਇੱਕ ਸਿਆਸੀ ਫ਼ੈਸਲਾ ਹੈ ਜਿਸ ਦੇ ਦੂਰਗਾਮੀ ਨਤੀਜੇ ਨਿਕਲ ਸਕਦੇ ਹਨ। ਜੇਕਰ ਖੇਤਰੀ ਤਵਾਜ਼ਨ ਅੱਖੋਂ-ਪਰੋਖੇ ਕਰ ਕੇ ਇਸ ਨੂੰ ਲਾਗੂ ਕੀਤਾ ਜਾਂਦਾ ਹੈ ਤਾਂ ਇਸ ਨਾਲ ਉੱਤਰੀ ਤੇ ਦੱਖਣੀ ਰਾਜਾਂ ਵਿੱਚ ਪਾੜਾ ਵਧਣ ਅਤੇ ਕੇਂਦਰ ਸਰਕਾਰ ਦੀ ਨਿਰਪੱਖਤਾ ਵਾਲੀ ਪਹੁੰਚ ਨੂੰ ਖੋਰਾ ਲੱਗ ਸਕਦਾ ਹੈ। ਇੱਥੇ ਨੁਮਾਇੰਦੀ ਅਤੇ ਬਰਾਬਰੀ ਦਰਮਿਆਨ ਸੰਤੁਲਨ ਬਣਾਉਣ ਦੀ ਸਖ਼ਤ ਲੋੜ ਹੈ ਤਾਂ ਕਿ ਭਾਰਤ ਦੀ ਵੰਨ-ਸੁਵੰਨਤਾ ਦੇਸ਼ ਦੀ ਤਾਕਤ ਬਣੇ, ਨਾ ਕਿ ਕਮਜ਼ੋਰੀ। ਜੇਕਰ ਮੌਜੂਦਾ ਲੋਕ ਸਭਾ ਹਲਕਿਆਂ ਦੀ ਗਿਣਤੀ ਦੇ ਆਧਾਰ ’ਤੇ ਔਰਤਾਂ ਨੂੰ 33 ਫ਼ੀਸਦੀ ਰਾਖਵਾਂਕਰਨ ਦਿੱਤਾ ਜਾਵੇ ਤਾਂ ਇਸ ਦਾ ਸੌਖਾ ਅਤੇ ਸਾਧਾਰਨ ਹੱਲ ਨਿਕਲ ਸਕਦਾ ਹੈ।

# ਐੱਚ.ਡੀ.ਐੱਫ.ਸੀ. ਬੈਂਕ ਪਰਿਵਰਤਨ ਨੇ 15,200 ਤੋਂ ਵੱਧ ਜਲ ਸਰੋਤਾਂ ਦਾ ਨਿਰਮਾਣ ਕੀਤਾ

**ਚੰਡੀਗੜ੍ਹ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਐੱਚ.ਡੀ.ਐੱਫ.ਸੀ. ਬੈਂਕ ਦੇ ਪ੍ਰਮੁੱਖ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਪ੍ਰੋਗਰਾਮ, ਐੱਚ.ਡੀ.ਐੱਫ.ਸੀ. ਬੈਂਕ ਪਰਿਵਰਤਨ ਨੇ ਐਲਾਨ ਕੀਤਾ ਕਿ ਉਸਨੇ ਭਾਰਤ ਭਰ ਵਿੱਚ 15,289 ਤੋਂ ਵੱਧ ਜਲ ਸਰੋਤਾਂ ਦਾ ਨਿਰਮਾਣ ਅਤੇ ਨਵੀਨੀਕਰਨ ਕੀਤਾ ਹੈ। ਇਹ ਸਰੋਤ 10,430 ਤੋਂ ਵੱਧ ਪਿੰਡਾਂ ਵਿੱਚ ਫੈਲੇ ਹੋਏ ਹਨ ਅਤੇ 1.492 ਮਿਲੀਅਨ ਪਰਿਵਾਰਾਂ ਦੀ ਮਦਦ ਕੀਤੀ ਹੈ। ਇਸਦੇ ’ਸਿਹਤ ਅਤੇ ਸਫਾਈ’ ਥੰਮ੍ਹ ਦੇ ਤਹਿਤ, 950 ਤੋਂ ਵੱਧ ਪਿੰਡਾਂ ਨੂੰ ਸਮੁਦਾਇਕ ਸ਼ੁੱਧੀਕਰਨ ਪ੍ਰਣਾਲੀਆਂ ਰਾਹੀਂ ਸੁਰੱਖਿਅਤ ਪੀਣ ਵਾਲਾ ਪਾਣੀ ਵੀ ਪ੍ਰਦਾਨ ਕੀਤਾ ਗਿਆ ਹੈ। ਇਸ ਮੌਕੇ ’ਤੇ ਬੋਲਦਿਆਂ, ਐਚਡੀਐਫਸੀ ਬੈਂਕ ਦੀ ਸੀਐਸਆਰ ਮੁਖੀ ਸ਼੍ਰੀਮਤੀ ਨੁਸਰਤ ਪਠਾਨ ਨੇ ਕਿਹਾ, ਐਚਡੀਐਫਸੀ ਬੈਂਕ ਪਰਿਵਰਤਨ ਵਿਖੇ, ਅਸੀਂ ਭਾਈਚਾਰਿਆਂ ਤੱਕ ਪਹੁੰਚਣ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕੰਮ ਕੀਤਾ ਹੈ, ਭਾਵੇਂ ਇਹ ਪਹਾੜਾਂ ਵਿੱਚ ’ਆਈਸ ਸਟੂਪ’ ਬਣਾਉਣਾ ਹੋਵੇ ਜਾਂ ਉਨ੍ਹਾਂ ਪਿੰਡਾਂ ਵਿੱਚ ਪਾਣੀ ਸ਼ੁੱਧੀਕਰਨ ਪਲਾਂਟ ਲਗਾਉਣਾ ਹੋਵੇ ਜਿਨ੍ਹਾਂ ਕੋਲ ਕਦੇ ਸਾਫ਼ ਟੂਟੀ ਵਾਲੇ ਪਾਣੀ ਦੀ ਪਹੁੰਚ ਨਹੀਂ ਸੀ। ’ਪਰਿਵਰਤਨ’ ਰਾਹੀਂ, ਸਾਡੇ ਕੰਮ ਵਿੱਚ ਵਾਟਰਸ਼ੈੱਡ ਵਿਕਾਸ, ਮੀਂਹ ਦੇ ਪਾਣੀ ਦੀ ਸੰਭਾਲ, ਜਲ ਸਰੋਤਾਂ ਦਾ ਨਿਰਮਾਣ ਅਤੇ ਮੁੜ ਸੁਰਜੀਤ ਕਰਨਾ, ਆਖਰੀ ਮੀਲ ਸਿੰਚਾਈ ਬੁਨਿਆਦੀ ਢਾਂਚਾ ਪ੍ਰਦਾਨ ਕਰਨਾ, ਅਤੇ ਵਾਤਾਵਰਣ ਅਨੁਕੂਲ ਖੇਤੀ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਸ਼ਾਮਲ ਹੈ। 15,000 ਤੋਂ ਵੱਧ ਪਾਣੀ ਦੇ ਢਾਂਚੇ ਬਣਾਉਣਾ ਅਤੇ ਲਗਭਗ ਇੱਕ ਹਜ਼ਾਰ ਪਿੰਡਾਂ ਨੂੰ ਸੁਰੱਖਿਅਤ ਪੀਣ ਵਾਲਾ ਪਾਣੀ ਪ੍ਰਦਾਨ ਕਰਨਾ ਇੱਕ ਮਹੱਤਵਪੂਰਨ ਪ੍ਰਾਪਤੀ ਹੈ, ਪਰ ਸਾਡੀ ਅਸਲ ਸਫਲਤਾ ਉਨ੍ਹਾਂ ਖੇਤਾਂ ਵਿੱਚ ਦਿਖਾਈ ਦਿੰਦੀ ਹੈ ਜੋ ਹੁਣ ਹੋਰ ਫਸਲਾਂ ਉਗਾਉਂਦੇ ਹਨ ਅਤੇ ਉਨ੍ਹਾਂ ਬੱਚਿਆਂ ਵਿੱਚ ਜੋ ਹੁਣ ਦੂਸ਼ਿਤ ਪਾਣੀ ਕਾਰਨ ਬਿਮਾਰ ਨਹੀਂ ਹੁੰਦੇ। ਅਸੀਂ ’ਪਾਣੀ-ਸੁਰੱਖਿਅਤ ਭਾਰਤ’ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਬੈਂਕ ਨੇ ਇਨ੍ਹਾਂ ਸਾਰੇ ਖੇਤਰਾਂ ਵਿੱਚ ਕਈ ਤਰ੍ਹਾਂ ਦੇ ਜਲ ਸਰੋਤਾਂ ਦਾ ਨਿਰਮਾਣ ਅਤੇ ਨਵੀਨੀਕਰਨ ਕੀਤਾ ਹੈ। ਇਨ੍ਹਾਂ ਵਿੱਚ ਖੇਤ ਤਲਾਅ, ਚੈੱਕ ਡੈਮ, ਸਕੂਲਾਂ ਲਈ ਪਾਣੀ ਦੀ ਸੰਭਾਲ ਪ੍ਰਣਾਲੀਆਂ, ਸਿਹਤ ਕੇਂਦਰਾਂ ਅਤੇ ਘਰਾਂ ਵਿੱਚ ਮੀਂਹ ਦੇ ਪਾਣੀ ਦੀ ਸੰਭਾਲ ਪ੍ਰਣਾਲੀਆਂ ਸ਼ਾਮਲ ਹਨ। ਮੱਧ ਭਾਰਤ ਵਿੱਚ, ਜਲ ਪਹਿਲਕਦਮੀ ਰਾਹੀਂ ਲਿਫਟ ਸਿੰਚਾਈ ਅਤੇ ਰੀਚਾਰਜ ਖੂਹਾਂ ਨੇ ਆਦਿਵਾਸੀ ਕਿਸਾਨ ਭਾਈਚਾਰਿਆਂ ਲਈ ਪਾਣੀ ਦੀ ਪਹੁੰਚ ਵਧਾ ਦਿੱਤੀ ਹੈ। ਪੀਣ ਵਾਲੇ ਪਾਣੀ ਲਈ, ਬੈਂਕ ਨੇ ਸਥਾਨਕ ਜਲ ਸਰੋਤਾਂ ਦੇ ਵਿਸ਼ਲੇਸ਼ਣ ਦੇ ਆਧਾਰ ’ਤੇ UV, RO, ਜਾਂ ਮਲਟੀ-ਸਟੇਜ ਫਿਲਟਰੇਸ਼ਨ ਤਕਨਾਲੋਜੀ ਦੀ ਵਰਤੋਂ ਕਰਦੇ ਹੋਏ ਛੋਟੇ ਸ਼ੁੱਧੀਕਰਨ ਪਲਾਂਟ ਲਗਾਏ ਹਨ। ਇਹਨਾਂ ਨੂੰ ਕਮਿਊਨਿਟੀ ਵਾਟਰ ਟੈਂਕ, ਟੂਟੀ ਕਨੈਕਸ਼ਨ, ਅਤੇ ਪਾਣੀ ਦੀ ਗੁਣਵੱਤਾ ਨਿਗਰਾਨੀ ਪ੍ਰਣਾਲੀਆਂ ਦੁਆਰਾ ਵੀ ਸਮਰਥਨ ਦਿੱਤਾ ਗਿਆ ਹੈ।

ਸਿਰਫ਼ ਜਲ ਸਰੋਤ ਬਣਾਉਣ ਨਾਲ ਖੇਤੀਬਾੜੀ ਨਹੀਂ ਬਦਲਦੀ। ਐੱਚ.ਡੀ.ਐੱਫ.ਸੀ. ਬੈਂਕ ਪਰਿਵਰਤਨ ਹਰ ਬੁਨਿਆਦੀ ਢਾਂਚੇ ਦੇ ਨਿਵੇਸ਼ ਦੇ ਨਾਲ-ਨਾਲ ਖੇਤੀਬਾੜੀ ਸਹਾਇਤਾ ਵੀ ਪ੍ਰਦਾਨ ਕਰਦਾ ਹੈ। ਇਸ ਵਿੱਚ ਸੂਖਮ-ਸਿੰਚਾਈ ਪ੍ਰਣਾਲੀਆਂ (ਮਾਈਕ੍ਰੋ-ਸਿੰਜਾਈ ਪ੍ਰਣਾਲੀਆਂ), ਛਾਂਦਾਰ ਨੈੱਟ ਹਾਊਸ, ਬਾਇਓ-ਇਨਪੁਟ ਸਰੋਤ ਕੇਂਦਰ, ਅਤੇ ਬਹੁ-ਪਰਤ ਖੇਤੀ ਵਿਧੀਆਂ ਸ਼ਾਮਲ ਹਨ। ਇਹਨਾਂ ਸੰਯੁਕਤ ਯਤਨਾਂ ਨੇ ਸਿੰਚਾਈ ਅਧੀਨ ਖੇਤਰ ਵਿੱਚ ਵਾਧਾ ਕੀਤਾ ਹੈ, ਅਨਿਯਮਿਤ ਬਾਰਿਸ਼ ’ਤੇ ਨਿਰਭਰਤਾ ਘਟਾਈ ਹੈ, ਅਤੇ ਛੋਟੇ ਕਿਸਾਨਾਂ ਲਈ ਫਸਲਾਂ ਦੀ ਪੈਦਾਵਾਰ ਵਿੱਚ ਸੁਧਾਰ ਕੀਤਾ ਹੈ। ਪਾਣੀ ਦੀ ਵਰਤੋਂ ਕਰਨ ਵਾਲੇ ਭਾਈਚਾਰਕ ਸਮੂਹਾਂ ਨੂੰ ਪਾਣੀ ਦੇ ਬਜਟ ਅਤੇ ਸਮਝਦਾਰੀ ਨਾਲ ਪਾਣੀ ਦੀ ਵਰਤੋਂ ਵਿੱਚ ਸਿਖਲਾਈ ਦਿੱਤੀ ਜਾਂਦੀ ਹੈ। ਇਹ ਯਕੀਨੀ ਬਣਾਉਂਦਾ ਹੈ ਕਿ ਕੋਈ ਵੀ ਪਾਣੀ ਦਾ ਬੁਨਿਆਦੀ ਢਾਂਚਾ ਉਸ ਦੇ ਬਣਨ ਤੋਂ ਬਾਅਦ ਵੀ ਉਪਯੋਗੀ ਰਹਿੰਦਾ ਹੈ।

ਪ੍ਰੋਗਰਾਮ ਦੇ ਡਿਜ਼ਾਈਨ ਵਿੱਚ ਭਾਈਚਾਰਕ ਮਾਲਕੀ ਕੇਂਦਰੀ ਹੈ। ਭਾਗੀਦਾਰ ਪਿੰਡ ਐਕਸ਼ਨ ਪਲਾਨ, ਔਰਤਾਂ ਦੇ ਸਵੈ-ਸਹਾਇਤਾ ਸਮੂਹਾਂ ਅਤੇ ਪਾਣੀ ਉਪਭੋਗਤਾ ਸੰਗਠਨਾਂ ਦੇ ਸਹਿਯੋਗ ਨਾਲ ਵਿਕਸਤ ਕੀਤੇ ਗਏ, ਇਹ ਯਕੀਨੀ ਬਣਾਉਂਦੇ ਹਨ ਕਿ ਹਰ ਨਿਵੇਸ਼ ਸਥਾਨਕ ਤਰਜੀਹਾਂ ਨਾਲ ਮੇਲ ਖਾਂਦਾ ਹੈ। ਜੀਆਈਐਸ-ਅਧਾਰਤ ਯੋਜਨਾਬੰਦੀ ਬਹੁਤ ਹੀ ਸ਼ੁੱਧਤਾ ਨਾਲ ਸਾਈਟ ਦੀ ਚੋਣ ਨੂੰ ਯਕੀਨੀ ਬਣਾਉਂਦੀ ਹੈ। ਮਨਰੇਗਾ ਵਰਗੀਆਂ ਸਰਕਾਰੀ ਯੋਜਨਾਵਾਂ ਨਾਲ ਏਕੀਕਰਨ ਪ੍ਰੋਗਰਾਮ ਦੇ ਪ੍ਰਭਾਵ ਨੂੰ ਹੋਰ ਡੂੰਘਾ ਕਰਦਾ ਹੈ ਅਤੇ ਕੰਮ ਦੀ ਦੁਹਰਾਈ ਤੋਂ ਬਚਦਾ ਹੈ।

# ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਇਸ਼ਾਂਕ ਕੁਮਾਰ ਨੇ ਦਾਣਾ ਮੰਡੀ ’ਚ ਸ਼ੁਰੂ ਕਰਵਾਈ ਕਣਕ ਦੀ ਖਰੀਦ

**ਹੁਸ਼ਿਆਰਪੁਰ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**




ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਸਥਾਨਕ ਦਾਣਾ ਮੰਡੀ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ ਅਤੇ ਮੰਡੀਆਂ ਵਿਚ ਫ਼ਸਲ ਦੀ ਵਿਕਰੀ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਪਿੰਡ ਡਾਡਾ ਦੇ ਕਿਸਾਨ ਬਲਵਿੰਦਰ ਸਿੰਘ ਦੀ ਢੇਰੀ ਦੀ ਖਰੀਦ ਕਰਵਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਸਰਕਾਰ ਨੇ ਕਈ ਅਹਿਮ ਕਿਸਾਨ ਪੱਖੀ ਫੈਸਲਿਆਂ ‘ਤੇ ਮੋਹਰ ਲਾਈ ਹੈ ਜਿਸ ਨਾਲ ਸੂਬੇ ਭਰ ਵਿਚ ਕਿਸਾਨਾਂ ਨੂੰ ਬੇਹੱਦ ਲਾਭ ਮਿਲ ਰਿਹਾ ਹੈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਨੇ ਦੇਸ਼ ਦੇ ਅੰਨ ਭੰਡਾਰ ਭਰਨ ਵਿਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖਰੀਦ ਬਦਲੇ ਨਿਰਧਾਰਤ ਸਮੇਂ ਦੇ ਵਿੱਚ-ਵਿੱਚ ਅਦਾਇਗੀਆਂ ਨੂੰ ਯਕੀਨੀ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਵੀ ਤਾਕੀਦ ਕੀਤੀ ਗਈ ਹੈ ਕਿ ਮੰਡੀਆਂ ਵਿਚ ਪੁਖਤਾ ਪ੍ਰਬੰਧਾਂ ਦੀ ਲਗਾਤਾਰਤਾ ਨੂੰ ਬਰਕਰਾਰ ਰੱਖਿਆ ਜਾਵੇ ਤਾਂ ਜੋ ਕਿਸਾਨਾਂ ਨੂੰ ਫ਼ਸਲ ਦੀ ਸਮੇਂ ਸਿਰ ਖਰੀਦ ਦੇ ਨਾਲ-ਨਾਲ ਲਿਫਟਿੰਗ ਵੀ ਨਾਲੋ-ਨਾਲ ਹੋ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਲਾਘਾ ਦੇ ਪਾਤਰ ਹਨ ਜਿਨ੍ਹਾਂ ਦੀਆਂ ਕੋਸ਼ਿਸ਼ਾ ਸਦਕਾ 2022 ਤੋਂ ਲਗਾਤਾਰ ਕਿਸਾਨਾਂ ਦੀਆਂ ਫ਼ਸਲਾਂ ਨੂੰ ਬਿਨ੍ਹਾਂ ਕਿਸੇ ਅੜਚਨ ਸੁਚੱਜੇ ਢੰਗ ਨਾਲ ਖਰੀਦਿਆ ਜਾ ਰਿਹਾ ਹੈ।

ਕਿਸਾਨਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬਹੁਤ ਸਾਰੇ ਫੈਸਲੇ ਕਿਸਾਨਾਂ ਦੇ ਹਿੱਤ ਵਿਚ ਲਏ ਹਨ ਜਿਨ੍ਹਾਂ ਵਿਚ ਸਿੰਚਾਈ ਲਈ ਪਾਣੀ ਦੀ ਉਪਲਬੱਧਤਾ, ਦਿਨ ਵੇਲੇ ਬਿਜਲੀ ਸਪਲਾਈ, ਟੇਲਾਂ ਤੱਕ ਪਾਣੀ ਪੁੱਜਦਾ ਕਰਨਾ ਅਤੇ ਕਿਸਾਨਾਂ ਦੀ ਫ਼ਸਲ ਨੂੰ ਸੁਖਾਲੇ ਢੰਗ ਨਾਲ ਖਰੀਦਣਾ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਿਸਾਨਾਂ ਦੀ ਸਹੂਲਤ, ਆੜ੍ਹਤੀਆਂ ਲਈ ਲੋੜੀਂਦੇ ਇੰਤਜ਼ਾਮ ਅਤੇ ਲੇਬਰ ਲਈ ਜ਼ਰੂਰੀ ਸਹੂਲਤਾਂ ਨੂੰ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਕਿਸੇ ਨੂੰ ਵੀ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਚਨਬੱਧਤਾ ਦੁਹਰਾਈ ਹੈ ਕਿ ਬੇਮੌਸਮੀ ਬਰਸਾਤ ਨਾਲ ਫ਼ਸਲਾਂ ਦੇ ਹੋਏ ਨੁਕਸਾਨ ਦੀ ਢੁਕਵੀਂ ਭਰਪਾਈ ਕੀਤੀ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਨੂੰ ਨਾਲੋ-ਨਾਲ ਖਰੀਦਿਆਂ ਜਾਵੇਗਾ।

ਜ਼ਿਕਰਯੋਗ ਹੈ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਹੁਣ ਤੱਕ 5200 ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਆਮਦ ਹੋ ਚੁੱਕੀ ਹੈ ਜਿਸ ਵਿਚੋਂ 1610 ਮੀਟ੍ਰਿਕ ਟਨ ਤੋਂ ਵੱਧ ਕਣਕ ਖਰੀਦੀ ਜਾ ਚੁੱਕੀ ਹੈ। ਜ਼ਿਲ੍ਹੇ ਵਿਚ ਕੁੱਲ 78 ਮੰਡੀਆਂ ਵਿਚੋਂ 46 ਮੰਡੀਆਂ ਵਿਚ ਕਿਸਾਨਾਂ ਵਲੋਂ ਕਣਕ ਲਿਆਂਦੀ ਜਾ ਚੁੱਕੀ ਹੈ ਅਤੇ ਸਬੰਧਤ ਅਧਿਕਾਰੀ ਖਰੀਦ ਪ੍ਰਕਿਰਿਆ ਨੂੰ ਮੁਕੰਮਲ ਕਰ ਰਹੇ ਹਨ। ਜ਼ਿਲ੍ਹੇ ਵਿਚ ਪਨਗ੍ਰੇਨ, ਮਾਰਕਫੈਡ, ਪਨਸਪ, ਪੰਜਾਬ ਰਾਜ ਵੇਅਰਹਾਊਸ ਕਾਰਪੋਰੇਸ਼ਨ, ਐਫ.ਸੀ.ਆਈ. ਅਤੇ ਵਪਾਰੀਆਂ ਵਲੋਂ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ। ਜ਼ਿਲ੍ਹੇ ਵਿਚ ਮੌਜੂਦਾ ਸੀਜ਼ਨ ਦੌਰਾਨ ਕੁੱਲ 316000 ਮੀਟਰਿਕ ਟਨ ਕਣਕ ਦੀ ਆਮਦ ਦੀ ਸੰਭਾਵਨਾ ਹੈ ਅਤੇ ਕਿਸਾਨਾਂ ਨੂੰ 48 ਘੰਟੇ ਵਿਚ ਅਦਾਇਗੀ ਤੋਂ ਇਲਾਵਾ 72 ਘੰਟਿਆਂ ਵਿਚ ਲਿਫਟਿੰਗ ਯਕੀਨੀ ਬਣਾਈ ਜਾਵੇਗੀਪਿੰਡ ਡਾਡਾ ਦੇ ਕਿਸਾਨ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਹ ਅੱਜ ਸਵੇਰੇ ਆਪਣੀ ਫ਼ਸਲ ਲੈ ਕੇ ਮੰਡੀ ਪਹੁੰਚੇ ਸਨ ਅਤੇ ਦੁਪਹਿਰ ਤੱਕ ਉਨ੍ਹਾਂ ਦੀ ਫ਼ਸਲ ਦੀ ਖਰੀਦ ਹੋ ਗਈ। ਮਾਰਕੀਟ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ ਨੇ ਦੱਸਿਆ ਕਿ ਮੰਡੀ ਵਿਚ ਹਰ ਪੱਖੋਂ ਢੁਕਵੇਂ ਇੰਤਜ਼ਾਮ ਅਮਲ ਵਿਚ ਲਿਆਂਦੇ ਗਏ ਹਨ ਤਾਂ ਜੋ ਖਰੀਦ ਪ੍ਰਕਿਰਿਆ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹੀ ਜਾ ਸਕੇ ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਐਸ.ਡੀ.ਐਮ ਅਮਨਦੀਪ ਕੌਰ ਘੁੰਮਣ, ਕੌਂਸਲਰ ਬਲਵਿੰਦਰ ਕੁਮਾਰ, ਵਰਿੰਦਰ ਵੈਦ, ਕੁਲਵਿੰਦਰ ਹੁੰਦਲ, ਹਨੀ ਸੂਦ ਆਦਿ ਵੀ ਮੌਜੂਦ ਸਨ।

# ਸਿੱਖਿਆ ਕ੍ਰਾਂਤੀ ਤਹਿਤ ਪੀ.ਐਮ. ਸ਼੍ਰੀ ਸਰਕਾਰੀ ਕੰਨਿਆ ਸਕੂਲ ਕੈਰੋ ਵਿਖੇ ਆਧੁਨਿਕ ਸਾਇੰਸ ਲੈਬ ਦਾ ਉਦਘਾਟਨ



**ਤਰਨਤਾਰਨ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵਿੱਦਿਅਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ’ਸਿੱਖਿਆ ਕ੍ਰਾਂਤੀ’ ਦੀ ਲੜੀ ਤਹਿਤ ਅੱਜ ਪੀ.ਐਮ. ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਕੈਰੋ ਵਿਖੇ ਨਵੀਂ ਤਿਆਰ ਕੀਤੀ ਗਈ ਇੰਟੀਗਰੇਟਡ ਸਾਇੰਸ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਲੈਬ ਦਾ ਉਦਘਾਟਨ ਪੰਜਾਬ ਰਾਜ ਗੁਦਾਮ ਨਿਗਮ ਦੇ ਚੇਅਰਮੈਨ ਗੁਰਦੇਵ ਸਿੰਘ ਲਾਖਣਾ ਵੱਲੋਂ ਵਿਸ਼ੇਸ਼ ਤੌਰ ’ਤੇ ਪਹੁੰਚ ਕੇ ਕੀਤਾ ਗਿਆ।

ਸਮਾਗਮ ਦੌਰਾਨ ਸੰਬੋਧਨ ਕਰਦਿਆਂ ਚੇਅਰਮੈਨ ਗੁਰਦੇਵ ਸਿੰਘ ਲਖਣਾ ਨੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਨੂੰ ਪ੍ਰਾਈਵੇਟ ਸਕੂਲਾਂ ਨਾਲੋਂ ਬਿਹਤਰ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਪ੍ਰੈਕਟੀਕਲ ਸਿੱਖਿਆ ਦੇਣ ਲਈ ਅਜਿਹੀਆਂ ਆਧੁਨਿਕ ਪ੍ਰਯੋਗਸ਼ਾਲਾਵਾਂ (ਲੈਬਾਂ) ਅਹਿਮ ਰੋਲ ਅਦਾ ਕਰਨਗੀਆਂ। ਇਸ ਨਾਲ ਪੇਂਡੂ ਖੇਤਰ ਦੀਆਂ ਵਿਦਿਆਰਥਣਾਂ ਵਿਗਿਆਨ ਦੇ ਖੇਤਰ ਵਿਚ ਨਵੀਆਂ ਬੁਲੰਦੀਆਂ ਨੂੰ ਛੂਹਣਗੀਆਂ।

ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਪਰਿੰਦਰ ਸਿੰਘ ਉੱਪਲ, ਚੇਅਰਮੈਨ ਗੁਰਵਿੰਦਰ ਸਿੰਘ ਬੁਰਜ, ਚੇਅਰਮੈਨ ਰਜਿੰਦਰ ਸਿੰਘ ਉਸਮਾਂ, ਸਰਪੰਚ ਅਮਨਦੀਪ ਸਿੰਘ ਕੈਰੋ ਅਤੇ ਪੰਚਾਇਤ ਮੈਂਬਰ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ। ਸਕੂਲ ਦੀ ਐਸ.ਐਮ.ਸੀ. ਚੇਅਰਪਰਸਨ ਕੰਵਲਜੀਤ ਕੌਰ ਅਤੇ ਕਮੇਟੀ ਮੈਂਬਰਾਂ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ।

ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਅੱਜ ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਲੈਬਾਂ, ਵਿਗਿਆਨ ਪ੍ਰਯੋਗਸ਼ਾਲਾਵਾਂ ਅਤੇ ਸੁੰਦਰ ਕੈਂਪਸ ਮੁਹੱਈਆ ਕਰਵਾ ਕੇ ਬੱਚਿਆਂ ਦੇ ਭਵਿੱਖ ਨੂੰ ਉੱਜਵਲ ਬਣਾਇਆ ਜਾ ਰਿਹਾ ਹੈ। ਸਕੂਲ ਪਹੁੰਚੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨੇ ਵੀ ਸਰਕਾਰ ਅਤੇ ਸਕੂਲ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਮੌਜੂਦ ਸਨ, ਜਿਨ੍ਹਾਂ ਵਿੱਚ ਨਵੀਂ ਲੈਬ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਕੂਲ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

# ਕਣਕ ਦੀ ਖਰੀਦ ਕਰਨ ਵਿੱਚ ਸਰਕਾਰ ਹੋਈ ਬੁਰੀ ਤਰ੍ਹਾਂ ਫੇਲ: ਬਿੱਟੂ ਚੱਠਾ



**ਪਟਿਆਲਾ, 20 ਅਪ੍ਰੈਲ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਕਈ ਦਿਨਾਂ ਤੋਂ ਮੰਡੀਆਂ ਵਿੱਚ ਕਣਕ ਦੇ ਅੰਬਾਰ ਲੱਗੇ ਪਏ ਹਨ ਜਿਸ ਦੀ ਖਰੀਦ ਕਰਨ ਵਾਲਾ ਕੋਈ ਵੀ ਨਜ਼ਰ ਨਹੀਂ ਆ ਰਿਹਾ ਜਿੱਥੇ ਪੰਜਾਬ ਸਰਕਾਰ ਅਨਾਜ ਮੰਡੀ ਵਿੱਚ ਕਣਕ ਦੀ ਖਰੀਦ ਕਰਨ ਦੇ ਦਾਅਵੇ ਕਰ ਰਹੀ ਹੈ ਪਰ ਜਮੀਨੀ ਪੱਧਰ ਤੇ ਹਕੀਕਤ ਕੁਝ ਹੋਰ ਹੈ ਜਿਹੜੇ ਕਿਸਾਨਾਂ ਦੀ ਖੇਤਾਂ ਵਿੱਚੋਂ ਕਣਕ ਦੀ ਫਸਲ ਕੱਟ ਕੇ ਮੰਡੀਆਂ ਵਿੱਚ ਪਹੁੰਚ ਗਈ ਉਹਨਾਂ ਦੀ ਖਰੀਦ ਨਾ ਹੋਣਾ ਕਿਸਾਨਾਂ ਲਈ ਸਿੱਧੇ ਤੌਰ ਤੇ ਨੁਕਸਾਨਦਾਇਕ ਹੈ ਜਿੱਥੇ ਕਿਸਾਨਾਂ ਨੂੰ ਰਾਤਾਂ ਕੱਟਣ ਲਈ ਮੰਡੀਆਂ ਵਿੱਚ ਮਜਬੂਰ ਹੋਣਾ ਪੈ ਰਿਹਾ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦਿਹਾਤੀ ਹਲਕੇ ਦੇ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਨੇ ਹਲਕੇ ਦੀਆਂ ਵੱਖ-ਵੱਖ ਅਨਾਜ ਮੰਡੀਆਂ ਦਾ ਦੌਰਾ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਚੱਠਾ ਨੇ ਕਿਹਾ ਕਿ ਕਣਕ ਖਰੀਦ ਵਿੱਚ ਸਰਕਾਰ ਬੁਰੀ ਤਰ੍ਹਾਂ ਫੇਲ ਹੋ ਚੁੱਕੀ ਹੈ ਜਿਹੜੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਟੇਜਾਂ ਤੋਂ ਕਣਕ ਦੀ ਖਰੀਦ ਸਬੰਧੀ ਵੱਡੀ ਵੱਡੀਆਂ ਵੱਡੀਆਂ ਗੱਲਾਂ ਕਰਦੇ ਹਨ ਉਹਨਾਂ ਦੀ ਹੁਣ ਹਵਾ ਨਿਕਲ ਚੁੱਕੀ ਹੈ ਉਨਾ ਕਿਹਾ ਕਿ ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬੁਰੀ ਤਰ੍ਹਾਂ ਫੇਲੀਅਰ ਨਜ਼ਰ ਆ ਰਹੀ ਹੈ ਕਿਉਂਕਿ ਜੋ ਲੋਕਾਂ ਨਾਲ ਵਾਅਦੇ ਕੀਤੇ ਜਾਂਦੇ ਹਨ ਉਹਨਾਂ ਵਿੱਚੋਂ ਕੋਈ ਵੀ ਵਾਅਦਾ ਪੂਰਾ ਨਹੀਂ ਹੁੰਦਾ ਜਿਸ ਕਰਕੇ ਹੁਣ ਸਰਕਾਰ ਚੁਟਕਲੇ ਸੁਣਾ ਕੇ ਟਾਈਮ ਪਾਸ ਕਰਵਾ ਰਹੀ ਹੈ ਜਿਸ ਦਾ ਖਮਿਆਜਾ ਪੰਜਾਬ ਦੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ ਚੱਠਾ ਨੇ ਅਨਾਜ ਮੰਡੀਆਂ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਿਸਾਨਾਂ ਅਤੇ ਆੜਤੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਗੁਰਨਾਮ ਸਿੰਘ ਲਚਕਾਣੀ, ਹਰਦੇਵ ਸਿੰਘ ਸਰਪੰਚ, ਵਿਕਰਮ ਬੱਧਵਾਰ, ਅਨਮੋਲ ਚੱਠਾ, ਪਰਮਜੀਤ ਸਿੰਘ ਪੰਮਾ, ਕਮਲਪ੍ਰੀਤ ਸਿੰਘ, ਗੋਰਾ ਵਿਰਕ, ਰੋਹਿਨ ਸ਼ਰਮਾ ਸਮੇਤ ਕਈ ਹੋਰ ਆਗੂ ਮੌਜੂਦ ਸਨ ਬਿੱਟੂ ਚੱਠਾ ਨੇ ਕਿਹਾ ਕਿ ਅਨਾਜ ਮੰਡੀ ਵਿੱਚ ਬੁਨਿਆਦੀ ਸਹੂਲਤਾਂ ਦੀ ਘਾਟ ਸਪੱਸ਼ਟ ਨਜ਼ਰ ਆ ਰਹੀ ਹੈ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਸਰਕਾਰ ‘ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਕਿਸਾਨਾਂ ਦੀ ਮਿਹਨਤ ਦਾ ਸਹੀ ਮੁੱਲ ਅਤੇ ਸੁਵਿਧਾਵਾਂ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਮੌਜੂਦਾ ਪ੍ਰਬੰਧਨ ਪੂਰੀ ਤਰ੍ਹਾਂ ਨਾਕਾਮ ਰਹਿਆ ਹੈ ਉਨ੍ਹਾਂ ਕਿਹਾ ਕੀ ਮੰਡੀ ਵਿੱਚ ਤੁਰੰਤ ਸੁਧਾਰ ਕੀਤੇ ਜਾਣ, ਫਸਲ ਦੀ ਖਰੀਦ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਹਰ ਪੱਖੋਂ ਸਹੂਲਤਾਂ ਦਿੱਤੀਆਂ ਜਾਣ। ਬਿੱਟੂ ਚੱਠਾ ਨੇ ਇਹ ਵੀ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਕਦਮ ਨਾ ਚੁੱਕੇ ਤਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

# ਕਿਸਾਨਾਂ ਦੀ ਆਰਥਿਕ ਪੱਖੋਂ ਮਾੜੀ ਹਾਲਤ ਕਰਨ ਵਿੱਚ ਆਪ ਸਰਕਾਰ ਦਾ ਅਹਿਮ ਰੋਲ : ਦੀਪ ਟਿਵਾਣਾ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਜਿਸ ਦਿਨ ਤੋਂ ਸੂਬੇ ਅੰਦਰ ਕਣਕ ਦੀ ਖਰੀਦ ਸ਼ੁਰੂ ਹੋਈ ਹੈ। ਉਸ ਦਿਨ ਤੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਸਾਨਾਂ ਦੇ ਇੱਕ ਇੱਕ ਦਾਣਾ ਮੰਡੀਆਂ ਵਿੱਚੋਂ ਚੁੱਕਣ ਦਾ ਦਾਅਵਾ ਕਰ ਰਹੇ ਹਨ ਪਰ ਉਹਨਾਂ ਦਾਵਿਆਂ ਦੀ ਫੂਕ ਬੁਰੀ ਤਰ੍ਹਾਂ ਨਿਕਲ ਚੁੱਕੀ ਹੈ ਜਦੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਇੱਕ ਪਾਸੇ ਸਰਕਾਰ ਦੀ ਮਾਰ ਅਤੇ ਦੂਜੇ ਪਾਸੇ ਕਿਸਾਨ ਮੌਸਮ ਦੀ ਮਾਰ ਝੱਲ ਰਹੇ ਹਨ ਜਿਨਾਂ ਦੀ ਹਾਲਤ ਆਰਥਿਕ ਪੱਖੋਂ ਕਮਜ਼ੋਰ ਹੁੰਦੀ ਜਾ ਰਹੀ ਹੈ ਕਿਉਂਕਿ ਕੁਝ ਫਸਲ ਦਾ ਹਿੱਸਾ ਗੜੇ ਮਾਰੀ ਦੀ ਭੇਂਟ ਚੜ ਗਿਆ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਯੂਥ ਕਾਂਗਰਸ ਦੇ ਪਟਿਆਲਾ ਦਿਹਾਤੀ ਹਲਕੇ ਤੋਂ ਜਨਰਲ ਸਕੱਤਰ ਹਰਦੀਪ ਸਿੰਘ ਦੀਪ ਟਿਵਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਉਨਾਂ ਕਿਹਾ ਕਿ ਕੇਂਦਰ ਸਰਕਾਰ ਨੇ ਕਣਕਾਂ ਦਾ ਮੋਚਰ ਚੈੱਕ ਕਰਨ ਲਈ ਸਿਰਫ ਖਾਨਾ ਪੂਰਤੀ ਕੀਤੀ ਹੈ। ਮੁਆਵਜੇ ਦੇ ਨਾਮ ਤੇ ਕੋਈ ਵੀ ਐਲਾਨ ਨਾ ਹੀ ਕੇਂਦਰ ਸਰਕਾਰ ਦਾ ਅਤੇ ਨਾ ਹੀ ਪੰਜਾਬ ਸਰਕਾਰ ਦਾ ਹੁਣ ਤੱਕ ਕੀਤਾ ਹੈ ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਇਹ ਦੋਵੇਂ ਪਾਰਟੀਆਂ ਕਿਸਾਨਾਂ ਨੂੰ ਮਾਰਨ ਤੇ ਤੁਰੀਆਂ ਹੋਈਆਂ ਹਨ ਜਿਸ ਦਾ ਖਮਿਜਾ ਪੰਜਾਬ ਦੇ ਕਿਸਾਨ ਨੂੰ ਭੁਗਤਣ ਲਈ ਮਜਬੂਰ ਹੋਣਾ ਪੈ ਰਿਹਾ ਦੀਪ ਟਿਵਾਣਾ ਨੇ ਕਿਹਾ ਕਿ ਸੂਬੇ ਅੰਦਰ ਜਿਸ ਦਿਨ ਤੋਂ ਆਪ ਸਰਕਾਰ ਨੇ ਸੱਤਾ ਸੰਭਾਲੀ ਹੈ, ਉਸ ਦਿਨ ਤੋਂ ਹੀ ਲੋਕਾਂ ਨੂੰ ਭਰਮਾਉਣ ਲਈ ਲਾਰੇ ਹੀ ਦਿੱਤੇ ਹਨ ਜਿਸ ਕਾਰਨ ਹੁਣ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ ਅਤੇ ਭਵਿੱਖ ਵਿਚ ਆ ਰਹੀਆਂ 2027 ਦੀਆਂ ਚੋਣਾਂ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਸੱਤਾ ਵਿਚ ਆਵੇਗੀ ਅਤੇ ਮੁੜ ਤੋਂ ਪੰਜਾਬ ਨੂੰ ਲੀਹਾਂ ’ਤੇ ਲਿਆਵੇਗੀ। ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਖਜਾਨਾ ਮੰਤਰੀ ਹਰਪਾਲ ਚੀਮਾ ਨੇ ਕਰਜ਼ਿਆਂ ਰਾਹੀਂ ਆਮ ਲੋਕਾਂ ਨੂੰ ਵੀ ਕਰਜਈ ਬਣਾ ਕੇ ਰੱਖ ਦਿੱਤਾ ਟਿਵਾਣਾ ਨੇ ਕਿਹਾ ਕਿ ਦਿਨ ਦਿਹਾੜੇ ਹੋ ਰਹੀਆਂ ਚੋਰੀਆਂ ਅਤੇ ਕਤਲੇਆਮ ਦੀਆਂ ਵਾਰਦਾਤਾਂ ਨੇ ਲੋਕਾਂ ਵਿਚ ਸਹਿਮ ਦਾ ਮਾਹੌਲ ਪੈਦਾ ਕੀਤਾ ਹੋਇਆ ਹੈ। ਭਾਵੇਂਕਿ ਲਾਅ ਐਂਡ ਆਰਡਰ ਦੇਖਣ ਦੀ ਜਿਮੇਵਾਰੀ ਪੰਜਾਬ ਦੇ ਮੁੱਖ ਮੰਤਰੀ ਦੀ ਬਣਦੀ ਹੈ। ਲਿਹਾਜ਼ਾ ਮੁੱਖ ਮੰਤਰੀ ਕੋਲ ਜਿਆਦਾ ਵਿਭਾਗ ਹੋਣ ਕਾਰਨ ਗ੍ਰਹਿ ਵਿਭਾਗ ਕਿਸੇ ਅਲੱਗ ਮੰਤਰੀ ਨੂੰ ਸੌਂਪਣਾ ਚਾਹੀਦਾ ਹੈ ਤਾਂ ਜੋ ਪੰਜਾਬ ਦਾ ਅਮਨ ਕਾਨੂੰਨ ਚੰਗੀ ਤਰ੍ਹਾਂ ਬਹਾਲ ਰੱਖ ਸਕੇ। ਕਿਉਂਕਿ ਮੁੱਖ ਮੰਤਰੀ ਨੂੰ ਮੀਟਿੰਗਾਂ, ਸਮਾਗਮਾਂ ਅਤੇ ਚੁਟਕਲੇ ਸੁਣਾਉਣ ਤੋਂ ਵਿਹਲ ਨਹੀਂ ਮਿਲਦੀ ਅਤੇ ਸੂਬੇ ਦੀ ਆਮ ਜਨਤਾ ਰੱਬ ਆਸਰੇ ਛੱਡੀ ਹੋਈ ਹੈ ਤਾਂ ਹੀ ਲੋਕਾਂ ਨੂੰ ਆਪਣੀਆਂ ਜਾਨਾਂ ਗੁਆਣੀਆਂ ਪੈ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਲਈ ਚਲਾਏ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵੀ ਠੁੱਸ ਹੋ ਕੇ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਨਸ਼ੇ ਕਾਰਨ ਸੁਲਤਾਨਪੁਰ ਲੋਧੀ ਦੇ ਇੱਕੋ ਪਰਿਵਾਰ ਵਿਚ 5 ਪੁੱਤਰਾਂ ਮੌਤ ਦੇ ਮੂੰਹ ਵਿਚ ਚਲੇ ਗਏ।

# ਬੋਰਡ ਦੇ ਜਰੀਏ ਲੋਕਾਂ ਨੂੰ ਸ.ਫਾਈ ਪ੍ਰਤੀ ਜਾਗਰੂਕ ਕਰਨ ਦੀ ਮੁਹਿੰਮ ਦੀ ਸ਼ੁਰੂਆਤ

**ਪਟਿਆਲਾ, 20 ਅਪ੍ਰੈਲ**
**ਰਣਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਸੇਵਿਅਰ ਕਲੱਬ ਪਟਿਆਲਾ ਵੱਲੋਂ ਵਾਤਾਵਰਣ ਨੂੰ ਸਾਫ਼-ਸੁਥਰਾ ਦੀ ਸ਼ੁਰੂਆਤ ਬਣਾਈ ਰੱਖਣ ਲਈ ਚਲਾਈ ਜਾ ਰਹੀ ਮੁਹਿੰਮ ਲਗਾਤਾਰ ਜਾਰੀ ਹੈ। ਇਸ ਤਹਿਤ ਕਲੱਬ ਦੀ ਪਹਿਲ ‘ਤੇ ਨਾਭਾ ਰੋਡ ‘ਤੇ ਅਬਲੋਵਾਲ ਤੋਂ ਭਾਖੜਾ ਨਹਿਰ ਤੱਕ ਜਾਂਦੇ ਰਜਵਾਹੇ ਨੂੰ ਸਾਫ਼-ਸੁਥਰਾ ਰੱਖਣ ਦੇ ਮਕਸਦ ਨਾਲ ਇੱਕ ਚੇਤਾਵਨੀ ਬੋਰਡ ਇੰਸਟਾਲ ਕੀਤਾ ਗਿਆ ਹੈ। ਇਸ ਬੋਰਡ ਰਾਹੀਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਰਜਵਾਹੇ ਦੇ ਅੰਦਰ ਜਾਂ ਬਾਹਰ ਕੂੜਾ-ਕਰਕਟ ਨਾ ਸੁੱਟਿਆ ਜਾਵੇ, ਕਿਸੇ ਵੀ ਤਰ੍ਹਾਂ ਦੇ ਵਾਹਨ ਜਾਂ ਰੇਹੜੀਆਂ ਆਦਿ ਉੱਥੇ ਖੜ੍ਹੀਆਂ ਨਾ ਕੀਤੀਆਂ ਜਾਣ ਅਤੇ ਸਾਫ਼-ਸੁਥਰੇ ਵਾਤਾਵਰਣ ਨੂੰ ਬਣਾਈ ਰੱਖਣ ਲਈ ਹਰ ਨਾਗਰਿਕ ਆਪਣੀ ਜ਼ਿੰਮੇਵਾਰੀ ਨੂੰ ਸਮਝੇ। ਕਲੱਬ ਦੇ ਮੈਂਬਰਾਂ ਨੇ ਆਲੇ-ਦੁਆਲੇ ਦੇ ਰਹਿਣ ਵਾਲੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਰਜਵਾਹੇ ਦੇ ਕਿਨਾਰੇ ਆਵਾਰਾ ਪਸ਼ੂਆਂ ਨੂੰ ਖਾਣ-ਪੀਣ ਦੀਆਂ ਵਸਤੂਆਂ ਨਾ ਪਾਈਆਂ ਜਾਣ। ਉਨ੍ਹਾਂ ਕਿਹਾ ਕਿ ਇਸ ਨਾਲ ਅਕਸਰ ਟ੍ਰੈਫਿਕ ਵਿੱਚ ਰੁਕਾਵਟ ਅਤੇ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਇਸ ਲਈ ਲੋਕਾਂ ਨੂੰ ਚਾਹੀਦਾ ਹੈ ਕਿ ਅਜਿਹੇ ਆਵਾਰਾ ਪਸ਼ੂਆਂ ਨੂੰ ਪੱਕੇ ਤੌਰ ‘ਤੇ ਗਊਸ਼ਾਲਾ ਵਿੱਚ ਭੇਜਣ ਲਈ ਪ੍ਰਸ਼ਾਸਨ ਕੋਲ ਮੰਗ ਰੱਖਣ।

# ਲੁਧਿਆਣਾ ’ਚ ਤੇਜ਼ਧਾਰ ਹਥਿਆਰਾਂ ਦੀ ਨੋਕ ’ਤੇ ਲੁੱਟਾਂ ਕਰਨ ਵਾਲਾ 3 ਮੈਂਬਰੀ ਗਿਰੋਹ ਕਾਬੂ; ਪੁਲਿਸ ਨੇ ਦਾਤਾਂ ਸਮੇਤ ਦਬੋਚੇ

**ਲੁਧਿਆਣਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਦੇ ਥਾਣਾ ਸਦਰ ਦੀ ਪੁਲਿਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਰਾਹਗੀਰਾਂ ਲਈ ਦਹਿਸ਼ਤ ਦਾ ਸਬੱਬ ਬਣੇ ਤਿੰਨ ਮੈਂਬਰੀ ਲੁਟੇਰਾ ਗਿਰੋਹ ਨੂੰ ਗ੍ਰਿਫਤਾਰ ਕੀਤਾ ਹੈ।

ਇਹ ਮੁਲਜ਼ਮ ਰਾਤ ਦੇ ਹਨੇਰੇ ਵਿੱਚ ਤੇਜ਼ਧਾਰ ਹਥਿਆਰਾਂ ਦੀ ਨੋਕ ’ਤੇ ਮਾਸੂਮ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਉਂਦੇ ਸਨ ਜਾਂਚ ਅਧਿਕਾਰੀ ਅਮਨਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਇਲਾਕੇ ਵਿੱਚ ਗਸ਼ਤ ’ਤੇ ਸੀ, ਜਦੋਂ ਉਨ੍ਹਾਂ ਨੂੰ ਮੁਖਬਰ ਖਾਸ ਤੋਂ ਪੁਖ਼ਤਾ ਜਾਣਕਾਰੀ ਮਿਲੀ ਕਿ ਇਹ ਗਿਰੋਹ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਹੈ।

ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਧਾਂਦਰਾ ਸਥਿਤ ਸਰਕਾਰੀ ਮੈਰਿਜ ਪੈਲੇਸ ਨੇੜੇ ਨਾਕਾਬੰਦੀ ਕੀਤੀ ਅਤੇ ਤਿੰਨਾਂ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ।ਮੁਲਜ਼ਮਾਂ ਦੀ ਪਛਾਣ: ਸਚਿਨ (ਵਾਸੀ ਫੁੱਲਾਂਵਾਲ) ਰਾਕੇਸ਼ ਕੁਮਾਰ (ਵਾਸੀ ਫੁੱਲਾਂਵਾਲ) ਪ੍ਰਗਟ ਸਿੰਘ (ਵਾਸੀ ਪਿੰਡ ਦੋਲੋ) ਬਰਾਮਦਗੀ ਅਤੇ ਅਗਲੇਰੀ ਕਾਰਵਾਈ ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਵਾਰਦਾਤਾਂ ਲਈ ਵਰਤੇ ਜਾਣ ਵਾਲੇ ਦੋ ਤੇਜ਼ਧਾਰ ਦਾਤ ਬਰਾਮਦ ਕੀਤੇ ਹਨ। ਥਾਣਾ ਸਦਰ ਦੀ ਪੁਲਿਸ ਵੱਲੋਂ ਮੁਲਜ਼ਮਾਂ ਖਿਲਾਫ ਐਫ.ਆਈ.ਆਰ. ਦਰਜ ਕਰ ਲਈ ਗਈ ਹੈ।

ਜਾਂਚ ਅਧਿਕਾਰੀ ਦਾ ਬਿਆਨ: ਅਸੀਂ ਮੁਲਜ਼ਮਾਂ ਕੋਲੋਂ ਪੁੱਛਗਿੱਛ ਕਰ ਰਹੇ ਹਾਂ। ਉਮੀਦ ਹੈ ਕਿ ਇਨ੍ਹਾਂ ਕੋਲੋਂ ਪਿਛਲੇ ਸਮੇਂ ਦੌਰਾਨ ਹੋਈਆਂ ਕਈ ਹੋਰ ਲੁੱਟ ਦੀਆਂ ਵਾਰਦਾਤਾਂ ਦੇ ਖੁਲਾਸੇ ਹੋਣਗੇ ਅਤੇ ਲੁੱਟਿਆ ਹੋਇਆ ਸਾਮਾਨ ਵੀ ਬਰਾਮਦ ਕੀਤਾ ਜਾਵੇਗਾ।

# ਮਾਛੀਵਾੜਾ ਟ੍ਰੈਫਿਕ ਪੁਲਿਸ ਵੱਲੋਂ ਹੂਟਰ ਮਾਰਦੀ ਫਿਰਦੀ ਗੱਡੀ ਨੂੰ ਕੀਤਾ ਕਾਬੂ, ਪੁਲਿਸ ਲਾਇਟ ਵੀ ਲਾਈ ਫਿਰਦਾ ਸੀ ਨੌਜਵਾਨ

**ਮਾਛੀਵਾੜਾ ਸਾਹਿਬ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਿਸ ਚ ਲੱਖ ਨਾ ਐਸਐਸਪੀ ਮੈਡਮ ਦਰਪਣ ਆਹਲੂਵਾਲੀਆ , ਡੀ.ਐਸ.ਪੀ.(ਟ੍ਰੈਫਿਕ) ਕਰਮਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਛੀਵਾੜਾ ਟਰੈਫਿਕ ਪੁਲਿਸ ਵੱਲੋਂ ਵਾਹਨਾਂ ਦੀ ਚੈਕਿੰਗ ਕੀਤੀ ਜਾਰੀ ਹੈ। ਸਹਾਇਕ ਥਾਣੇਦਾਰ ਜਸਵੀਰ ਸਿੰਘ ਆਪਣੀ ਸਮੁੱਚੀ ਟੀਮ ਸਮੇਤ ਮਾਛੀਵਾੜਾ ਸਾਹਿਬ ਦੇ ਵੱਖ-ਵੱਖ ਥਾਵਾਂ ਤੇ ਵਿਸ਼ੇਸ਼ ਤੌਰ ਤੇ ਚੈਕਿੰਗ ਕਰਨ ਵਿੱਚ ਲੱਗੇ ਹੋਏ ਹਨ। ਪਿਛਲੇ ਕੁਝ ਦਿਨਾਂ ਤੋਂ ਇੱਕ ਚੰਡੀਗੜ੍ਹ ਨੰਬਰ ਗੱਡੀ ਹੂਟਰ ਮਾਰ ਦੀ ਸ਼ਹਿਰ ਵਿੱਚ ਕਈ ਵਾਰ ਦੇਖੀ ਗਈ, ਜਿਸ ਦੀ ਟਰੈਫਿਕ ਪੁਲਿਸ ਨੂੰ ਸ਼ਹਿਰ ਦੇ ਕਈ ਪਤਵੰਤਿਆਂ ਨੇ ਸ਼ਿਕਾਇਤ ਵੀ ਕੀਤੀ।

ਅੱਜ ਅਚਾਨਕ ਫਿਰ ਉਹ ਗੱਡੀ ਇੱਕ ਨੇੜਲੇ ਪਿੰਡ ਦਾ ਨੌਜਵਾਨ ਚਲਾਉਂਦਾ ਹੋਇਆ ਮਾਛੀਵਾੜਾ ਸਾਹਿਬ ਲੈ ਕੇ ਆਇਆ ਜਿਸ ਨੂੰ ਜਿਸ ਵਿੱਚ ਹੂਟਰ ਅਤੇ ਪੁਲਿਸ ਲਾਈਟ ਲੱਗੀ ਹੋਈ ਸੀ। ਟਰੈਫਿਕ ਪੁਲਿਸ ਵੱਲੋਂ ਉਕਤ ਗੱਡੀ ਨੂੰ ਕਾਸ ਦੇ ਵਿੱਚ ਲਾਇਆ ਜਬਤ ਕਰ ਲਿਆ ਗਿਆ ਅਤੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ। ਸਹਾਇਕ ਥਾਣੇਦਾਰ ਜਸਵੀਰ ਸਿੰਘ ਨੇ ਦੱਸਿਆ ਕਿ ਇਹ ਨਿਯਮਾਂ ਦੇ ਬਿਲਕੁਲ ਉਲਟ ਹੈ ਇੱਕ ਸਧਾਰਨ ਗੱਡੀ ਜਿਸ ਵਿੱਚ ਹੂਟਰ ਅਤੇ ਪੁਲਿਸ ਲਾਈਟ ਲੱਗੀ ਹੋਈ ਹੈ , ਨਿਯਮਾਂ ਦੀ ਉਲੰਘਣਾ ਕਰਦੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਹੀਕਲ ਦੇ ਕਾਗਜ਼ਾਤ ਪੂਰੇ ਰੱਖਣ ਅਤੇ ਟਰੈਫਿਕ ਨਿਯਮਾਂ ਦੀ ਉਲੰਘਣਾ ਬਿਲਕੁਲ ਨਾ ਕਰਨ ।

# ਪਟਿਆਲਾ ਵਿੱਚ ‘ਨਾਰੀ ਸ਼ਕਤੀ ਵੰਦਨ’ ਮਾਰਚ ਵਿੱਚ ਹਜ਼ਾਰਾਂ ਔਰਤਾਂ ਨੇ ਲਿਆ ਹਿੱਸਾ; ਇਤਿਹਾਸਕ ਮਹਿਲਾ ਰਾਖਵਾਂਕਰਨ ਬਿੱਲ ਦਾ ਕੀਤਾ ਸਵਾਗਤ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਮਹਿਲਾ ਸਸ਼ਕਤੀਕਰਨ ਅਤੇ ਇਤਿਹਾਸਕ ਨਾਰੀ ਸ਼ਕਤੀ ਵੰਦਨ ਅਧਿਨਿਯਮ ਦੇ ਸਮਰਥਨ ਵਿੱਚ ਅੱਜ ਪਟਿਆਲਾ ਵਿਖੇ ਇੱਕ ਵਿਸ਼ਾਲ ’ਨਾਰੀ ਸ਼ਕਤੀ ਵੰਦਨ ਮਾਰਚ’ ਕੱਢਿਆ ਗਿਆ। ਇਸ ਮਾਰਚ ਵਿੱਚ ਸਮਾਜ ਦੇ ਵੱਖ-ਵੱਖ ਵਰਗਾਂ ਦੀਆਂ ਹਜ਼ਾਰਾਂ ਔਰਤਾਂ, ਜਿਨ੍ਹਾਂ ਵਿੱਚ ਐਨ.ਜੀ.ਓ. ਪ੍ਰਤੀਨਿਧੀ, ਅਧਿਆਪਕਾਂ, ਸਮਾਜਿਕ ਕਾਰਕਰਤਾ ਅਤੇ ਮਹਿਲਾ ਆਗੂ ਸ਼ਾਮਲ ਸਨ, ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ।

ਇਸ ਮਾਰਚ ਦੀ ਅਗਵਾਈ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਅਤੇ ਮਹਿਲਾ ਕਮਿਸ਼ਨ ਦੀ ਸਾਬਕਾ ਚੇਅਰਪਰਸਨ ਮਨੀਸ਼ਾ ਗੁਲਾਟੀ ਨੇ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਨੀਤ ਕੌਰ ਨੇ ਸੰਸਦ ਵਿੱਚ ਲੰਬੇ ਸਮੇਂ ਤੋਂ ਉਡੀਕੇ ਜਾ ਰਹੇ ਮਹਿਲਾ ਰਾਖਵਾਂਕਰਨ ਬਿੱਲ ਨੂੰ ਲਿਆਉਣ ਅਤੇ ਔਰਤਾਂ ਦੀ ਮਜ਼ਬੂਤ ਸਿਆਸੀ ਨੁਮਾਇੰਦਗੀ ਨੂੰ ਹਕੀਕਤ ਬਣਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਨਾਰੀ ਸ਼ਕਤੀ ਵੰਦਨ ਅਧਿਨਿਯਮ, ਜੋ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33% ਰਾਖਵਾਂਕਰਨ ਪ੍ਰਦਾਨ ਕਰਦਾ ਹੈ, ਇੱਕ ਪਰਿਵਰਤਨਕਾਰੀ ਸੁਧਾਰ ਹੈ। ਇਹ ਔਰਤਾਂ ਨੂੰ ਸਿਆਸੀ ਤੌਰ ’ਤੇ ਮਜ਼ਬੂਤ ਕਰੇਗਾ ਅਤੇ ਦੇਸ਼ ਦੇ ਫੈਸਲੇ ਲੈਣ ਅਤੇ ਕਾਨੂੰਨ ਬਣਾਉਣ ਦੀਆਂ ਪ੍ਰਕਿਰਿਆਵਾਂ ਵਿੱਚ ਉਨ੍ਹਾਂ ਦੀ ਸਿੱਧੀ ਭਾਗੀਦਾਰੀ ਨੂੰ ਯਕੀਨੀ ਬਣਾਏਗਾ।

ਪ੍ਰਨੀਤ ਕੌਰ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਮਹਿਲਾ ਸਸ਼ਕਤੀਕਰਨ ਸਿਰਫ਼ ਨਾਅਰਿਆਂ ਤੱਕ ਸੀਮਤ ਨਹੀਂ ਰਿਹਾ, ਸਗੋਂ ਸ਼ਾਸਨ ਦਾ ਇੱਕ ਮੁੱਖ ਥੰਮ੍ਹ ਬਣ ਗਿਆ ਹੈ। ਉਨ੍ਹਾਂ ਨੇ ਬੇਟੀ ਬਚਾਓ ਬੇਟੀ ਪੜ੍ਹਾਓ, ਉਜਵਲਾ ਯੋਜਨਾ, ਪੀ.ਐਮ. ਮੁਦਰਾ ਯੋਜਨਾ, ਸੁਕੰਨਿਆ ਸਮ੍ਰਿਧੀ ਯੋਜਨਾ ਅਤੇ ਹਥਿਆਰਬੰਦ ਸੈਨਾਵਾਂ ਤੇ ਪ੍ਰਸ਼ਾਸਨ ਵਿੱਚ ਔਰਤਾਂ ਦੀ ਵਧਦੀ ਭਾਗੀਦਾਰੀ ਵਰਗੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਨੇ ਹਰ ਖੇਤਰ ਵਿੱਚ ਔਰਤਾਂ ਦੇ ਉਥਾਨ ਲਈ ਲਗਾਤਾਰ ਕੰਮ ਕੀਤਾ ਹੈ।

ਇਸ ਮੌਕੇ ਬੋਲਦਿਆਂ ਮਨੀਸ਼ਾ ਗੁਲਾਟੀ ਨੇ ਕਿਹਾ ਕਿ ਅੱਜ ਭਾਰਤੀ ਔਰਤਾਂ ਖੇਡਾਂ, ਸਿੱਖਿਆ, ਪ੍ਰਸ਼ਾਸਨ, ਉੱਦਮਤਾ, ਰੱਖਿਆ ਅਤੇ ਰਾਜਨੀਤੀ ਸਮੇਤ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਤੇ ਨਾਰੀ ਸ਼ਕਤੀ ਵੰਦਨ ਅਧਿਨਿਯਮ ਇਸ ਤਬਦੀਲੀ ਨੂੰ ਹੋਰ ਤੇਜ਼ ਕਰੇਗਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਇਹ ਕਾਨੂੰਨ ਮਹਿਜ਼ ਇੱਕ ਰਾਖਵਾਂਕਰਨ ਬਿੱਲ ਨਹੀਂ ਹੈ, ਸਗੋਂ ਇਹ ਯਕੀਨੀ ਬਣਾਉਣ ਵੱਲ ਇੱਕ ਮਜ਼ਬੂਤ ਕਦਮ ਹੈ ਕਿ ਔਰਤਾਂ ਦੇਸ਼ ਦੇ ਭਵਿੱਖ ਨੂੰ ਘੜਨ ਵਿੱਚ ਬਰਾਬਰ ਦੀਆਂ ਭਾਈਵਾਲ ਬਣਨ।

ਆਗੂਆਂ ਨੇ ਵੱਡੀ ਗਿਣਤੀ ਵਿੱਚ ਮਾਰਚ ਵਿੱਚ ਸ਼ਾਮਲ ਹੋਣ ਲਈ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਅਤੇ ਇਸ ਸਮਾਗਮ ਨੂੰ ਭਾਰਤ ਵਿੱਚ ’ਮਹਿਲਾ-ਪ੍ਰਧਾਨ ਵਿਕਾਸ’ ਅਤੇ ਮਹਿਲਾ ਸਸ਼ਕਤੀਕਰਨ ਦੇ ਸਮਰਥਨ ਵਿੱਚ ਇੱਕ ਇਤਿਹਾਸਕ ਪ੍ਰਦਰਸ਼ਨ ਕਰਾਰ ਦਿੱਤਾ।

# ਬਠਿੰਡਾ ਦੇ ਮਾਊਂਟ ਲਿਟਰਾ ਜ਼ੀ ਸਕੂਲ ਦੀਆਂ ਧੀਆਂ ਦਾ ਦਮਦਾਰ ਪ੍ਰਦਰਸ਼ਨ




**ਬਠਿੰਡਾ,20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ ਦੇ ਮਾਊਂਟ ਲਿਟਰਾ ਜ਼ੀ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹੇ ਭਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦੇ ਹੋਏ ਸ਼ਾਨਦਾਰ ਨਤੀਜੇ ਹਾਸਲ ਕੀਤੇ ਹਨ। ਸਕੂਲ ਦੀਆਂ ਦੋ ਵਿਦਿਆਰਥਣਾਂ ਨੇ ਬਠਿੰਡਾ ਜ਼ਿਲ੍ਹੇ ਵਿੱਚੋਂ ਪਹਿਲੀ ਅਤੇ ਦੂਜੀ ਪੁਜ਼ੀਸ਼ਨ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।

ਸਕੂਲ ਦੀ ਵਿਦਿਆਰਥਣ ਬਰਕਤ ਕੌਰ ਧਨੋਆ ਨੇ 99.4% ਅੰਕ ਪ੍ਰਾਪਤ ਕਰਕੇ ਬਠਿੰਡਾ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਉੱਥੇ ਹੀ, ਅਵਨੀਤ ਕੌਰ ਨੇ 99.2% ਅੰਕਾਂ ਨਾਲ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ। ਆਪਣੀਆਂ ਭਵਿੱਖ ਦੀਆਂ ਯੋਜਨਾਵਾਂ ਬਾਰੇ ਦੱਸਦਿਆਂ ਬਰਕਤ ਕੌਰ ਨੇ ਕਿਹਾ ਕਿ ਉਹ ਡਾਕਟਰ ਬਣ ਕੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੀ ਹੈ, ਜਦਕਿ ਅਵਨੀਤ ਕੌਰ ਨੇ ਇੰਜੀਨੀਅਰ ਬਣਨ ਦਾ ਟੀਚਾ ਮਿੱਥਿਆ ਹੈ।

ਸਕੂਲ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ ਹੈ। ਖ਼ਾਸ ਗੱਲ ਇਹ ਹੈ ਕਿ ਸਕੂਲ ਦੇ 16 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਹਾਸਲ ਕੀਤੇ ਹਨ। ਇਸ ਸ਼ਾਨਦਾਰ ਸਫਲਤਾ ’ਤੇ ਸਕੂਲ ਦੀ ਪ੍ਰਿੰਸੀਪਲ ਮੈਡਮ ਮੈਰੀ ਐਂਟਨੀ ਅਤੇ ਸਮੂਹ ਸਟਾਫ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਪ੍ਰਿੰਸੀਪਲ ਮੈਰੀ ਐਂਟਨੀ ਨੇ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਦਾ ਨਤੀਜਾ ਹੈ। ਉਨ੍ਹਾਂ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਪੰਜਾਬੀ ਮਾਨਸਿਕਤਾ ਦੀ 'ਚੜ੍ਹਦੀ ਕਲਾ' ਦਾ ਪ੍ਰਤੀਕ ਹਨ ਸਾਡੀਆਂ ਲੋਕ ਖੇਡਾਂ : ਉਪ-ਕੁਲਪਤੀ ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਸਾਡੀਆਂ ਲੋਕ ਖੇਡਾਂ ਸਿਰਫ਼ ਸਰੀਰਕ ਗਤੀਵਿਧੀਆਂ ਨਹੀਂ ਹਨ। ਇਹ ਸਾਡੇ ਇਤਿਹਾਸ ਦਾ ਜਿਉਂਦਾ-ਜਾਗਦਾ ਸਰਮਾਇਆ ਹੈ। ਇਹ ਖੇਡਾਂ ਪੰਜਾਬੀ ਮਾਨਸਿਕਤਾ ਦੀ 'ਚੜ੍ਹਦੀ ਕਲਾ' ਦਾ ਪ੍ਰਤੀਕ ਹਨ। ਇਨ੍ਹਾਂ ਨੂੰ ਸੰਭਾਲਣਾ ਤੇ ਪ੍ਰਫੁੱਲਿਤ ਕਰਨਾ ਸਾਡੀ ਜ਼ਰੂਰਤ ਹੈ। ਇਹ ਪ੍ਰਗਟਾਵਾ 'ਦ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ ਨੇ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਕਰਵਾਏ ਰਾਸ਼ਟਰੀ ਸੈਮੀਨਾਰ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਬਾਰਾਂਦਰੀ ਸਥਿਤ ਪ੍ਰਭਾਤ ਪਰਵਾਨਾ ਮੈਮੋਰੀਅਲ ਟਰੇਡ ਯੂਨੀਅਨ ਸੈਂਟਰ ਵਿਖੇ ਕਰਵਾਏ ਇਸ ਸੈਮੀਨਾਰ ਦੌਰਾਨ ਵੀ.ਸੀ. ਪ੍ਰੋ. ਗਿੱਲ ਨੇ ਕਿਹਾ ਕਿ ਭਾਵੇਂ ਕੌਮਾਂਤਰੀ ਪੱਧਰ ਉਤੇ ਪ੍ਰਵਾਨਿਤ ਆਧੁਨਿਕ ਖੇਡਾਂ ਵਿਸ਼ਵ ਪੱਧਰ 'ਤੇ ਪਛਾਣ ਲਈ ਜ਼ਰੂਰੀ ਹਨ, ਪਰ ਸਾਡੀਆਂ ਸਥਾਨਕ ਲੋਕ ਖੇਡਾਂ ਉਹ ਬੁਨਿਆਦੀ ਤਾਕਤ ਅਤੇ ਭਾਈਚਾਰਕ ਸਾਂਝ ਪ੍ਰਦਾਨ ਕਰਦੀਆਂ ਹਨ ਜਿਸ ਦੀ ਬਰਾਬਰੀ ਕੋਈ ਵੀ ਆਧੁਨਿਕ ਖੇਡ ਨਹੀਂ ਕਰ ਸਕਦੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਲਾ ਰਾਏਪੁਰ ?ਵਿਖੇ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਤੇ ਵਿਰਾਸਤੀ ਖੇਡਾਂ ਨੂੰ ਪ੍ਰਫੁੱਲਤ ਕਰਨ ਵਾਲਾ ਕਦਮ ਹੈ।

ਵਾਈਸ ਚਾਂਸਲਰ ਨੇ ਕਿਹਾ ਕਿ ਅਸੀਂ ਇਹਨਾਂ ਖੇਡਾਂ ਨੂੰ ਅਕਾਦਮਿਕ ਪਾਠਕ੍ਰਮ ਦਾ ਰਸਮੀ ਹਿੱਸਾ ਬਣਾਉਣ ਲਈ ਵੀ ਕੰਮ ਕਰਾਂਗੇ, ਤਾਂ ਜੋ ਪੰਜਾਬ ਦੇ ਕਿਸੇ ਵੀ ਪਿੰਡ ਦਾ ਬੱਚਾ 'ਗੱਤਕਾ' ਸਿੱਖਣ ਵਿੱਚ ਵੀ ਓਨਾ ਹੀ ਮਾਣ ਮਹਿਸੂਸ ਕਰੇ ਜਿੰਨਾ ਉਹ ਕਿਸੇ ਓਲੰਪਿਕ ਖੇਡ ਵਿੱਚ ਕਰਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਖੇਡਾਂ ਦੇ 'ਭਵਿੱਖ' ਨੂੰ ਸੁਰੱਖਿਅਤ ਕਰਨ ਲਈ ਸਾਨੂੰ ਬਹੁਤ ਸਾਰੇ ਸੰਸਥਾਗਤ ਕਦਮ ਚੁੱਕਣ ਦੀ ਲੋੜ ਹੈ।

ਦਿਲ ਦੇ ਰੋਗਾਂ ਦੇ ਮਾਹਿਰ ਡਾ. ਮਨਮੋਹਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਬੋਲਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਆਪਣੀ ਮਿੱਟੀ ਨਾਲ ਜੋੜਦੀਆਂ ਹਨ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਜਿੱਤਣ ਲਈ ਨਹੀਂ ਹੁੰਦੀਆਂ ਬਲਕਿ ਸਿੱਖਣ ਲਈ ਹੁੰਦੀਆਂ ਹਨ। ਲੋਕ ਖੇਡਾਂ ਦੇ ਹਵਾਲੇ ਨਾਲ ਉਹਨਾਂ ਕਿਹਾ ਕਿ ਹੁਣ ਜਦੋਂ ਆਧੁਨਿਕ ਸੰਗਠਿਤ ਖੇਡਾਂ ਬਹੁਤ ਗੁੰਝਲਦਾਰ ਅਤੇ ਮਹਿੰਗੀਆਂ ਹੋ ਗਈਆਂ ਹਨ ਤਾਂ ਦੂਜੇ ਪਾਸੇ ਸਾਡੀਆਂ ਲੋਕ ਖੇਡਾਂ ਹਾਲੇ ਵੀ ਸਰਲ, ਸਸਤੀਆਂ ਅਤੇ ਪ੍ਰਭਾਵਸ਼ਾਲੀ ਹਨ।

ਡਾ. ਗੁਰਭਜਨ ਗਿੱਲ ਨੇ ਸੈਮੀਨਾਰ ਦੀ ਸਨਮਾਨਿਤ ਸ਼ਖ਼ਸੀਅਤ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਅੱਜ ਜਦੋਂ ਏ.ਆਈ. ਦਾ ਬੋਲਬਾਲਾ ਹੋ ਰਿਹਾ ਹੈ ਅਤੇ ਵਿਸ਼ਵੀਕਰਨ ਨੇ ਮਨੁੱਖ 'ਤੇ ਬਹੁਤ ਜ਼ਿਆਦਾ ਮਾਰੂ ਪ੍ਰਭਾਵ ਪਾਏ ਹਨ ਤਾਂ ਸਾਨੂੰ ਲੋਕ ਖੇਡਾਂ ਸਮੇਤ ਆਪਣੇ ਸਮੁੱਚੇ ਵਿਰਸੇ ਨੂੰ ਤਰਜੀਹੀ ਅਧਾਰ 'ਤੇ ਬਚਾਉਣਾ ਪਵੇਗਾ।

ਗਿੱਲ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਇੱਥੇ ਚੰਗਾ ਖੇਡ ਸੱਭਿਆਚਾਰ ਵਿਕਸਿਤ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਇਸ ਗੱਲ 'ਤੇ ਚਿੰਤਾ ਪ੍ਰਗਟਾਈ ਕੇ ਅੱਜ ਸਰਮਾਏ ਦੀ ਅਮਰਵੇਲ ਨੇ ਸਾਡੇ ਤੋਂ ਸਾਡੀਆਂ ਸੋਹਣੀਆਂ ਲੋਕ ਖੇਡਾਂ ਖੋਹ ਲਈਆਂ ਹਨ। ਇਸ ਪੱਖੋਂ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ।ਗੁਰਭਜਨ ਗਿੱਲ ਨੇ ਕਿਹਾ ਕਿ ਪੰਜਾਬ ਦੀ ਹਰ ਮਰਿਆਦਾ ਨੂੰ ਸੰਭਾਲਣ ਲਈ ਇੱਕਜੁਟਤਾ ਨਾਲ ਹੰਭਲੇ ਮਾਰਨ ਦੀ ਲੋੜ ਹੈ।

ਉੱਘੇ ਲੋਕਧਾਰਾ ਸ਼ਾਸਤਰੀ ਡਾ. ਗੁਰਮੀਤ ਸਿੰਘ ਨੇ ਆਪਣਾ ਮੁੱਖ-ਸੁਰ ਭਾਸ਼ਣ ਦਿੰਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਵਿੱਚ ਵੱਡਾ ਯੋਗਦਾਨ ਪਾਉਂਦੀਆਂ ਹਨ। ਉਹਨਾਂ ਵਿਸਥਾਰ ਵਿੱਚ ਸਮਝਾਇਆ ਕਿ ਲੋਕ ਖੇਡਾਂ ਵਿੱਚ ਪ੍ਰਚੱਲਿਤ ਗਤੀਵਿਧੀਆਂ, ਇਸ਼ਾਰੇ, ਅਦਾਵਾਂ, ਸ਼ਬਦਾਵਲੀ ਆਦਿ ਦੇ ਬਹੁਤ ਗਹਿਰੇ ਅਰਥ ਹੁੰਦੇ ਹਨ ਜੋ ਮਨੁੱਖ ਦੇ ਅਵਚੇਤਨ ਨਾਲ ਜੁੜੇ ਭਾਵਾਂ ਦਾ ਪ੍ਰਗਟਾਅ ਬਣਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਦੀਆਂ ਆਧੁਨਿਕ ਖੇਡਾਂ ਦਾ ਮੂਲ ਵੀ ਸਾਡੇ ਪਿੰਡ ਪੱਧਰ 'ਤੇ ਖੇਡੀਆਂ ਜਾਂਦੀਆਂ ਬਹੁਤ ਸਾਰੀਆਂ ਲੋਕ ਖੇਡਾਂ ਵਿੱਚ ਪਿਆ ਹੈ।

ਉਦਘਾਟਨੀ ਸੈਸ਼ਨ ਦਾ ਸੰਚਾਲਨ ਕਰਦੇ ਸੈਮੀਨਾਰ ਦੀ ਕਨਵੀਨਰ ਡਾ. ਮਨਪ੍ਰੀਤ ਕੌਰ ਨੇ ਵਿਸ਼ੇ ਬਾਰੇ ਅਹਿਮ ਟਿੱਪਣੀਆਂ ਕੀਤੀਆਂ ਅਤੇ ਯੂਨੀਵਰਸਿਟੀ ਦੇ ਰਜਿਸਟਰਾਰ ਕਰਨਲ ਪਰਮਿੰਦਰ ਸਿੰਘ ਗਿੱਲ ਨੇ ਧੰਨਵਾਦ ਕੀਤਾ।

ਉਦਘਾਟਨੀ ਸੈਸ਼ਨ ਉਪਰੰਤ ਹੋਈ ਪੈਨਲ ਚਰਚਾ ਦੌਰਾਨ ਪ੍ਰੋ. ਸੁਰਜੀਤ ਸਿੰਘ ਭੱਟੀ, ਡਾ.ਹਰਜੀਤ ਕੌਰ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਡਾਇਰੈਕਟਰ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਨੇ ਆਪਣੇ ਅਹਿਮ ਵਿਚਾਰ ਪ੍ਰਗਟਾਏ।ਨਵਦੀਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਖੇਡਾਂ ਤੇ ਖਿਡਾਰੀਆਂ ਨੂੰ ਪ੍ਰਫੁੱਲਤ ਕਰਨ ਲਈ ਪੁਰਾਤਨ ਖੇਡਾਂ ਨੂੰ ਨਾਲ ਲੈਕੇ ਚੱਲਦੇ ਹੋਏ ਹੀ ਮੌਜੂਦਾ ਮੁਕਾਬਲੇ ਦੇ ਯੁੱਗ ਵਿੱਚ ਸਾਡੇ ਖਿਡਾਰੀ ਕਾਮਯਾਬ ਹੋ ਸਕਦੇ ਹਨ। ਨਵਦੀਪ ਗਿੱਲ ਨੇ ਸਿੱਖ ਇਤਿਹਾਸ ਦਾ ਜਿਕਰ ਕਰਦਿਆਂ ਕਿਹਾ ਕਿ ਖੇਡਾਂ ਵਿੱਚ ਮੱਲਾਂ ਮਾਰਨ ਦਾ ਜ਼ਜਬਾ ਪੰਜਾਬੀਆਂ ਦੇ ਖ਼ੂਨ ਵਿੱਚ ਹੈ। ਇਸ ਸੈਸ਼ਨ ਦਾ ਸੰਚਾਲਨ ਡਾ. ਅਮਰੀਕ ਸਿੰਘ ਨੇ ਕੀਤਾ।

ਇਸ ਉਪਰੰਤ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਵੱਖ ਵੱਖ ਖੋਜਾਰਥੀਆਂ ਵੱਲੋਂ ਆਪਣੀ ਖੋਜ ਪੱਤਰ ਪੇਸ਼ ਕੀਤੇ ਗਏ। ਖੋਜਾਰਥੀਆਂ ਵੱਲੋਂ ਪੰਜਾਬ ਦਾ ਇਤਿਹਾਸ, ਸਭਿਆਚਾਰ, ਲੋਕ ਖੇਡਾਂ, ਪੰਜਾਬੀ ਲੋਕ ਖੇਡਾਂ ਦਾ ਵਰਗੀਕਰਨ ਅਤੇ ਇਤਿਹਾਸ, ਸਕੂਲਾਂ ਅਤੇ ਯੂਨੀਵਰਸਿਟੀਆਂ ਵਿੱਚ ਲੋਕ ਖੇਡਾਂ ਨੂੰ ਪਾਠ ਕਰਨ ਵਿੱਚ ਸ਼ਾਮਿਲ ਕਰਨ ਆਦਿ ਵਿਸ਼ਿਆਂ ਉੱਤੇ ਆਪਣੇ ਵਿਚਾਰ ਪ੍ਰਗਟਾਏ ਗਏ।ਅੰਤ ਵਿੱਚ ਸਮਾਪਤੀ ਸੈਸ਼ਨ ਦਾ ਸੰਚਾਲਨ ਡਾ. ਸਨਮਾਨ ਕੌਰ ਵੱਲੋਂ ਕੀਤਾ ਗਿਆ।

ਸੈਮੀਨਾਰ ਦੌਰਾਨ ਹੋਰਨਾਂ ਤੋਂ ਇਲਾਵਾ ਡਾ. ਸੁਰਜੀਤ ਸਿੰਘ, ਡਾ. ਗੁਰਮੁਖ ਸਿੰਘ, ਡਾ. ਸਤੀਸ਼ ਕੁਮਾਰ ਵਰਮਾ, ਡਾ. ਰਜਿੰਦਰਪਾਲ ਸਿੰਘ ਬਰਾੜ, ਡਾ. ਮਾਨ ਸਿੰਘ ਢੀਂਡਸਾ, ਡਾ. ਪਰਮਵੀਰ ਸਿੰਘ, ਡਾ. ਅਮਰਜੀਤ ਸਿੰਘ, ਡਾ. ਕਿਰਨਜੀਤ ਕੌਰ ਆਦਿ ਮੌਜੂਦ ਰਹੇ।

## ਸਰਕਾਰੀ ਐਲੀਮੈਂਟਰੀ ਸਕੂਲ ਜਾਤੀਵਾਲ ਵਿਖੇ ਕਮਰੇ ਦਾ ਉਦਘਾਟਨ

# ਪੰਜਾਬ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਚੁੱਕੇ ਕ੍ਰਾਂਤੀਕਾਰੀ ਕਦਮ: ਦੇਵ ਮਾਨ



**ਭਾਦਸੋਂ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਵੱਲੋਂ ਉਦਘਾਟਨ ਕੀਤੇ ਜਾ ਰਹੇ ਹਨ। ਜਿਸ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਜਾਤੀਵਾਲ ਬਲਾਕ ਭਾਦਸੋਂ-2 ਵਿਖੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਉਦਘਾਟਨ ਕੀਤਾ ਗਿਆ।

ਇਸ ਦੌਰਾਨ ਉਹਨਾਂ ਨੇ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਕੀਤੇ ਕ੍ਰਾਂਤੀਕਾਰੀ ਕੰਮਾਂ ਬਾਰੇ ਦੱਸਿਆ ।ਉਹਨਾਂ ਕਿਹਾ ਕਿ ਜਿਹੜੀਆਂ ਗਰੰਟੀਆਂ ਦਿੱਤੀਆਂ ਸੀ, ਉਹਨਾਂ ਨੂੰ ਪੂਰੀਆ ਕਰਨ ਉਪਰੰਤ ਹੋਰ ਵੀ ਅਨੇਕਾਂ ਕੰਮ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਹਨ। ਇਸ ਸਮੇਂ ਬੀਪੀਈਓ ਜਗਜੀਤ ਸਿੰਘ ਨੌਹਰਾ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਵਿੱਚ ਕੀਤੇ ਕਾਰਜਾਂ ਬਾਰੇ ਦੱਸਿਆ । ਸਟੇਜ ਸਕੱਤਰ ਦੀ ਭੂਮਿਕਾ ਸੰਦੀਪ ਕੁਮਾਰ ਡਕੌਂਦਾ ਵੱਲੋਂ ਨਿਭਾਈ ਗਈ। ਅਖੀਰ ਵਿੱਚ ਸੀਐੱਚਟੀ ਸਤਨਾਮ ਸਿੰਘ ਵੱਲੋਂ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੂਬਾ ਉਪ ਪ੍ਰਧਾਨ ਤੇਜਿੰਦਰ ਸਿੰਘ ਖਹਿਰਾ, ਬਲਾਕ ਸੰਮਤੀ ਨਾਭਾ ਦੇ ਵਾਈਸ ਪ੍ਰਧਾਨ ਭੁਪਿੰਦਰ ਸਿੰਘ ਕੱਲਰਮਾਜਰੀ ,ਮਾਸਟਰ ਅਮਰੀਕ ਸਿੰਘ, ਸੀਐੱਚਟੀ ਗੁਰਪ੍ਰੀਤ ਸਿੰਘ ਪੰਧੇਰ, ਜਸਪਾਲ ਸਿੰਘ ਚਹਿਲ ,ਜਸਪ੍ਰੀਤ ਸਿੰਘ ਗੋਬਿੰਦਪੁਰਾ, ਹਰਦੀਪ ਸਿੰਘ ਬੀਐਸਓ, ਜੀਵਨ ਚੰਦ, ਹਰਿੰਦਰ ਸਿੰਘ ਸੋਹੀ, ਅਵਤਾਰ ਸਿੰਘ, ਜਸਵਿੰਦਰ ਸਿੰਘ ,ਕੁਲਵੰਤ ਸਿੰਘ,ਮਹਿੰਦਰਪਾਲ ਗੋਇਲ ,ਮਲਕੀਤ ਸਿੰਘ, ਅਮਰੀਕ ਸਿੰਘ, ਅੰਮ੍ਰਿਤਪਾਲ ਸਿੰਘ ,ਹਰਜੀਤ ਸਿੰਘ, ਜਸਪਾਲ ਸਿੰਘ, ਰਣਜੀਤ ਸਿੰਘ, ਸੁਖਚੈਨ ਸਿੰਘ ,ਕਾਕਾ ਸਿੰਘ, ਪਿਆਰਾ ਸਿੰਘ, ਲਖਵਿੰਦਰ ਸਿੰਘ, ਰਾਜੀਵ ਸ਼ਰਮਾ,ਭੁਪਿੰਦਰ ਕੌਰ, ਜਗਵਿੰਦਰ ਸਿੰਘ ,ਗੁਰਪ੍ਰਕਾਸ਼ ਸਿੰਘ ਪਿੰਡ ਦੇ ਪਤਵੰਤੇ ਸੱਜਣ, ਮਾਪੇ ਅਤੇ ਨਗਰ ਨਿਵਾਸੀ ਹਾਜ਼ਰ ਸਨ।

# 35ਵੀਂ ਆਲ ਇੰਡੀਆ ਰੇਲਵੇ ਮਹਿਲਾ ਕ੍ਰਿਕਟ ਚੈਂਪੀਅਨਸ਼ਿਪ 2025-26 - ਫਾਈਨਲ ਮੁਕਾਬਲਾ




**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

35ਵੀਂ ਆਲ ਇੰਡੀਆ ਰੇਲਵੇ ਮਹਿਲਾ ਕ੍ਰਿਕਟ ਚੈਂਪੀਅਨਸ਼ਿਪ 2025-26 ਦਾ ਫਾਈਨਲ ਮੁਕਾਬਲਾ PLW ਕ੍ਰਿਕਟ ਸਟੇਡੀਅਮ, ਪਟਿਆਲਾ ਵਿੱਚ ਨਾਰਥ ਸੈਂਟਰਲ ਰੇਲਵ¶ (NCR) ਅਤੇ ਈਸਟਰਨ ਰੇਲਵੇ ਦੇ ਵਿਚਕਾਰ ਬਹੁਤ ਹੀ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਖੇਡਿਆ ਗਿਆ।

ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਈਸਟਰਨ ਰੇਲਵੇ ਨੇ 49.3 ਓਵਰਾਂ ਵਿੱਚ 232 ਰਨਾਂ ਦਾ ਮੁਕਾਬਲੇਯੋਗ ਸਕੋਰ ਬਣਾਇਆ ਅਤੇ NCR ਨੂੰ 233 ਰਨਾਂ ਦਾ ਲਕਸ਼ ਦਿੱਤਾ। ਜਵਾਬ ਵਿੱਚ NCR ਨੇ ਸ਼ਾਨਦਾਰ ਬੱਲੇਬਾਜ਼ੀ ਦਾ ਪ੍ਰਦਰਸ਼ਨ ਕਰਦੇ ਹੋਏ 46.4 ਓਵਰਾਂ ਵਿੱਚ ਟਾਰਗੇਟ ਹਾਸਲ ਕਰਕੇ ਪ੍ਰਭਾਵਸ਼ਾਲੀ ਜਿੱਤ ਦਰਜ ਕੀਤੀ।

Ms. Ekta Bisht ਨੇ ਸ਼ਾਨਦਾਰ ਗੇਂਦਬਾਜ਼ੀ ਕਰਦੇ ਹੋਏ 4 ਵਿਕਟਾਂ ਹਾਸਲ ਕੀਤੀਆਂ ਅਤੇ ਉਨ੍ਹਾਂ ਨੂੰ ਪਲੇਅਰ ਆਫ ਦ ਮੈਚ ਚੁਣਿਆ ਗਿਆ। ਇਸ ਤੋਂ ਇਲਾਵਾ ਤੀਸਰੀ ਵਿਕਟ ਲਈ Ms. Bhawana Goplani (68 ਰਨ) ਅਤੇ Ms. Shweta Mane (47 ਰਨ)* ਦੀ ਮਹੱਤਵਪੂਰਨ ਭਾਗੀਦਾਰੀ ਨੇ ਟੀਮ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ।

$s. Tanushree Sarkar (ਈਸਟਰਨ ਰੇਲਵੇ) ਨੂੰ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਲਈ ਪਲੇਅਰ ਆਫ ਦ ਟੂਰਨਾਮੈਂਟ ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ। ??

ਇਨਾਮਾਂ ਦੀ ਵੰਡ Sushil Kumar Srivastava, PCAO, PLW ਪਟਿਆਲਾ ਵੱਲੋਂ ਕੀਤੀ ਗਈ। ਉਨ੍ਹਾਂ ਨੇ ਸਾਰੇ ਖਿਡਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਲਗਨ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਸਰਾਹਨਾ ਕੀਤੀ।

ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਖੇਡਾਂ ਵਿੱਚ ਉਤਕ੍ਰਿਸ਼ਟਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਏ.ਡੀ.ਸੀ ਵੱਲੋਂ ਲਿਆ ਗਿਆ ਡੇਂਗੂ ਸਬੰਧੀ ਤਿਆਰੀਆਂ ਦਾ ਜਾਇਜਾ



**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਂਗੂ, ਪਾਣੀ ਤੋਂ ਹੋਣ ਵਾਲੇ ਰੋਗਾਂ ਤੋਂ ਬਚਾਅ ਅਤੇ ਹੀਟਵੇਵ ਤੋਂ ਬਚਾਅ ਸਬੰਧੀ ਵੱਖ-ਵੱਖ ਵਿਭਾਗਾਂ ਦੀ ਤਾਲਮੇਲ ਕਮੇਟੀ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਵੱਲੋਂ ਕੀਤੀ ਗਈ ਜਿਸ ਵੱਚ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਮਿਉਸੀਪਲ ਕਾਰਪੋਰੇਸ਼ਨ ਪਟਿਆਲਾ ਅਤੇ ਕਮੇਟੀਆਂ, ਨਗਰ ਪੰਚਾਇਤਾਂ ਦੇ ਕਾਰਜਕਾਰੀ ਅਫਸਰਾਂ ਨੂੰ ਫੋਗਿੰਗ ਮਸ਼ੀਨਾਂ ਅਤੇ ਲੋੜੀਦੀ ਦਵਾਈਆਂ ਦੀ ਸਮੇਂ ਸਿਰ ਖਰੀਦ ਮੁਕੰਮਲ ਕਰਨ ਅਤੇ ਸਟਾਫ ਨੂੰ ਦਵਾਈਆਂ ਦੀ ਸਹੀ ਵਰਤੋਂ ਪ੍ਰਤੀ ਟ੍ਰੇਨ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਜਿਲ੍ਹਾ ਐਪੀਡੀਮੋਲੋਜਿਸਟ ਡਾ.ਸੁਮੀਤ ਸਿੰਘ ਨੇ ਹਾਟ ਸਪਾਟ ਰਹੇ ਡੇਂਗੂ ਇਲਾਕਿਆਂ ਦੀ ਜਾਣਕਾਰੀ ਸਾਂਝੀ ਕੀਤੀ ਜਿਨਾਂ ਵੱਲ ਇਸ ਸਾਲ ਖਾਸ ਤੌਰ ਤੇ ਧਿਆਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾਂ ਨੇ ਪਾਣੀ ਨਾਲ ਹੋਣ ਵਾਲੇ ਰੋਗਾਂ ਦੇ ਬਚਾਅ ਬਾਰੇ ਦੱਸ ਦਿਆ ਕਿਹਾ ਕਿ ਸਕੂਲਾਂ ਵਿੱਚ ਸਮੇਂ ਸਿਰ ਪਾਣੀ ਦੀ ਸੈਂਪਲਿੰਗ ਹੋਣੀ ਚਾਹੀਦੀ ਹੈ, ਪਾਣੀ ਦੀਆਂ ਟੈਂਕੀਆ ਦੀ ਸਫਾਈ ਅਤੀ ਜਰੂਰੀ ਹੈ ਅਤੇ ਕਲੋਰੀਨ ਦੀਆਂ ਗੋਲੀਆਂ ਦੀ ਖਰੀਦ ਸਮੇਂ ਸਿਰ ਹੋਣੀ ਜਰੂਰੀ ਹੈ। ਉਹਨਾਂ ਦੱਸਿਆ ਕਿ ਜੇਕਰ ਕਿਸੇ ਏਰੀਏ ਵਿੱਚ ਡਾਈਰੀਆ ਦਾ ਕੇਸ ਨਿੱਕਲਦਾ ਹੈ ਤਾਂ ਉਸਦੀ ਸੂਚਨਾ ਤੁਰੰਤ ਸਿਹਤ ਵਿਭਾਗ ਤੱਕ ਪਹੁੰਚਾਈ ਜਾਵੇ। ਹੀਟ ਵੇਵ ਤੋਂ ਬਚਾਅ ਵਾਸਤੇ ਸਾਰੇ ਸਰਕਾਰੀ ਹਸਪਤਾਲਾ ਅਤੇ ਦਫਤਰਾਂ ਵਿੱਚ ਸਾਫ ਤੇ ਠੰਢੇ ਪਾਣੀ ਦਾ ਇੰਤਜਾਮ ਕੀਤਾ ਜਾਵੇ। ਇਸ ਸਬੰਧੀ ਵਿਸ਼ੇਸ਼ ਅਭਿਆਨ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਵੱਲੋਂ ਜਿਲ੍ਹਾ ਪਟਿਆਲਾ ਵਿੱਚ ਚਲਾਇਆ ਜਾਵੇਗਾ।

# ਬਿਲਡਿੰਗ ਬਰਾਂਚ ਨਾਲ ਮੇਅਰ ਕੁੰਦਨ ਗੋਗੀਆ ਦੀ ਅਹਿਮ ਮੀਟਿੰਗ, ਪੈਂਡੈਂਸੀ ਖਤਮ ਕਰਨ ਦੇ ਸਖ਼ਤ ਹੁਕਮ

## ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀ ਸੁਵਿਧਾ ਲਈ ਨਗਰ ਨਿਗਮ ਕਰੇਗਾ ਹਰ ਸੰਭਵ ਯਤਨ : ਮੇਅਰ



**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਅਤੇ ਪ੍ਰਸ਼ਾਸਕੀ ਕਾਰਗੁਜ਼ਾਰੀ ਨੂੰ ਸੁਧਾਰਨ ਲਈ ਮੇਅਰ ਕੁੰਦਨ ਗੋਗੀਆ ਵੱਲੋਂ ਨਗਰ ਨਿਗਮ ਦੀ ਬਿਲਡਿੰਗ ਬਰਾਂਚ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਬਿਲਡਿੰਗ ਬਰਾਂਚ ਦੇ ਅਧਿਕਾਰੀਆਂ ਨੂੰ ਸਪਸ਼ਟ ਹੁਕਮ ਜਾਰੀ ਕੀਤੇ ਗਏ ਕਿ ਪੈਂਡਿੰਗ ਪਏ ਨਕਸ਼ਿਆਂ ਦੀ ਜਾਂਚ ਜਲਦੀ ਤੋਂ ਜਲਦੀ ਮੁਕੰਮਲ ਕਰਕੇ ਵੱਧ ਤੋਂ ਵੱਧ ਪੈਂਡੈਂਸੀ ਨੂੰ ਖਤਮ ਕੀਤਾ ਜਾਵੇ।

ਮੀਟਿੰਗ ਵਿਚ ਮੇਅਰ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਵਿੱਚ ਆਉਣ ਵਾਲੀਆਂ ਫਾਇਲਾਂ ਨੂੰ ਲੰਬੇ ਸਮੇਂ ਤੱਕ ਪੈਂਡਿੰਗ ਰੱਖਣਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜਿਹੜੇ ਕੇਸ ਬਿਨਾਂ ਵਜ੍ਹਾ ਲਟਕਾਏ ਜਾ ਰਹੇ ਹਨ, ਉਹਨਾਂ 'ਤੇ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਜਿੰਨੀ ਜਲਦੀ ਹੋ ਸਕੇ ਨਿਪਟਾਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਦੌਰਾਨ ਮੇਅਰ ਵੱਲੋਂ ਉਹਨਾਂ ਨਕਸ਼ਿਆਂ ਦੀ ਵੀ ਸਮੀਖਿਆ ਕੀਤੀ ਗਈ ਜੋ ਪਾਸ ਹੋ ਚੁੱਕੇ ਹਨ ਪਰ ਸੰਬੰਧਤ ਅਰਜ਼ੀਦਾਰਾਂ ਵੱਲੋਂ ਅਜੇ ਤੱਕ ਫੀਸ ਜਮ੍ਹਾਂ ਨਹੀਂ ਕਰਵਾਈ ਗਈ। ਉਨ੍ਹਾਂ ਨੇ ਸਪਸ਼ਟ ਹੁਕਮ ਦਿੱਤੇ ਕਿ ਅਜਿਹੇ ਸਾਰੇ ਨਕਸ਼ੇ ਜਿਨ੍ਹਾਂ ਦੀ ਫੀਸ ਨਿਰਧਾਰਤ ਸਮੇਂ ਅੰਦਰ ਜਮ੍ਹਾਂ ਨਹੀਂ ਕਰਵਾਈ ਗਈ, ਉਹਨਾਂ ਨੂੰ ਰੱਦ ਕੀਤਾ ਜਾਵੇ ਅਤੇ ਸੰਬੰਧਤ ਲੋਕਾਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਵੀ ਕੀਤੀ ਜਾਵੇ।

ਮੇਅਰ ਗੋਗੀਆ ਨੇ ਇਹ ਵੀ ਕਿਹਾ ਕਿ ਸ਼ਹਿਰ ਵਿੱਚ ਗੈਰ-ਕਾਨੂੰਨੀ ਨਿਰਮਾਣ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਬਿਲਡਿੰਗ ਬਰਾਂਚ ਨੂੰ ਹਦਾਇਤ ਦਿੱਤੀ ਕਿ ਬਿਨਾਂ ਮਨਜ਼ੂਰੀ ਹੋ ਰਹੇ ਨਿਰਮਾਣ ਕਾਰਜਾਂ 'ਤੇ ਤੁਰੰਤ ਰੋਕ ਲਗਾਈ ਜਾਵੇ ਅਤੇ ਜ਼ਰੂਰੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਇਹ ਵੀ ਕਿਹਾ ਗਿਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇ ਅਤੇ ਉਹਨਾਂ ਦਾ ਸਮੇਂ-ਸਿਰ ਹੱਲ ਕੀਤਾ ਜਾਵੇ। ਮੇਅਰ ਨੇ ਜ਼ੋਰ ਦੇ ਕੇ ਕਿਹਾ ਕਿ ਨਗਰ ਨਿਗਮ ਦੀ ਸਾਖ ਬਣਾਈ ਰੱਖਣ ਲਈ ਪਾਰਦਰਸ਼ਤਾ ਅਤੇ ਜਵਾਬਦੇਹੀ ਬਹੁਤ ਜ਼ਰੂਰੀ ਹੈ।

ਅੰਤ ਵਿੱਚ ਮੇਅਰ ਨੇ ਅਧਿਕਾਰੀਆਂ ਨੂੰ ਚੇਤਾਇਆ ਕਿ ਜੇਕਰ ਹੁਕਮਾਂ ਦੀ ਪਾਲਣਾ ਵਿੱਚ ਕੋਈ ਕੋਤਾਹੀ ਪਾਈ ਗਈ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀ ਸੁਵਿਧਾ ਲਈ ਨਗਰ ਨਿਗਮ ਵੱਲੋਂ ਹਰ ਸੰਭਵ ਯਤਨ ਕੀਤੇ ਜਾਣਗੇ

# ਤੀਰਥ ਯਾਤਰਾ ਯੋਜਨਾ ਨੂੰ ਮਿਲ ਰਿਹਾ ਲੋਕਾਂ ਦਾ ਭਰਪੂਰ ਸਹਿਯੋਗ :ਵਿਧਾਇਕ ਕੋਹਲੀ



**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਧੋਬੀ ਘਾਟ ਤੋਂ ਸ਼ਰਧਾਲੂਆਂ ਦੇ ਜੱਥੇ ਦੀ ਬੱਸ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾ ਲਈ ਰਵਾਨਾ ਕਰਨ ਮੌਕੇ ਕੀਤਾ।

ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ। ਇਸ ਯੋਜਨਾ ਦਾ ਮਕਸਦ ਆਮ ਲੋਕਾਂ ਨੂੰ ਬਿਨ੍ਹਾਂ ਕਿਸੇ ਆਰਥਿਕ ਬੋਝ ਦੇ ਧਾਰਮਿਕ ਯਾਤਰਾ ਦਾ ਸੁਭਾਗ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿਚ ਇੰਨ੍ਹਾਂ ਧਾਰਮਿਕ ਯਾਤਰਾਵਾਂ ਪ੍ਰਤੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਰਿਹਾਇਸ਼, ਖਾਣੇ ਦੇ ਨਾਲ ਹਰ ਲੋੜੀਂਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਇਸ ਯਾਤਰਾ ਦੌਰਾਨ ਸ਼ਰਧਾਲੂ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ ਆਦਿ ਦੇ ਦਰਸ਼ਨ ਕਰਨਗੇ।

ਇਸ ਮੌਕੇ ਵਾਰਡ ਨੰਬਰ 51 ਤੋਂ ਐਮ ਸੀ ਕਿਰਨ ਅਹੂਜਾ , ਵਾਰਡ ਨੰਬਰ 46 ਤੋਂ ਜਗਤਾਰ ਸਿੰਘ ਤਾਰੀ, ਐਸ ਸੀ ਹਲਕਾ ਕੋਆਰਡੀਨੇਟਰ ਗੋਬਿੰਦ ਵੈਦ, ਜਸਬੀਰ ਸਿੰਘ ਬਿੱਟੂ, ਹਰਵਿੰਦਰ ਪਾਲ ਸਿੰਘ ਵਿੰਟੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਪ੍ਰਬੰਧਕਾਂ ਨੇ ਦੁਕਾਨਦਾਰਾਂ ਨਾਲ ਕੀਤੀ ਇਕੱਤਰਤਾ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪ੍ਰਬੰਧ ਅਧੀਨ ਦੁਕਾਨਦਾਰਾਂ ਨਾਲ ਇਕੱਤਰਤਾ ਕੀਤੀ ਗਈ। ਇਸ ਦੌਰਾਨ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਅਤੇ ਮੈਨੇਜਰ ਭਾਗ ਸਿੰਘ ਨੇ ਦੁਕਾਨਦਾਰਾਂ ਨੂੰ ਹਦਾਇਤਾਂ ਕੀਤੀਆਂ ਦੁਕਾਨਾਂ ਵਿਚ ਮਿਆਰੀ ਸਾਮਾਨ ਵੇਚਿਆ ਜਾਵੇ। ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਵੇਖਣ ਵਿਚ ਆਇਆ ਹੈ ਕਿ ਦੁਕਾਨਦਾਰ ਰੁਮਾਲਾ ਸਾਹਿਬ ਦਾ ਅਦਬ ਸਤਿਕਾਰ ਰੱਖਣ, ਨਿਸ਼ਾਨ ਸਾਹਿਬ ਦਾ ਝੋਲਾ ਸਾਹਿਬ ਤੋਂ ਇਲਾਵਾ ਜੋਤ ਵਿਚ ਪੈਣ ਵਾਲਾ ਘਿਓ ਆਦਿ ਸਾਮਾਨ ਸਮੇਤ ਮਿਆਰੀ ਰੱਖਣ ਦੀ ਹਦਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਆਉਂਦੀਆਂ ਹਨ ਅਤੇ ਸੰਗਤਾਂ ਦੀ ਆਸਥਾ ਨੂੰ ਵੇਖਦੇ ਹੋਏ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਗਈ ਅਤੇ ਅਪੀਲ ਕੀਤੀ ਹੈ ਕਿ ਦੁਕਾਨਦਾਰ ਮਿਆਰੀ ਸਾਮਾਨ ਵੇਚਣ।

# ਡਾ. ਵਿਕਾਸ ਗੋਇਲ ਦਾ ਮਾਤਾ ਕੁਸ਼ਲਿਆ ਹਸਪਤਾਲ ਦਾ ਮੈਡੀਕਲ ਸੁਪਰਡੈਂਟ ਬਣਨ ਤੇ ਸਨਮਾਨਿਤ ਕੀਤਾ



**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਸਮਾਜ ਦੀ ਭਲਾਈ ਲਈ ਕਾਰਜ ਕਰ ਹੈ।

ਮੈਡੀਕਲ ਕੈਂਪ, ਅੱਖਾਂ ਦੇ ਉਪਰੇਸ਼ਨ ਕੈਂਪ, ਖੂਨਦਾਨ ਕੈਂਪ, ਸਮੇਂ—ਸਮੇਂ ਤੇ ਲਗਾਏ ਜਾਂਦੇ ਹਨ। ਅੱਜ ਡਾ. ਵਿਕਾਸ ਗੋਇਲ ਦੇ ਮੈਡੀਕਲ ਸੁਪਰਡੈਂਟ ਮਾਤਾ ਕੁਸ਼ਲਿਆ ਬਣਨ ਤੇ ਵਧਾਈ ਦਿੱਤੀ ਅਤੇ ਬੁੱਕੇ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਵਿਕਾਸ ਗੋਇਲ ਹਮੇਸ਼ਾ ਹੀ ਲੋਕ ਭਲਾਈ ਨੂੰ ਪਹਿਲ ਦਿੰਦੇ ਹਨ ਅਤੇ ਮਿਹਨਤ ਕਰਨ ਦੇ ਨਾਲ ਸਾਰਿਆਂ ਨੂੰ ਪਹਿਲ ਦੇ ਆਧਾਰ ਤੇ ਮਿਲਦੇ ਹਨ। ਸ਼ੁਰੂ ਤੋਂ ਲੋਕ ਭਲਾਈ ਦੇ ਕੰਮ ਕਰ ਰਹੇ ਹਨ ਸਰਕਾਰ ਵੱਲੋਂ ਇਨ੍ਹਾਂ ਦੀ ਮੈਡੀਕਲ ਸੁਪਰਡੈਂਟ ਵਜੋਂ ਨਿਯੁਕਤੀ ਸ਼ਲਾਘਾਯੋਗ ਕਦਮ ਹੈ।

ਡਾ. ਕਿਰਨਜੋਤ ਕੌਰ ਸੀਨੀਅਰ ਮੈਡੀਕਲ ਅਫਸਰ, ਸ੍. ਸੁਨੰਦਾ ਨਰੂਲਾ, ਰਾਜੇਸ਼ ਵਰਮਾ ਰਿਟਾਇਰਡ ਪ੍ਰਿੰਸੀਪਲ ਅਤੇ ਅਮਿਤ ਕੁਮਾਰ ਗੋਇਲ ਹਾਜਰ ਸਨ।

# ਬੀ. ਐਸ. 4ਜੀ ਤੋਂ ਬੀ. ਐਸ. 6ਜੀ ਵਾਹਨ ਚੱਲਣ ਦੇ ਬਾਵਜੂਦ ਵੀ ਗੱਡੀਆਂ ਦਾ ਪ੍ਰਦੂਸ਼ਣ ਚਾਲਾਨ ਕਿਉਂ ?

## ➢ ਟਰੈਫਿਕ ਪੁਲਸ ਵੱਲੋਂ ਪ੍ਰਦੂਸ਼ਣ ਚੈੱਕ ਕੀਤੇ ਬਿਨ੍ਹਾਂ ਚਾਲਾਨ ਕੱਟਣਾ ਜਾਰੀ
## ➢ ਪ੍ਰਦੂਸ਼ਣ ਦੇ ਮਹਿੰਗੇ ਜੁਰਮਾਨਿਆਂ ਤੋਂ ਦੁਖੀ ਹੋਈ ਜਨਤਾ ਦੀ ਕੌਣ ਕਰੇ ਸੁਣਵਾਈ

**ਪਟਿਆਲਾ, 20 ਅਪ੍ਰੈਲ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਦੇ ਟਰਾਂਸਪੋਰਟ ਵਿਭਾਗ ਵੱਲੋਂ ਟਰੈਫਿਕ ਨਿਯਮਾਂ ਵਿਚ ਕੁਤਾਹੀਆਂ ਕਰਨ ਵਾਲਿਆਂ ਖਿਲਾਫ ਵੱਡੇ ਜੁਰਮਾਨਿਆਂ ਦੀ ਲੰਮੀਂ ਸੂਚੀ ਨੇ ਆਪ ਜਨਤਾ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਪਹਿਲਾਂ ਹੀ ਮਹਿੰਗਾਈ ਦੀ ਮਾਰ ਝੱਲ ਰਹੇ ਮੱਧਵਰਗੀ ਪਰਿਵਾਰਾਂ ਵਿਚ ਹਾਹਾਕਾਰ ਮਚੀ ਹੋਈ ਹੈ, ਜਿਨ੍ਹਾਂ ਦੀ ਸੁਣਵਾਈ ਕਰਨ ਵਾਲਾ ਕੋਈ ਵੀ ਸਮਰੱਥ ਅਧਿਕਾਰੀ ਦਿਖਾਈ ਨਹੀਂ ਦੇ ਰਿਹਾ। ਇੰਨਾ ਹੀ ਨਹੀਂ ਕਰੋਨਾ ਕਾਲ ਤੋਂ ਬੀ. ਐਸ. 4ਜੀ ਵਾਹਨਾਂ ਦੀ ਵਿਕਰੀ ਉਪਰੰਤ ਆਰ. ਸੀਜ਼ ਦੇ ਨਾ ਬਣਨ ਕਾਰਨ ਪ੍ਰੇਸ਼ਾਨ ਚੱਲ ਰਹੇ ਸਨ ਤੇ ਦੂਜੇ ਪਾਸੇ ਬੀ. ਐਸ. 6ਜੀ ਵਾਹਨਾਂ ਦੀਆਂ ਵਧੀਆਂ ਕੀਮਤਾਂ ਕਾਰਨ ਕਰਜ਼ੇ ਦੀ ਮਾਰ ਹੇਠ ਆਏ ਵਾਹਨ ਮਾਲਕਾਂ ਦੀ ਜੇਬ ਉਸ ਸਮੇਂ ਕੱਟੀ ਹੋਈ ਮਹਿਸੂਸ ਹੁੰਦੀ ਹੈ ਜਦੋਂ ਬੀ. ਐਸ. 6ਜੀ ਵਾਹਨ ਦਾ ਪ੍ਰਦੂਸ਼ਣ ਚੈੱਕ ਕੀਤੇ ਬਿਨ੍ਹਾਂ ਹੀ ਸਿਰਫ ਪ੍ਰਦੂਸ਼ਣ ਅੰਡਰ ਕੰਟਰੋਲ ਸਰਟੀਫਿਕੇਟ ਕੋਲ ਨਾ ਹੋਣ ਕਾਰਨ ਟਰੈਫਿਕ ਪੁਲਸ ਦੇ ਮੁਲਾਜ਼ਮ ਪ੍ਰਦੂਸ਼ਣ ਦਾ ਚਾਲਾਨ ਕੱਟ ਕੇ ਹੱਥ ਵਿਚ ਫੜਾ ਦਿੰਦੇ ਹਨ।

ਜਿਹਨਾਂ ਦੇ ਮਹਿੰਗੇ ਜੁਰਮਾਨਿਆਂ ਕਾਰਨ ਘਰ ਦੀ ਕਬੀਲਦਾਰੀ ਲੜਖੜਾ ਜਾਂਦੀ ਹੈ। ਇੱਕੋ ਸਮੇਂ 'ਤੇ ਚੌਂਕ ਵਿਚ ਲੱਗੇ ਨਾਕੇ 'ਤੇ ਕੁਝ ਲੋਕਾਂ ਦੇ ਚਾਲਾਨ ਕੱਟੇ ਜਾ ਰਹੇ ਹੁੰਦੇ ਹਨ ਤੇ ਉਥੇ ਹੀ ਕੁਝ ਲੋਕ ਹੱਥ ਹਿਲਾ ਕੇ ਮੁਲਾਜ਼ਮ ਆਖ ਕੇ ਕੋਲੋਂ ਦੀ ਲੰਘ ਜਾਂਦੇ ਹਨ ਤੇ ਉਨ੍ਹਾਂ ਦੇ ਵਾਹਨਾਂ ਦੇ ਕਾਗਜ਼ਾਤ ਪੂਰੀ ਵੀ ਨਹੀਂ ਹੁੰਦੇ ਅਤੇ ਨਾ ਹੀ ਉਹ ਚੈੱਕ ਕੀਤੇ ਜਾਂਦੇ ਹਨ। ਅਜਿਹਾ ਹੋਣ ਨਾਲ ਜਿਥੇ ਇੱਕ ਪਾਸੇ ਆਮ ਲੋਕਾਂ ਵਿਚ ਪੁਲਸ ਪ੍ਰਤੀ ਗੁੱਸਾ ਵਧਦਾ ਹੈ। ਇਸ ਤੋਂ ਬਾਅਦ ਹੀ ਟਰੈਫਿਕ ਲਾਈਟਾਂ 'ਤੇ ਜ਼ਰਾ ਜਿੰਨੀ ਕੁਤਾਹੀ ਹੋਣ ਕਾਰਨ ਆਨਲਾਈਨ ਚਾਲਾਨ ਮੋਬਾਈਲ ਫੋਨ 'ਤੇ ਪਹੁੰਚ ਜਾਂਦਾ ਹੈ। ਉਸੇ ਟਰੈਫਿਕ ਲਾਈਟਾਂ 'ਤੇ ਅਫਸਰਸ਼ਾਹੀ ਅਤੇ ਰਾਜਨੀਤਿਕ ਆਗੂਆਂ ਦੀਆਂ ਗੱਡੀਆਂ ਹੂਟਰ ਮਾਰਦੀਆਂ ਛੂੰ-ਛੂੰ ਕਰਦੀਆਂ ਲੰਘ ਜਾਂਦੀਆਂ ਹਨ, ਪਰ ਵੋਟਾਂ ਪਾ ਕੇ ਸਰਕਾਰ ਬਣਾਉਣ ਵਾਲੇ ਚਾਲਾਨ ਭੁਗਤਣ ਵਾਲੀਆਂ ਲਾਈਨਾਂ ਵਿਚ ਖੜ੍ਹੇ ਦੇਖੇ ਜਾ ਸਕਦੇ ਹਨ। ਇਸ ਉਪਰੰਤ ਮਾਣਯੋਗ ਅਦਾਲਤਾਂ ਵੱਲੋਂ ਟਰੈਫਿਕ ਨਿਯਮਾਂ ਸੰਬੰਧੀ ਜਾਰੀ ਕੀਤੇ ਜਾਂਦੇ ਹੁਕਮਾਂ ਨੂੰ ਇੰਨ-ਬਿੰਨ ਲਾਗੂ ਨਾ ਕਰਨ ਵਿਚ ਕੁਤਾਹੀ ਕਰਨ ਵਾਲੀ ਪੰਜਾਬ ਪੁਲਸ ਦੇ ਡੀ. ਜੀ. ਪੀ. ਤੋਂ ਡੀ. ਐਸ. ਪੀ. ਰੈਂਕ ਤੱਕ ਦੇ ਅਧਿਕਾਰੀਆਂ ਨੂੰ ਨਿੱਜੀ ਜੁਰਮਾਨਾ ਲਗਾ ਦਿੱਤਾ ਜਾਂਦਾ ਹੈ। ਪਰ ਫਿਰ ਵੀ ਉਹ ਅਧਿਕਾਰੀ ਮਾਣਯੋਗ ਅਦਾਲਤਾਂ ਦੇ ਹੁਕਮਾਂ ਨੂੰ ਇੰਨ-ਬਿੰਨ ਲਾਗੂ ਕਰਨ ਵਿਚ ਖਰ੍ਹੇ ਉਤਰਦੇ ਦਿਖਾਈ ਨਹੀਂ ਦਿੰਦੇ। ਜਿਸ ਵਿਚ ਜੁਗਾੜੂ ਰੇਹੜੀਆਂ ਦਾ ਮਾਮਲਾ ਜੱਗ ਜ਼ਾਹਰ ਹੈ।

**ਪ੍ਰਦੂਸ਼ਣ ਚੈੱਕ ਕੀਤੇ ਬਿਨ੍ਹਾਂ ਚਾਲਾਨ ਕੱਟਣਾ ਜਾਰੀ**

ਬੀ. ਐਸ. 4 ਜੀ ਤੋਂ ਬੀ. ਐਸ. 6ਜੀ ਵਾਹਨਾਂ ਦੇ ਆਉਣ ਤੋਂ ਬਾਅਦ ਵਾਹਨਾਂ ਵਿਚ ਧੂੰਏਂ ਦੀ ਮਿਕਦਾਰ ਨਾ ਮਾਤਰ ਹੈ। ਪਰ ਫਿਰ ਵੀ ਟਰੈਫਿਕ ਪੁਲਸ ਵੱਲੋਂ ਇਨ੍ਹਾਂ ਵਾਹਨਾਂ ਕੋਲ ਪ੍ਰਦੂਸ਼ਣ ਅੰਡਰ ਕੰਟਰੋਲ ਹੋਣ ਦਾ ਸਰਟੀਫਿਕੇਟ ਨਾ ਹੋਣ ਕਾਰਨ ਹੀ ਬਿਨ੍ਹਾਂ ਪ੍ਰਦੂਸ਼ਣ ਚੈੱਕ ਕੀਤਿਆਂ ਪ੍ਰਦੂਸ਼ਣ ਦਾ ਚਾਲਾਨ ਕੱਟਣਾ ਜਾਰੀ ਹੈ।

ਹੈਰਾਨੀਜਨਕ ਹੈ ਕਿ ਇਹ ਤਾਂ ਚੈੱਕ ਹੋਣਾ ਚਾਹੀਦਾ ਹੈ ਕਿ ਵਾਹਨ ਦਾ ਪ੍ਰਦੂਸ਼ਣ ਅੰਡਰ ਕੰਟਰੋਲ ਹੈ ਜਾਂ ਨਹੀਂ, ਇਸ ਦਾ ਪੁਲਸ ਕੋਈ ਪੈਰਾਮੀਟਰ ਹੀ ਨਹੀਂ ਹੈ, ਫਿਰ ਵੀ ਚਾਲਾਨ ਕੱਟ ਕੇ ਆਮ ਜਨਤਾ ਦੇ ਜਖਮਾਂ ਦੇ ਲੂਣ ਛਿੜਕਿਆ ਜਾ ਰਿਹਾ ਹੈ। ਜਦੋਂਕਿ ਲੋਕ ਤਾਂ ਪਹਿਲਾਂ ਹੀ ਬੇਰੋਜ਼ਗਾਰੀ ਅਤੇ ਮਹਿੰਗਾਈ ਦੀ ਮਾਰ ਝੱਲ ਰਹੇ ਹਨ। ਇਹ ਤਾਂ ਉਹ ਗੱਲ ਜਾਪਦੀ ਹੈ ਕਿ ਬਿਨ੍ਹਾਂ ਕਸੂਰ ਕੀਤਿਆਂ ਹੀ ਜਜੀਆ ਟੈਕਸ ਭਰਵਾਇਆ ਜਾ ਰਿਹਾ ਹੈ।

**ਆਨਲਾਈਨ ਚਾਲਾਨ ਹੋਣ ਕਾਰਨ ਵਾਹਨ ਚਾਲਕ ਹੋਏ ਸਰਕਾਰ ਦੇ ਡਿਫਾਲਟਰ**

ਜਿਸ ਦਿਨ ਤੋਂ ਪ੍ਰਦੂਸ਼ਣ ਦੀ ਮਾਤਰਾ ਘੱਟ ਕਰਨ ਵਾਲੇ ਵਾਹਨਾਂ ਨੂੰ ਸੜਕ 'ਤੇ ਉਤਾਰਿਆ ਗਿਆ ਹੈ, ਉਥੇ ਹੀ ਕਰੋਨਾ ਕਾਲ ਤੋਂ ਬਾਅਦ ਸਾਰੇ ਸਰਕਾਰੀ ਕੰਮਾਂ ਲਈ ਚੱਲੀ ਆਨਲਾਈਨ ਪ੍ਰਣਾਲੀ ਨੇ ਆਮ ਲੋਕਾਂ ਨੂੰ ਸੂਲੀ 'ਤੇ ਟੰਗਿਆ ਹੋਇਆ ਹੈ, ਜਿਵੇਂ ਕਿ ਵਾਹਨ ਚਾਲਕ ਮਾਲਕ ਨੂੰ ਪਤਾ ਵੀ ਨਹੀਂ ਹੁੰਦਾ ਕਿ ਉਸ ਦੇ ਵਹੀਕਲ ਦਾ ਆਨਲਾਈਨ ਚਾਲਾਨ ਕਿੱਥੇ ਕੱਟਿਆ ਗਿਆ ਸੀ ਤੇ ਕਸੂਰ ਕੀ ਸੀ। ਇਸ ਦਾ ਪਤਾ ਉਸ ਵੇਲੇ ਹੀ ਲੱਗਦਾ ਹੈ ਜਦੋਂ ਇਸ ਦਾ ਮੈਸੇਜ਼ ਫੋਨ 'ਤੇ ਆ ਜਾਂਦਾ ਹੈ ਤੇ ਨਾਲ ਹੀ ਜੁਰਮਾਨਾ ਦਾ ਵੇਰਵਾ ਵੀ ਨਾਲ ਹੁੰਦਾ ਹੈ, ਜਿਸ ਨੂੰ ਦੇਖ ਕੇ ਵਾਹਨ ਚਾਲਕ ਹੈਰਾਨ ਹੋ ਜਾਂਦਾ ਹੈ। ਕਈ ਕੇਸਾਂ ਵਿਚ ਤਾਂ ਘਰਾਂ ਵਿਚ ਖੜ੍ਹੇ ਵਾਹਨਾਂ ਦੇ ਚਾਲਾਨ ਕੱਟਣ ਦਾ ਮਾਮਲਾ ਵੀ ਸਾਹਮਣੇ ਆ ਚੁੱਕਾ ਹੈ। ਜਦੋਂ ਕਿ ਦੂਜੇ ਪਾਸੇ ਟਰੈਫਿਕ ਵਿਵਸਥਾ ਵਿਚ ਸੁਧਾਰ ਨਾ ਹੋਣਾ ਟਰੈਫਿਕ ਪੁਲਸ ਅਤੇ ਪ੍ਰਸਾਸ਼ਨ ਦੀ ਨਾਕਾਮੀ ਸਿੱਧ ਹੁੰਦੀ ਹੈ ਪਰ ਇਸ ਦਾ ਨਜ਼ਲਾ ਆਮ ਲੋਕਾਂ 'ਤੇ ਹੀ ਸੁੱਟ ਦਿੱਤਾ ਜਾਂਦਾ ਹੈ। ਚਾਲਾਨ ਨਾ ਭੁਗਤਣ ਕਾਰਨ ਸੈਂਕੜੇ ਹੀ ਵਾਹਨ ਚਾਲਕ ਸਰਕਾਰ ਦੇ ਡਿਫਾਲਟਰ ਸੂਚੀ ਵਿਚ ਸ਼ਾਮਲ ਹੋ ਚੁੱਕੇ ਹਨ ਅਤੇ ਵਾਹਨਾਂ ਦੀ ਸੂਚੀ ਵਿਚ ਸ਼ਾਮਲ ਵਾਹਨਾਂ ਨੂੰ ਉਦੋਂ ਤੱਕ ਖਰੀਦ ਵੇਚ ਨਹੀਂ ਸਕਦਾ, ਜਦੋਂ ਤੱਕ ਚਾਲਾਨ ਦਾ ਭੁਗਤਾਨ ਨਹੀਂ ਹੋ ਜਾਂਦਾ।

**ਸਰਕਾਰੀ ਵਾਹਨ ਪ੍ਰਦੂਸ਼ਣ ਫੈਲਾਉਣ ਵਿਚ ਮੋਹਰੀ, ਕਾਰਵਾਈ ਜ਼ੀਰੋ**

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਅੱਖਾਂ ਦੇ ਸਾਹਮਣੇ ਸੂਬੇ ਭਰ ਦੇ ਵੱਖ-ਵੱਖ ਵਿਭਾਗਾਂ ਦੇ ਸਰਕਾਰੀ ਵਾਹਨਾਂ ਵਿਚੋਂ ਬਹੁਤੇ ਵਾਹਨਾਂ ਵਿਚੋਂ ਨਿਕਲਦਾ ਕਾਲਾ ਧੂੰਆਂ ਵਾਤਾਵਰਣ ਵਿਚ ਜ਼ਹਿਰ ਫੈਲਾ ਰਿਹਾ ਹੈ, ਪਰ ਇਹ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਟਰੈਫਿਕ ਪੁਲਿਸ ਵਾਲਿਆਂ ਨੂੰ ਦਿਖਾਈ ਨਹੀਂ ਦਿੰਦਾ। ਆਖਰ ਸਰਕਾਰੀ ਵਾਹਨਾਂ ਦੇ ਪ੍ਰਦੂਸ਼ਣ ਫੈਲਾਉਣ ਕਾਰਨ ਮਹਿੰਗੇ ਚਾਲਾਨ ਕਿਉਂ ਨਹੀਂ ਕੀਤੇ ਜਾਂਦੇ ਜਾਂ ਫਿਰ ਚਾਲਾਨਾਂ ਦੀ ਕਾਰਵਾਈ ਸਿਰਫ ਤੇ ਸਿਰਫ ਆਮ ਲੋਕਾਂ ਦਾ ਗਲਾ ਘੁੱਟਣ ਲਈ ਹੀ ਬਣਾਈ ਗਈ ਹੈ। ਇਹ ਸਵਾਲ ਹਰ ਆਮ ਵਿਅਕਤੀ ਦੇ ਮਨ ਵਿਚ ਗੂੰਜਦਾ ਸੁਣਾਈ ਦਿੰਦਾ ਹੈ।

**ਪ੍ਰਦੂਸ਼ਣ ਜਾਂਚ ਕੇਂਦਰਾਂ ਨੂੰ ਕੌਣ ਕਰਦਾ ਹੈ ਚੈੱਕ ?**

ਜਿਲ੍ਹੇ ਦੀ ਟਰੈਫਿਕ ਪੁਲਸ ਕੋਲ ਇੱਕ ਵੀ ਅਜਿਹਾ ਯੰਤਰ ਮੌਜੂਦ ਨਹੀਂ ਹੈ ਜਿਸ ਨਾਲ ਖੜ੍ਹੇ ਅਤੇ ਚੱਲਦੇ ਵਾਹਨਾਂ ਦਾ ਪ੍ਰਦੂਸ਼ਣ ਚੈੱਕ ਕੀਤਾ ਜਾ ਸਕੇ। ਪਰ ਸਰਕਾਰ ਵੱਲੋਂ ਪ੍ਰਦੂਸ਼ਣ ਚੈੱਕ ਕਰਨ ਵਾਲੇ ਕੇਂਦਰਾਂ ਦਾ ਉਪਕਰਣਾਂ ਦੀ ਜਾਂਚ ਕੌਣ ਕਰਦਾ ਹੈ ਕਿ ਇਨ੍ਹਾਂ ਕੇਂਦਰਾਂ ਦੇ ਉਪਕਰਣ ਸਹੀ ਤਰੀਕੇ ਨਾਲ ਜਾਂਚ ਕਰ ਰਹੇ ਹਨ ਜਾਂ ਨਹੀਂ। ਸਿਰਫ ਤੇ ਸਿਰਫ ਉਨ੍ਹਾਂ ਕੇਂਦਰਾਂ ਵੱਲੋਂ ਪ੍ਰਦੂਸ਼ਣ ਅੰਡਰ ਕੰਟਰੋਲ ਦਾ ਸਰਟੀਫਿਕੇਟ ਜਾਰੀ ਕਰ ਦੇਣਾ ਹੀ ਕਾਫੀ ਹੈ, ਜਿਨ੍ਹਾਂ ਦੀ ਕੀਮਤ ਦੋ ਪਹੀਆ ਵਾਹਨ 50 ਰੁਪਏ ਤੇ ਚਾਰ ਪਹੀਆ ਵਾਹਨ 80 ਜਾਂ 100 ਰੁਪਏ ਹੁੰਦੀ ਹੈ।

**ਪ੍ਰਦੂਸ਼ਣ ਕੰਟਰੋਲ ਬੋਰਡ ਦੀ ਕਾਰਵਾਈ ਸਵਾਲਾਂ ਦੇ ਘੇਰੇ 'ਚ**

ਰਾਸ਼ਟਰੀ ਗਰੀਨ ਟ੍ਰਿਬਿਊਨਲ ਵੱਲੋਂ ਸਮੇਂ ਸਮੇਂ ਅਨੁਸਾਰ ਵੱਖ-ਵੱਖ ਰਾਜਾਂ ਅੰਦਰ ਆਪਣੀਆਂ ਹਦਾਇਤਾਂ ਜਾਰੀ ਕਰਕੇ ਲੱਖਾਂ ਤੇ ਕਰੋੜਾਂ ਰੁਪਏ ਦੇ ਜੁਰਮਾਨੇ ਪ੍ਰਾਈਵੇਟ ਅਦਾਰਿਆਂ ਸਮੇਤ ਸਰਕਾਰਾਂ ਨੂੰ ਲਗਾਏ ਜਾਂਦੇ ਹਨ। ਪਰ ਫਿਰ ਵੀ ਸਮੇਂ ਦੀਆਂ ਸਰਕਾਰਾਂ ਵੱਲੋਂ ਪੂਰਨ ਤੌਰ 'ਤੇ ਅਮਲ ਨਾ ਕਰਕੇ ਸਮੱਸਿਆ ਜਿਉਂ ਦੀ ਤਿਉਂ ਹੀ ਰਹਿ ਜਾਂਦੀ ਹੈ, ਜਿਸ ਕਾਰਨ ਮਾਣਯੋਗ ਟ੍ਰਿਬਿਊਨਲ ਦੇ ਹੁਕਮਾਂ ਦੀਆਂ ਧੱਜੀਆਂ ਉਡਾ ਦਿੱਤੀਆਂ ਜਾਂਦੀਆਂ ਹਨ। ਜਦੋਂ ਕਿ ਸੂਬੇ ਅੰਦਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀ ਮੋਟੀਆਂ ਤਨਖਾਹਾਂ ਵਸੂਲਣ ਦੇ ਬਾਵਜੂਦ ਵੀ ਏ. ਸੀ. ਦਫਤਰਾਂ ਵਿਚ ਬੈਠ ਕੇ ਘਰਾਂ ਨੂੰ ਚਲੇ ਜਾਂਦੇ ਹਨ, ਇਸ ਕਾਰਨ ਇਸ ਵਿਭਾਗ ਦੀ ਕਾਰਵਾਈ ਵੀ ਸਵਾਲਾਂ ਦੇ ਘੇਰੇ 'ਚ ਹੈ।

## ਤੁਹਾਡੀ ਸਿਹਤ

# ਚੁਕੰਦਰ ਖਾਣ ਨਾਲ ਹੁੰਦੇ ਨੇ ਹੈਰਾਨੀਜਨਕ ਫਾਇਦੇ



ਜਲੰਧਰ— ਅਕਸਰ ਚੁਕੰਦਰ ਦੀ ਵਰਤੋਂ ਸਲਾਦ ਅਤੇ ਜੂਸ 'ਚ ਕੀਤੀ ਜਾਂਦੀ ਹੈ। ਇਹ ਲਾਲ ਰੰਗ ਦਾ ਫਲ ਸਰੀਰ ਲਈ ਬਹੁਤ ਹੀ ਫਾਇਦੇਮੰਦ ਹੁੰਦਾ ਹੈ। ਇਸ ਨਾਲ ਬਲੱਡ ਸ਼ੂਗਰ ਕੰਟਰੋਲ 'ਚ ਰਹਿੰਦੀ ਹੈ।ਆਯੁਰਵੇਦਿਕ ਮਾਹਿਰ ਦੱਸਦੇ ਹਨ ਕਿ ਚੁਕੰਦਰ ਅਜਿਹੀ ਸਬਜੀ ਹੈ, ਜਿਸ ਨੂੰ ਖਾਣ ਨਾਲ ਸਭ ਤੋਂ ਜ਼ਿਆਦਾ ਫਾਇਦੇ ਹੁੰਦੇ ਹਨ ਪਰ ਇਸ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਇਸ ਤੋਂ ਮਿਲਣ ਵਾਲੇ ਫਾਇਦਿਆਂ ਲਈ ਲੋਕ ਲੱਖਾਂ ਰੁਪਏ ਖਰਚ ਕਰ ਦਿੰਦੇ ਹਨ ਪਰ ਇਸ ਅਸਾਨ ਜਿਹੀ ਸਬਜੀ ਨੂੰ ਨਹੀਂ ਖਾਂਦੇ। ਚੁਕੰਦਰ ਦਾ ਫਲ ਹੀ ਨਹੀਂ ਇਸ ਦੇ ਪੱਤੇ ਵੀ ਓਨੇ ਹੀ ਸਿਹਤਮੰਦ ਹੁੰਦੇ ਹਨ। ਚੁਕੰਦਰ ਦੇ ਪੱਤੇ ਖਾਣ ਨਾਲ ਸਰੀਰ 'ਚ ਕਦੇ ਖੂਨ ਦੀ ਕਮੀ ਨਹੀਂ ਹੁੰਦੀ। ਅੱਜ ਅਸੀਂ ਤੁਹਾਨੂੰ ਚੁਕੰਦਰ ਖਾਣ ਨਾਲ ਸਰੀਰ ਨੂੰ ਹੋਣ ਵਾਲੇ ਫਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ ਆਓ ਜਾਣਦੇ ਹਾਂ ਇਸ ਦੇ ਫਾਇਦਿਆਂ ਬਾਰੇ।

ਚੁਕੰਦਰ ਵਿੱਚ ਪਾਇਆ ਜਾਣ ਵਾਲਾ ਇੱਕ ਤੱਤ ਅਲਜ਼ਾਈਮਰ ਰੋਕਣ 'ਚ ਮਦਦ ਕਰ ਸਕਦਾ ਹੈ। ਇਸ ਤੱਤ ਦੀ ਵਜ੍ਹਾ ਨਾਲ ਚੁਕੰਦਰ ਦਾ ਰੰਗ ਲਾਲ ਹੁੰਦਾ ਹੈ। ਇਸ ਤੋਂ ਅਲਜ਼ਾਈਮਰ ਰੋਗ ਦੀ ਦਵਾਈ ਵਿਕਸਿਤ ਕੀਤੀ ਜਾ ਸਕਦੀ ਹੈ। ਜਾਂਚ ਦੇ ਤੱਤਾਂ ਤੋਂ ਪਤਾ ਚੱਲਦਾ ਹੈ ਕਿ ਚੁਕੰਦਰ ਦੇ ਰਸ 'ਚ ਬੀਟਾਨੀਨ ਤੱਤ ਪਾਇਆ ਜਾਂਦਾ ਹੈ, ਜੋ ਦਿਮਾਗ 'ਚ $ਜਤਰਿ;ਦਕਦ ਬਗਰਵਕਜਅ ਦੇ ਢੇਰ ਨੂੰ ਮੱਧਮ ਕਰ ਸਕਦਾ ਹੈ।$ਜਤਰਿ;ਦਕਦ ਬਗਰਵਕਜਅ ਦਾ ਢੇਰ ਅਲਜ਼ਾਈਮਰ ਰੋਗ 'ਚੋਂ ਜੁੜਿਆ ਹੁੰਦਾ ਹੈ।

ਰੋਗ ਪ੍ਰਤੀਰੋਧਕ ਸਮਰਥਾ ਵਧਾਏ: ਚੁਕੰਦਰ 'ਚ ਭਰਪੂਰ ਮਾਤਰਾ 'ਚ ਵਿਟਾਮਿਨ ਸੀ ਅਤੇ ਫਾਈਬਰ ਮੌਜੂਦ ਹੁੰਦਾ ਹੈ, ਜੋ ਕਿ ਸਰੀਰ ਦੀ ਰੋਗਾਂ ਨਾਲ ਲੜਨ ਦੀ ਸਮਰਥਾ ਵਧਾਉਂਦਾ ਹੈ।

ਹੱਡੀਆਂ ਅਤੇ ਗੁਰਦੇ ਲਈ ਫਾਇਦੇਮੰਦ: ਚੁਕੰਦਰ 'ਚ ਮੌਜੂਦ ਖਣਿਜ ਤੱਤ ਜਿਵੇਂ ਪੋਟਾਸ਼ੀਅਮ ਅਤੇ ਮੈਗਨੀਜ਼ ਮਾਸਪੇਸ਼ੀਆਂ, ਹੱਡੀਆਂ, ਜਿਗਰ ਅਤੇ ਗੁਰਦੇ ਲਈ ਲਾਭਕਾਰੀ ਹੁੰਦੇ ਹਨ।

ਖ਼ੂਨ ਦਾ ਸੰਚਾਰ: ਨਿਯਮਿਤ ਤੌਰ 'ਤੇ ਚੁਕੰਦਰ ਖਾਣ ਨਾਲ ਸਰੀਰ 'ਚ ਖ਼ੂਨ ਦਾ ਸਚਾਰ ਸੁਚਾਰੂ ਰਹਿੰਦਾ ਹੈ।

ਬਲੱਡ ਪ੍ਰੈਸ਼ਰ ਨੂੰ ਕੰਟਰੋਲ 'ਚ ਕਰੇ: ਚੁਕੰਦਰ 'ਚ ਕੁਦਰਤੀ ਨਾਈਟ੍ਰੇਟ ਹੁੰਦੇ ਹਨ, ਜੋ ਸਰੀਰ 'ਚ ਪਹੁੰਚ ਕੇ ਨਾਈਟ੍ਰਿਕ ਆਕਸਾਈਡ 'ਚ ਬਦਲ ਜਾਂਦੇ ਹਨ। ਇਹ ਨਾਈਟ੍ਰਿਕ ਆਕਸਾਈਡ ਬੀ.ਪੀ. ਨੂੰ ਕੰਟਰੋਲ 'ਚ ਰੱਖਦੇ ਹਨ।

ਕੈਂਸਰ ਤੋਂ ਬਚਾਏ: ਚੁਕੰਦਰ 'ਚ ਫਾਈਟੋਨਿਊਟਰੀਅਨਸ ਵੀ ਪਾਏ ਜਾਂਦੇ ਹਨ, ਜੋ ਕਿ ਕੈਂਸਰ ਕੋਸ਼ਕਾਵਾਂ ਨੂੰ ਸਰੀਰ 'ਚ ਬਨਣ ਤੋਂ ਰੋਕਦੇ ਹਨ। ਚੁਕੰਦਰ ਦਾ ਗਾੜਾ ਰੰਗ ਵੀ ਇਸੇ ਕਾਰਨ ਹੁੰਦਾ ਹੈ।

ਗਰਭਵਤੀ ਔਰਤਾਂ ਲਈ ਫਾਇਦੇਮੰਦ: ਚੁਕੰਦਰ 'ਚ ਉੱਚ ਮਾਤਰਾ 'ਚ ਫਾਲਿਕ ਐਸਿਡ ਹੁੰਦਾ ਹੈ, ਜੋ ਕਿ ਗਰਭਵਤੀ ਔਰਤਾਂ ਲਈ ਫਾਇਦੇਮੰਦ ਹੁੰਦਾ ਹੈ।ਇਸ ਨਾਲ ਔਰਤ ਦੇ ਪੇਟ 'ਚ ਪੱਲ ਰਹੇ ਬੱਚੇ ਦੀ ਰੀੜ੍ਹ ਦੀ ਹੱਡੀ ਬਣਾਉਣ 'ਚ ਮਦਦ ਮਿਲਦੀ ਹੈ।

ਡਾਇਬਟੀਜ਼ ਕੰਟਰੋਲ ਕਰੇ: ਚੁਕੰਦਰ ਖਾਣ ਨਾਲ ਡਾਇਬਟੀਜ਼ ਕੰਟਰੋਲ 'ਚ ਰਹਿੰਦੀ ਹੈ। ਡਾਇਬਟੀਜ਼ ਦੇ ਮਰੀਜ ਨੂੰ ਰੋਜ਼ਾਨਾ ਇਸ ਦੀ ਵਰਤੋਂ ਕਰਨੀ ਚਾਹੀਦੀ ਹੈ।

# ਕਾਲੇ ਜੀਰੇ ਨਾਲ ਮਿਲਣਗੇ ਇਹ ਹੈਰਾਨੀਜਨਕ ਫਾਇਦੇ, ਵਰਤੋਂ ਸਾਵਧਾਨੀਆਂ



ਜਲੰਧਰ— ਭਾਰਤੀ ਰਸੋਈ 'ਚ ਵਰਤੇ ਜਾਣ ਵਾਲੇ ਖਾਸ ਮਸਾਲਿਆਂ 'ਚ ਕਾਲਾ ਜੀਰਾ ਵੀ ਇੱਕ ਹੈ। ਇਹ ਜੀਰੇ ਦਾ ਇੱਕ ਹੀ ਰੂਪ ਹੈ ਪਰ ਸਵਾਦ 'ਚ ਥੋੜ੍ਹਾ ਕੋੜਾ ਹੁੰਦਾ ਹੈ। ਸਰਦੀਆਂ 'ਚ ਛੋਟੀਆਂ-ਛੋਟੀਆਂ ਬੀਮਾਰੀਆਂ ਦੇ ਇਲਾਜ ਲਈ ਇੱਕ ਕਾਫੀ ਮਦਦਗਾਰ ਸਾਬਤ ਹੁੰਦਾ ਹੈ। ਆਓ ਜਾਣਦੇ ਹਾਂ ਇਸ ਦੇ ਫਾਇਦਿਆਂ ਬਾਰੇ।

ਭਾਰ ਘਟਾਉਣ 'ਚ ਮਦਦਗਾਰ

ਕਾਲੇ ਜੀਰੇ ਦਾ 3 ਮਹੀਨਿਆਂ ਤੱਕ ਲਗਾਤਾਰ ਇਸਤੇਮਾਲ ਕਰਨ ਨਾਲ ਚਰਬੀ ਘੱਟਣ ਲੱਗਦੀ ਹੈ। ਇਹ ਫੈਟ ਨੂੰ ਘੋਲ ਕੇ ਸਰੀਰ 'ਚੋਂ ਬਾਹਰ ਕੱਢਣ 'ਚ ਮਦਦ ਕਰਦਾ ਹੈ। ਇਹ ਭਾਰ ਘੱਟ ਕਰਨ ਦੇ ਨਾਲ-ਨਾਲ ਸਰੀਰ 'ਚ ਐਨਰਜੀ ਵੀ ਦਿੰਦਾ ਹੈ।

ਇਮਿਊਨਿਟੀ ਸਿਹਤਮੰਦ ਬਣਾਏ

ਇਹ ਸਾਡੇ ਸਰੀਰ 'ਚ ਮੌਜੂਦ ਇਮਿਊਨ ਸੈਲਸ ਨੂੰ ਸਿਹਤਮੰਦ ਬਣਾਉਂਦਾ ਹੈ ਅਤੇ ਆਟੋਇਮਿਊਨ ਬੀਮਾਰੀ ਨੂੰ ਦੂਰ ਕਰਨ 'ਚ ਮਦਦ ਕਰਦਾ ਹੈ। ਕਾਲਾ ਜੀਰਾ ਸਾਡੇ ਸਰੀਰ 'ਚ ਇਮਿਊਨਿਟੀ ਵਧਾਉਣ 'ਚ ਬੋਨ ਮੈਰੋ, ਨੈਚੁਰਲ ਇੰਟਰਫੇਰਾਨ ਅਤੇ ਰੋਗ ਰੋਕੂ ਸੈਲਸ ਦੀ ਮਦਦ ਕਰਦਾ ਹੈ। ਇਹ ਥਕਾਨ ਅਤੇ ਕਮਜ਼ੋਰੀ ਦੂਰ ਕਰਦਾ ਹੈ।

ਪੇਟ ਦੀ ਸਮੱਸਿਆ ਕਰੇ ਠੀਕ

ਆਪਣੇ ਐਂਟੀਮਾਈਕ੍ਰੋਬੀਅਲ ਗੁਣਾਂ ਦੇ ਕਾਰਨ ਕਾਲੇ ਜੀਰੇ ਨਾਲ ਪੇਟ ਨਾਲ ਜੁੜੀਆਂ ਸਮੱਸਿਆਵਾਂ ਘੱਟ ਹੁੰਦੀਆਂ ਹਨ। ਡਾਇਰੀਆ, ਪੇਟ ਫੁੱਲਣਾ, ਪੇਟ ਦਰਦ, ਦਸਤ, ਪੇਟ 'ਚ ਕੀੜੇ ਹੋਣਾ ਵਰਗੀਆਂ ਸਮੱਸਿਆਵਾਂ ਆਸਾਨੀ ਨਾਲ ਠੀਕ ਹੋ ਜਾਂਦੀਆਂ ਹਨ। ਜੇਕਰ ਤੁਸੀਂ ਕੁਝ ਜ਼ਿਆਦਾ ਖਾ ਲੈਂਦੇ ਹੋ ਤਾਂ ਥੋੜ੍ਹਾ ਕਾਲਾ ਜੀਰਾ ਖਾ ਲੈਣਾ ਚਾਹੀਦਾ ਹੈ। ਇਸ ਨਾਲ ਤੁਰੰਤ ਆਮ ਮਿਲੇਗਾ। ਇਸ ਨਾਲ ਕਬਜ਼ ਦੀ ਪਰੇਸ਼ਾਨੀ ਵੀ ਦੂਰ ਹੁੰਦੀ ਹੈ।

ਸਰਦੀ ਜ਼ੁਕਾਮ ਦੂਰ ਕਰੇ

ਸਰਦੀ-ਜ਼ੁਕਾਮ 'ਚ ਕਾਲਾ ਜੀਰਾ ਕਾਫੀ ਫਾਇਦੇਮੰਦ ਹੁੰਦਾ ਹੈ। ਥੋੜ੍ਹਾ ਜਿਹਾ ਜੀਰਾ ਭੁੰਨ ਕੇ ਰੁਮਾਲ 'ਚ ਬੰਨ੍ਹ ਕੇ ਸੁੰਘਦੇ ਰਹਿਣਾ ਚਾਹੀਦਾ ਹੈ। ਇਸ ਨਾਲ ਜਲਦੀ ਹੀ ਆਰਾਮ ਮਿਲਦਾ ਹੈ। ਅਸਥਮਾ, ਕਾਲੀ ਖਾਂਸੀ, ਐਲਰਜੀ ਨਾਲ ਹੋਣ ਵਾਲੀਆਂ ਸਾਹ ਦੀਆਂ ਬੀਮਾਰੀਆਂ 'ਚ ਵੀ ਇਹ ਕਾਫੀ ਫਾਇਦੇਮੰਦ ਹੁੰਦਾ ਹੈ। ਸਵਾਈਨ ਫਲੂ ਅਤੇ ਵਾਇਰਲ ਵਰਗੇ ਬੁਖਾਰ ਦੇ ਇਲਾਜ 'ਚ ਵੀ ਕਾਲਾ ਜੀਰੇ ਦਾ ਸੇਵਨ ਲਾਭਦਾਇਕ ਹੁੰਦਾ ਹੈ।

ਪ੍ਰੈੱਗਨੈਂਸੀ 'ਚ ਮਦਦਗਾਰ

ਇਹ ਪ੍ਰੈੱਗਨੈਂਸੀ 'ਚ ਬੱਚੇਦਾਨੀ 'ਚ ਸੋਜ ਨੂੰ ਘੱਟ ਕਰਦਾ ਹੈ। ਇਸ ਦੇ ਨਾਲ ਹੀ ਡਿਲਿਵਰੀ ਦੇ ਸਮੇਂ ਹੋਣ ਵਾਲੇ ਦਰਦ ਨੂੰ ਵੀ ਘੱਟ ਕਰਦਾ ਹੈ। ਬੱਚੇ ਦੇ ਜਨਮ ਤੋਂ ਬਾਅਦ ਜੇਕਰ ਮਾਂ ਨੂੰ ਦੁੱਧ ਨਾ ਆਉਂਦਾ ਹੋਵੇ ਤਾਂ ਅਜਿਹੇ 'ਚ ਕਾਫੀ ਫਾਇਦੇਮੰਦ ਹੁੰਦਾ ਹੈ ਪਰ ਇਸ ਦੇ ਇਸਤੇਮਾਲ ਤੋਂ ਪਹਿਲਾਂ ਡਾਕਟਰ ਦੀ ਸਲਾਹ ਜ਼ਰੂਰ ਲਵੋ।

ਸਿਰ ਦਰਦ ਜਾਂ ਦੰਦਾਂ 'ਚ ਰਾਹਤ

ਜੇਕਰ ਤੁਹਾਨੂੰ ਮਾਈਗ੍ਰੇਨ ਦੀ ਪਰੇਸ਼ਾਨੀ ਹੈ ਤਾਂ ਤੁਹਾਨੂੰ ਰੋਜ਼ਾਨਾ ਕਾਲੇ ਜੀਰੇ ਦਾ ਤੇਲ ਸਿਰ ਅਤੇ ਮੱਥੇ 'ਤੇ ਲਗਾਉਣਾ ਚਾਹੀਦਾ ਹੈ। ਇਸ ਨਾਲ ਤੁਹਾਨੂੰ ਕਾਫੀ ਰਾਹਤ ਮਿਲੇਗੀ। ਗਰਮ ਪਾਣੀ 'ਚ ਕਾਲੇ ਜੀਰੇ ਦੇ ਤੇਲ ਦੀਆਂ ਬੂੰਦਾਂ ਪਾ ਕੇ ਕਰੂਲੀ ਕਰਨ ਨਾਲ ਦੰਦਾਂ ਦੇ ਦਰਦ 'ਚ ਕਾਫੀ ਰਾਹਤ ਮਿਲਦੀ ਹੈ।

ਮੂੰਹ ਦੇ ਛਾਲੇ ਅਤੇ ਬਦਬੂ ਕਰੇ ਘੱਟ

ਜੇਕਰ ਤੁਹਾਡੇ ਮਸੂੜਿਆਂ 'ਚੋਂ ਖੂਨ ਵਹਿੰਦਾ ਹੈ ਤਾਂ ਕਾਲਾ ਜੀਰਾ ਤੁਹਾਡੇ ਲਈ ਫਾਇਦੇਮੰਦ ਹੋਵੇਗਾ। ਇਸ ਦੇ ਇਲਾਵਾ ਮੂੰਹ 'ਚ ਛਾਲੇ ਅਤੇ ਬਦਬੂ ਲਈ ਵੀ ਇਹ ਵਧੀਆ ਇਲਾਜ ਹੈ।

ਅਸਥਮਾ ਅਤੇ ਕੈਂਸਰ 'ਚ ਕਾਰਗਰ

ਕਾਲਾ ਜੀਰਾ ਸਾਹ ਦੀਆਂ ਬੀਮਾਰੀਆਂ ਵਰਗੇ ਬ੍ਰੋਂਕਾਈਟਿਸ ਅਤੇ ਅਸਥਮਾ ਦੇ ਇਲਾਜ ਲਈ ਕਾਫੀ ਮਦਦਗਾਰ ਸਾਬਤ ਹੁੰਦਾ ਹੈ। ਕਾਲੇ ਜੀਰੇ ਨਾਲ ਪਾਲਣ ਤੰਤਰ ਦੀਆਂ ਬੀਮਾਰੀਆਂ ਵਰਗੇ ਪੇਟ ਦੇ ਕੈਂਸਰ ਜਾਂ ਕੈਂਸਰ ਦੀ ਰੋਕਥਾਮ 'ਚ ਇਲਾਜ ਸੰਭਵ ਹੈ।

ਸਾਵਧਾਨੀਆਂ ਵਰਤੋਂ

ਕਾਲਾ ਜੀਰਾ ਗਰਮ ਹੁੰਦਾ ਹੈ। ਇਸ ਲਈ ਇੱਕ ਦਿਨ 'ਚ ਤਿੰਨ ਗ੍ਰਾਮ ਤੋਂ ਵੱਧ ਇਸ ਦਾ ਸੇਵਨ ਨਹੀਂ ਕਰਨਾ ਚਾਹੀਦਾ। ਹਾਈ ਬਲੱਡ ਪ੍ਰੈਸ਼ਰ ਦੇ ਮਰੀਜ਼, ਪ੍ਰੈੱਗਨੈਂਟ ਔਰਤਾਂ ਅਤੇ 5 ਸਾਲ ਦੇ ਬੱਚੇ ਵੀ ਕਾਲੇ ਜੀਰਾ ਦਾ ਸੇਵਨ ਕਰਨ ਤੋਂ ਪਹਿਲਾਂ ਡਾਕਟਰਾਂ ਦੀ ਸਲਾਹ ਜ਼ਰੂਰ ਲੈਣ। ਜੇਕਰ ਤੁਸੀਂ ਕਾਲੇ ਚੂਰਨ ਦਾ ਸੇਵਨ ਕਰ ਰਹੇ ਹੋ ਤਾਂ ਇਸ ਨਾਲ ਹਲਕੇ ਗਰਮ ਪਾਣੀ ਦੇ ਨਾਲ ਰਾਤ ਨੂੰ ਸੌਣ ਤੋਂ ਪਹਿਲਾਂ ਲਵੋ। ਖਾਣਾ ਖਾਣ ਦੇ 2 ਘੰਟੇ ਬਾੱਦ ਇਸ ਦਾ ਸੇਵਨ ਕਰੋ ਅਤੇ ਉਸ ਦੇ ਬਾਅਦ ਕੁਝ ਨਾ ਖਾਓ।

# ਖੀਰੇ ਤੇ ਪੁਦੀਨੇ ਦਾ ਸੂਪ ਤੇਜ਼ੀ ਨਾਲ ਘਟਾਵੇਗਾ ਭਾਰ

ਜੇਕਰ ਤੁਸੀਂ ਆਪਣਾ ਬਿਨਾਂ ਡਾਈਟਿੰਗ ਕੀਤੇ ਭਾਰ ਘੱਟ ਕਰਨਾ ਚਾਹੁੰਦੇ ਹੋ ਤਾਂ ਅੱਜ ਅਸੀਂ ਤੁਹਾਨੂੰ ਇੱਕ ਨੁਸਖਾ ਦੱਸਣ ਜਾ ਰਹੇ ਹਾਂ ਜੋ ਭਾਰ ਘੱਟ ਕਰਨ 'ਚ ਮਦਦ ਕਰੇਗਾ। ਖੀਰੇ ਅਤੇ ਪੁਦੀਨੇ ਦੇ ਸੂਪ ਨਾਲ ਤੁਸੀਂ ਆਪਣਾ ਭਾਰ ਘੱਟ ਕਰ ਸਕਦੇ ਹੋ। ਖੀਰੇ ਦਾ ਠੰਡਾ ਸੂਪ ਪੌਸ਼ਟਿਕ ਤੱਤਾਂ ਦਾ ਖਜਾਨਾ ਹੈ। ਭਾਰ ਘੱਟ ਕਰਨ ਲਈ ਇਹ ਕਾਫੀ ਮਦਦਗਾਰ ਸਾਬਤ ਹੁੰਦਾ ਹੈ।

ਸੂਪ ਬਣਾਉਣ ਲਈ ਲਈ ਸਮੱਗਰੀ

ਖੀਰਾ— 1

ਦਹੀ— 1 ਛੋਟੀ ਕਟੋਰੀ

ਨਿੰਬੂ ਦਾ ਰਸ — 2 ਚਮਚੇ

ਪੁਦੀਨੇ ਦੇ ਪੱਤੇ- 10 ਦੇ ਕਰੀਬ

ਬਣਾਉਣ ਦਾ ਤਰੀਕਾ

ਖੀਰੇ ਦਾ ਸੂਪ ਬਣਾਉਣਾ ਬਹੁਤ ਹੀ ਸੌਖਾ ਹੈ। ਇਸ ਨੂੰ ਬਣਾਉਣ ਲਈ ਤੁਸੀਂ ਸਭ ਤੋਂ ਪਹਿਲਾਂ ਲੋੜ ਮੁਤਾਬਕ ਸਾਰੇ ਖਾਧ ਪਦਾਰਥਾਂ ਨੂੰ ਇਕੱਠਾ ਕਰ ਲਵੋ। ਇਸ ਤੋਂ ਬਾਅਦ ਇਸ ਨੂੰ ਮਿਕਸਰ 'ਚ ਮਿਕਸ ਕਰ ਲਵੋ ਅਤੇ ਅਖੀਰ 'ਚ ਨਿੰਬੂ ਦਾ ਰਸ ਮਿਲਾ ਕੇ ਸੇਵਨ ਕਰੋ।

ਸੂਪ ਦੇ ਫਾਇਦੇ

ਖੀਰੇ 'ਚ ਲਗਭਗ 98 ਫੀਸਦੀ ਪਾਣੀ ਹੁੰਦਾ ਹੈ। ਇਹ ਐਂਟੀਆਕਸੀਡੈਂਟ, ਮਹੱਤਵਪੂਰਨ ਵਿਟਾਮਿਨ ਅਤੇ ਖਣਿਜਾਂ ਨਾਲ ਭਰਿਆ ਹੋਇਆ ਹੈ। ਖੀਰੇ ਫਾਈਬਰ ਨਾਲ ਭਰਪੂਰ ਹੁੰਦੇ ਹਨ, ਜਿਸ ਨਾਲ ਜਲਦੀ ਭੁੱਖ ਨਹੀਂ ਲੱਗਦੀ।

ਦਹੀ

ਦਹੀ ਪ੍ਰੋਟੀਨ ਅਤੇ ਕੈਲਸ਼ੀਅਮ ਨਾਲ ਭਰਪੂਰ ਹੁੰਦਾ ਹੈ। ਦੋਵੇਂ ਹੀ ਭਾਰ ਘਟਾਉਣ ਅਤੇ ਫੈਟ ਬਰਨ ਕਰਨ 'ਚ ਮਦਦ ਕਰਦੇ ਹਨ।

ਨਿੰਬੂ ਦਾ ਰਸ ਅਤੇ ਪੁਦੀਨੇ ਦੇ ਪੱਤੇ

ਨਿੰਬੂ ਦਾ ਰਸ ਅਤੇ ਪੁਦੀਨੇ ਦੇ ਪੱਤੇ, ਦੋਵੇਂ ਹੀ ਗਰਮੀ 'ਚ ਸਰੀਰ ਦੇ ਲਈ ਜ਼ਰੂਰੀ ਪੌਸ਼ਟਿਕ ਤੱਤ ਦਾ ਕੰਮ ਕਰਦੇ ਹਨ। ਇਹ ਮੈਟਾਬਾਲੀਜ਼ਿਮ ਅਤੇ ਪਾਚਣ ਨੂੰ ਵਧੀਆ ਕੰਮ ਕਰਨ 'ਚ ਮਦਦ ਕਰਦੇ ਹਨ।

# ਸਰੀਰ ਦੀਆਂ ਕਈ ਬੀਮਾਰੀਆਂ ਦੂਰ ਕਰਦਾ ਹੈ ਹਰਾ ਧਨੀਆ



ਹਰਾ ਧਨੀਆ ਭੋਜਨ ਦਾ ਸੁਆਦ ਵਧਾਉਣ ਲਈ ਇਸਤੇਮਾਲ ਕੀਤਾ ਜਾਂਦਾ ਹੈ। ਹਰੇ ਧਨੀਏ 'ਚ ਵਿਟਾਮਿਨ ਏ, ਸੀ, ਪੋਟਾਸ਼ੀਅਮ, ਫਾਸਫੋਰਸ, ਕੈਲਸ਼ੀਅਮ, ਕੈਰੋਟੀਨ, ਆਇਰਨ, ਫਾਈਬਰ ਵਰਗੇ ਕਈ ਪੌਸ਼ਕ ਤੱਤ ਹੁੰਦੇ ਹਨ, ਜੋ ਕਈ ਤਰ੍ਹਾਂ ਦੇ ਰੋਗਾਂ ਤੋਂ ਸਰੀਰ ਨੂੰ ਬਚਾਉਂਦੇ ਹਨ। ਕੁਝ ਲੋਕ ਖਾਣੇ 'ਚ ਸੁਆਦ ਅਤੇ ਖੁਸ਼ਬੂ ਲਈ ਭੋਜਨ 'ਚ ਹਰੇ ਧਨੀਏ ਦੀ ਚਟਨੀ ਵੀ ਬਣਾਉਂਦੇ ਹਨ। ਅੱਜ ਅਸੀਂ ਤੁਹਾਨੂੰ ਦੱਸਦੇ ਹਾਂ, ਧਨੀਏ ਦੀ ਵਰਤੋਂ ਨਾਲ ਸਰੀਰ ਨੂੰ ਹੋਣ ਵਾਲੇ ਫਾਇਦਿਆਂ ਬਾਰੇ-

× ਕੋਲੈਸਟਰੋਲ ਨੂੰ ਘੱਟ ਕਰਦਾ ਹੈ

ਹਰੇ ਧਨੀਏ 'ਚ ਅਜਿਹੇ ਤੱਤ ਹੁੰਦੇ ਹਨ ਜੋ ਸਰੀਰ 'ਚੋਂ ਕੋਲੈਸਟਰੋਲ ਨੂੰ ਘੱਟ ਕਰ ਦਿੰਦੇ ਹਨ ਜਾਂ ਉਸ ਨੂੰ ਕੰਟਰੋਲ 'ਚ ਰੱਖਦੇ ਹਨ। ਜੇਕਰ ਕੋਈ ਵਿਅਕਤੀ ਹਾਈ ਕੋਲੈਸਟਰੋਲ ਨਾਲ ਗ੍ਰਸਤ ਹੈ ਤਾਂ ਉਸ ਨੂੰ ਧਨੀਏ ਦੇ ਬੀਜਾਂ ਨੂੰ ਉਬਾਲ ਕੇ ਉਸ ਦਾ ਪਾਣੀ ਪਾਣੀ ਚਾਹੀਦਾ ਹੈ।

× ਕਿਡਨੀ ਦੀ ਸਮੱਸਿਆ 'ਚ ਲਾਭਕਾਰੀ

ਧਨੀਆ ਖਾਣ ਨਾਲ ਕਿਡਨੀ ਸਿਹਤਮੰਦ ਰਹਿੰਦੀ ਹੈ। ਰੋਜ਼ਾਨਾ ਧਨੀਏ ਦੀ ਵਰਤੋਂ ਕਰਨ ਵਾਲਿਆਂ ਨੂੰ ਕਿਡਨੀ ਦੀ ਸਮੱਸਿਆ ਨਾ ਦੇ ਬਰਾਬਰ ਹੁੰਦੀ ਹੈ।

× ਅੱਖਾਂ ਦੀ ਰੌਸ਼ਨੀ ਵਧਾਏ

ਰੋਜ਼ਾਨਾ ਹਰੇ ਧਨੀਏ ਦੀ ਵਰਤੋਂ ਕਰਨ ਨਾਲ ਤੁਹਾਡੀ ਅੱਖਾਂ ਦੀ ਰੌਸ਼ਨੀ 'ਚ ਵਾਧਾ ਹੋਵੇਗਾ, ਕਿਉਂਕਿ ਹਰੇ ਧਨੀਏ 'ਚ ਵਿਟਾਮਿਨ ਏ ਭਰਪੂਰ ਮਾਤਰਾ 'ਚ ਹੁੰਦਾ ਹੈ ਜੋ ਅੱਖਾਂ ਲਈ ਬਹੁਤ ਜ਼ਰੂਰੀ ਹੁੰਦਾ ਹੈ।

× ਪਾਚਨ ਸ਼ਕਤੀ ਵਧਾਏ

ਹਰਾ ਧਨੀਆ ਪੇਟ ਦੀਆਂ ਸਮੱਸਿਆਵਾਂ ਤੋਂ ਛੁਟਕਾਰਾ ਦਿਵਾਉਣ 'ਚ ਮਦਦ ਕਰਦਾ ਹੈ। ਧਨੀਏ ਦੇ ਤਾਜ਼ੇ ਪੱਤਿਆਂ ਨੂੰ ਲੱਸੀ 'ਚ ਮਿਲਾ ਕੇ ਪੀਣ ਨਾਲ ਬਦਹਜ਼ਮੀ ਅਤੇ ਉਲਟੀ ਤੋਂ ਆਰਾਮ ਮਿਲਦਾ ਹੈ। ਹਰਾ ਧਨੀਆ, ਹਰੀ ਮਿਰਚ, ਕਸਿਆ ਹੋਇਆ ਨਾਰੀਅਲ ਅਤੇ ਅਦਰਕ ਦੀ ਚਟਨੀ ਬਣਾ ਕੇ ਖਾਣ ਨਾਲ ਪੇਟ 'ਚ ਹੋਣ ਵਾਲੇ ਦਰਦ ਤੋਂ ਵੀ ਆਰਾਮ ਮਿਲਦਾ ਹੈ।

× ਡਾਇਬਿਟੀਜ਼ 'ਚ ਲਾਭਕਾਰੀ

ਧਨੀਏ ਨੂੰ ਡਾਇਬਿਟੀਜ਼ ਦਾ ਨਾਸ਼ ਕਰਨ ਵਾਲਾ ਵੀ ਕਿਹਾ ਜਾਂਦਾ ਹੈ। ਡਾਇਬਿਟੀਜ਼ ਨਾਲ ਪੀੜਤ ਵਿਅਕਤੀਆਂ ਲਈ ਤਾਂ ਇਹ ਵਰਦਾਨ ਹੈ। ਇਸ ਦੀ ਨਿਯਮਿਤ ਵਰਤੋਂ ਨਾਲ ਬਲੱਡ 'ਚ ਇੰਸੁਲਿਨ ਦੀ ਮਾਤਰਾ ਕੰਟਰੋਲ 'ਚ ਰਹਿੰਦੀ ਹੈ। ਧਨੀਆ ਪਾਊਡਰ, ਬਾਡੀ 'ਚੋਂ ਸ਼ੂਗਰ ਦਾ ਲੈਵਲ ਘੱਟ ਕਰ ਦਿੰਦਾ ਹੈ ਅਤੇ ਇੰਸੁਲਿਨ ਦੀ ਮਾਤਰਾ 'ਚ ਵਾਧਾ ਹੁੰਦਾ ਹੈ।

× ਇਸ ਤੋਂ ਇਲਾਵਾ ਹਰਾ ਧਨੀਆ ਮੂੰਹ ਦੇ ਅੰਦਰ ਦੇ ਜ਼ਖ਼ਮ ਹੋਣ ਤੋਂ ਬਚਾਉਂਦਾ ਹੈ।

× ਜੇਕਰ ਨਕਸੀਰ ਫੁੱਟਣ ਦੀ ਸਮੱਸਿਆ ਹੈ ਤਾਂ ਇਸ ਦੇ ਰਸ ਨੂੰ ਨੱਕ 'ਚ ਪਾਉਣ ਨਾਲ ਇਸ ਸਮੱਸਿਆਂ ਤੋਂ ਰਾਹਤ ਮਿਲਦੀ ਹੈ।

× ਨੀਂਦ ਨਾ ਆਉਣ 'ਤੇ ਹਰੇ ਧਨੀਏ ਵਿੱਚ ਮਿਸ਼ਰੀ ਮਿਲਾ ਕੇ ਚਾਸ਼ਣੀ ਬਣਾਓ। ਦੋ ਚਮਚ ਸਵੇਰੇ-ਸ਼ਾਮ ਪਾਣੀ ਦੇ ਨਾਲ ਪੀਓ।

# ਅੱਖਾਂ ਦੀ ਰੌਸ਼ਨੀ ਵਧਾਉਣ ਲਈ ਐਲੋਵੇਰਾ ਦਾ ਮਿਕਸ ਜੂਸ ਹੈ ਫ਼ਾਇਦੇਮੰਦ

ਜਦੋਂ ਵਿਅਕਤੀ ਦੀਆਂ ਅੱਖਾਂ ਦੀ ਰੌਸ਼ਨੀ ਘੱਟ ਹੋ ਜਾਂਦੀ ਹੈ ਤਾਂ ਉਸ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਤੁਹਾਡੀ ਨਜ਼ਰ ਕਮਜ਼ੋਰ ਹੈ ਅਤੇ ਤੁਸੀਂ ਲਗਾਤਾਰ ਐਨਕ ਨਹੀਂ ਲਗਾਉਂਦੇ ਤਾਂ ਤੁਹਾਨੂੰ ਸਿਰਦਰਦ, ਅੱਖਾਂ 'ਚ ਸੁੱਕਾਪਨ, ਧੁੰਧਲਾਪਨ ਆਦਿ ਦੀਆਂ ਸਮੱਸਿਆਵਾਂ ਸ਼ੁਰੂ ਹੋ ਜਾਂਦੀਆਂ ਹਨ। ਇਸ ਦੌਰਾਨ ਕਈ ਤਰ੍ਹਾਂ ਦੇ ਆਪਰੇਸ਼ਨ ਕਰਾਉਣ ਤੋਂ ਬਾਅਦ ਵੀ ਤੁਹਾਡੀ ਨਜ਼ਰ ਠੀਕ ਨਹੀਂ ਹੁੰਦੀ। ਜੇਕਰ ਤੁਸੀਂ ਆਪਰੇਸ਼ਨ ਕਰਾਵਾਉਣ 'ਚ ਵਿਸ਼ਵਾਸ ਨਹੀਂ ਰੱਖਦੇ ਤਾਂ ਘਰੇਲੂ ਦਵਾਈ ਦੀ ਵਰਤੋਂ ਨਾਲ ਆਪਣੀਆਂ ਅੱਖਾਂ ਨੂੰ ਠੀਕ ਰੱਖ ਸਕਦੇ ਹੋ।ਆਓ ਜਾਣਦੇ ਹਾਂ ਇਸ ਘਰੇਲੂ ਨੁਸਖੇ ਬਾਰੇ...



ਐਲੋਵੇਰਾ ਦਾ ਜੂਸ ਦੀ ਸਮੱਗਰੀ

1. ਦੋ ਛੋਟੇ ਚੱਮਚ ਐਲੋਵੇਰਾ ਦਾ ਜੂਸ
2. ਨਿੰਬੂ ਦਾ ਰਸ-2 ਛੋਟੇ ਚੱਮਚ
3. ਸ਼ਹਿਦ- 2 ਛੋਟੇ ਚੱਮਚ
4. ਟੁੱਕੜੇ ਕੀਤੇ ਹੋਏ ਅਖਰੋਟ- 2 ਛੋਟੇ ਚੱਮਚ

ਬਣਾਉਣ ਦੀ ਵਿਧੀ

ਜੂਸ ਨੂੰ ਬਣਾਉਣ ਲਈ ਸਮੱਗਰੀ ਨੂੰ ਇੱਕ ਭਾਂਡੇ 'ਚ ਪਾ ਕੇ ਮਿਕਸ ਕਰ ਲਓ। ਫ਼ਿਰ ਇਸ ਨੂੰ ਇੱਕ ਗਲਾਸ 'ਚ ਪਾ ਲਓ। ਇਸ ਤਰ੍ਹਾਂ ਤੁਹਾਡਾ ਹੈ ਹੈਲਥ ਡਰਿੰਕ ਤਿਆਰ ਹੈ। ਇਸ ਮਿਸ਼ਰਣ ਨੂੰ ਖਾਣਾ ਖਾਣ ਤੋਂ 30 ਮਿੰਟ ਪਹਿਲਾਂ ਪੀਓ। ਦਿਨ 'ਚ ਤਿੰਨ ਵਾਰ ਇਸ ਜੂਸ ਨੂੰ ਦੀ ਵਰਤੋਂ ਕਰੋ। ਇਸ ਨਾਲ ਤੁਹਾਡੀ ਅੱਖਾਂ ਦੀ ਰੌਸ਼ਨੀ ਠੀਕ ਹੋਵੇਗੀ। ਐਲੋਵੇਰਾ, ਨਿੰਬੂ ਦਾ ਰਸ, ਅਖਰੋਟ ਅਤੇ ਸ਼ਹਿਦ ਨਾਲ ਕਾਫ਼ੀ ਹੱਦ ਤੱਕ ਨਜ਼ਰ ਨੂੰ ਠੀਕ ਰੱਖਣ 'ਚ ਮਦਦ ਮਿਲਦੀ ਹੈ।

# ਡਾਰਕ ਸਰਕਲ ਦੀ ਖਤਮ ਕਰਨ ਲਈ ਕੌਸਮੈਟਿਕਸ ਦੀ ਥਾਂ ਅਪਣਾਓ ਘਰੇਲੂ ਨੁਸਖ਼ੇ

ਅੱਖਾਂ ਦੇ ਥੱਲੇ ਹੋਣ ਵਾਲੇ ਡਾਰਕ ਸਰਕਲਸ ਨਾਲ ਸਿਰਫ਼ ਲੜਕੀਆਂ ਹੀ ਨਹੀਂ ਲੜਕੇ ਵੀ ਪ੍ਰੇਸ਼ਾਨ ਹਨ। ਇਹ ਚਿਹਰੇ ਦੀ ਬਿਊਟੀ ਨੂੰ ਖਰਾਬ ਕਰ ਦਿੰਦੇ ਹਨ। ਡਾਰਕ ਸਰਕਲ ਪੈਣ ਦਾ ਕਾਰਨ ਨਜ਼ਰ ਕਮਜ਼ੋਰ ਹੋਣਾ, ਪੂਰੀ ਨੀਂਦ ਨਾ ਲੈਣਾ ਜਾਂ ਫ਼ਿਰ ਜ਼ਿਆਦਾ ਦੇਰ ਕੰਪਿਊਟਰ 'ਤੇ ਕੰਮ ਕਰਨਾ ਹੋ ਸਕਦਾ ਹੈ। ਲੜਕੀਆਂ ਇਸ ਨੂੰ ਲੁਕਾਉਣ ਲਈ ਬਿਊਟੀ ਪ੍ਰਾਡਕਟਸ ਦੀ ਵਰਤੋਂ ਕਰਦੀਆਂ ਹਨ ਜੋ ਸਿਰਫ਼ ਥੋੜ੍ਹੀ ਦੇਰ ਲਈ ਹੀ ਕੰਮ ਕਰਦੇ ਹਨ। ਜੇ ਤੁਸੀਂ ਵੀ ਇਸ ਸਮੱਸਿਆ ਤੋਂ ਹਮੇਸ਼ਾ ਲਈ ਛੁਟਕਾਰਾ ਪਾਉਣਾ ਚਾਹੁੰਦੇ ਹੋ ਤਾਂ ਇਹ ਘਰੇਲੂ ਨੁਸਖੇ ਤੁਹਾਡੇ ਬਹੁਤ ਕੰਮ ਦੇ ਹਨ। ਆਓ ਜਾਣਦੇ ਹਾਂ ਇਨ੍ਹਾਂ ਬਾਰੇ...

1. ਟਮਾਟਰ ਦੀ ਪੇਸਟ

ਇਸ ਪੇਸਟ ਨੂੰ ਤਿਆਰ ਕਰਨ ਲਈ ਕੌਲੀ 'ਚ ਟਮਾਟਰ ਦਾ ਰਸ, ਨਿੰਬੂ ਦਾ ਰਸ, ਵੇਸਣ ਅਤੇ ਹਲਦੀ ਲੈ ਕੇ ਚੰਗੀ ਤਰ੍ਹਾਂ ਨਾਲ ਮਿਲਾ ਲਓ। ਫ਼ਿਰ ਇਸ ਪੇਸਟ ਨੂੰ 20 ਮਿੰਟ ਲਈ ਡਾਰਕ ਸਰਕਲ 'ਤੇ ਲਗਾਓ ਅਤੇ ਬਾਅਦ 'ਚ ਧੋ ਲਓ। ਇਸ ਪ੍ਰਕਿਰਿਆ ਨੂੰ ਹਫ਼ਤੇ 'ਚ 3 ਵਾਰ ਕਰੋ।

2. ਆਲੂ ਦੇ ਸਲਾਈਸ

ਡਾਰਕ ਸਰਕਲ ਲਈ ਆਲੂ ਦੇ ਸਲਾਈਸ ਬਹੁਤ ਹੀ ਅਸਰਦਾਰ ਅਤੇ ਆਸਾਨ ਉਪਾਅ ਹਨ। ਇਸ ਨੂੰ ਅੱਖਾਂ 'ਤੇ ਰੱਖਣ ਤੋਂ ਪਹਿਲਾਂ ਚਿਹਰੇ ਨੂੰ ਪਾਣੀ ਨਾਲ ਧੋ ਲਓ ਅਤੇ ਬਾਅਦ 'ਚ 20 ਤੋਂ 25 ਮਿੰਟ ਤਕ ਅੱਖਾਂ 'ਤੇ ਰੱਖੋ ਅਤੇ ਬਾਅਦ 'ਚ ਅੱਖਾਂ ਨੂੰ ਸਾਫ਼ ਕਰੋ।

3. ਬਾਦਾਮ ਦਾ ਤੇਲ

ਇਸ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਬਾਦਾਮ ਦਾ ਤੇਲ ਵੀ ਕਾਫ਼ੀ ਫ਼ਾਇਦੇਮੰਦ ਹੁੰਦਾ ਹੈ। ਇਸ ਦੀ ਵਰਤੋਂ ਕਰਨ ਲਈ ਤੇਲ ਨੂੰ ਕੁਝ ਮਿੰਟਾਂ ਲਈ ਅੱਖਾਂ 'ਤੇ ਲੱਗਾ ਰਹਿਣ ਦਿਓ ਅਤੇ ਬਾਅਦ 'ਚ 10 ਮਿੰਟ ਹਲਕੇ ਹੱਥਾਂ ਨਾਲ ਮਸਾਜ ਕਰੋ।

4. ਗੁਲਾਬ ਜਲ



ਗੁਲਾਬ ਜਲ ਨਾ ਸਿਰਫ਼ ਚਿਹਰੇ ਨੂੰ ਸਾਫ਼ ਕਰਨ ਲਈ ਹੀ ਨਹੀਂ ਸਗੋਂ ਡਾਰਕ ਸਰਕਲ ਤੋਂ ਰਾਹਤ ਦਿਵਾਉਣ 'ਚ ਵੀ ਮਦਦ ਕਰਦਾ ਹੈ। ਇਸ ਨੂੰ ਵਰਤੋਂ 'ਚ ਲਿਆਉਣ ਲਈ ਗੁਲਾਬ ਜਲ 'ਚ ਭਿਓਂਈ ਹੋਈ ਰੂੰ ਨੂੰ ਅੱਖਾਂ 'ਤੇ 10 ਮਿੰਟ ਲਈ ਰੱਖੋ।

5. ਚਾਹਪੱਤੀ ਦਾ ਪਾਣੀ

ਚਾਹਪੱਤੀ ਨੂੰ ਪਾਣੀ 'ਚ ਪਾ ਕੇ ਉਬਾਲ ਲਓ। ਫ਼ਿਰ ਛਾਣ ਕੇ ਠੰਡਾ ਹੋਣ ਦਿਓ। ਇਸ ਤੋਂ ਬਾਅਦ ਰੂੰ ਨੂੰ ਇਸ 'ਚ ਭਿਓਂ ਕੇ ਡਾਰਕ ਸਰਕਲ 'ਤੇ ਲਗਾਓ। ਫ਼ਿਰ ਸਾਫ਼ ਪਾਣੀ ਨਾਲ ਚਿਹਰਾ ਧੋ ਲਓ।

6. ਸ਼ਹਿਦ ਅਤੇ ਬਾਦਾਮ ਦਾ ਤੇਲ

ਸ਼ਹਿਦ 'ਚ ਬਾਦਾਮ ਦਾ ਤੇਲ ਚੰਗੀ ਤਰ੍ਹਾਂ ਨਾਲ ਮਿਲਾ ਲਓ। ਇਸ ਨੂੰ ਡਾਰਕ ਸਰਕਲ 'ਤੇ ਪੂਰੀ ਰਾਤ ਲੱਗਾ ਰਹਿਣ ਦਿਓ ਅਤੇ ਸਵੇਰੇ ਪਾਣੀ ਨਾਲ ਧੋ ਲਓ। ਇਸ ਦੀ ਰੋਜ਼ਾਨਾ ਵਰਤੋਂ ਕਰਨ ਨਾਲ ਕੁਝ ਹੀ ਦਿਨਾਂ 'ਚ ਡਾਰਕ ਸਰਕਲ ਹੱਟ ਜਾਣਗੇ।

7. ਪੁਦੀਨੇ ਦੀਆਂ ਪੱਤੀਆਂ

ਇਸ ਨੁਸਖੇ ਦੀ ਵਰਤੋਂ ਕਰਨ ਲਈ ਪੁਦੀਨੇ ਦੀਆਂ ਪੱਤੀਆਂ ਨੂੰ ਪੀਸ ਕੇ ਪੇਸਟ ਤਿਆਰ ਕਰ ਲਓ। ਫ਼ਿਰ ਇਸ ਨੂੰ ਕੁਝ ਦੇਰ ਲਈ ਲੱਗਾ ਰਹਿਣ ਦਿਓ ਅਤੇ ਪਾਣੀ ਨਾਲ ਧੋ ਕੇ ਸਾਫ਼ ਕਰੋ।

8. ਸੰਤਰੇ ਦਾ ਰਸ ਅਤੇ ਗਿਲਸਰੀਨ

ਸੰਤਰੇ ਦੇ ਰਸ 'ਚ ਗਿਲਸੀਰਨ ਦੀਆਂ ਕੁਝ ਬੂੰਦਾਂ ਮਿਲਾਓ ਅਤੇ ਇਸ ਨੂੰ ਅੱਖਾਂ ਦੇ ਆਲੇ-ਦੁਆਲੇ ਲਗਾਓ। ਇਹ ਬਹੁਤ ਅਸਰਦਾਰ ਉਪਾਅ ਹੈ।

# ਬਾਦਾਮ ਖਾਣ ਤਨਾਅ ਤੋਂ ਵੀ ਮਿਲਦੀ ਹੈ ਮੁਕਤੀ; ਸਰੀਰ ਨੂੰ ਮਿਲਦੇ ਨੇ ਹੋਰ ਕਈ ਲਾਭ

ਬਾਦਾਮ ਖਾਣਾ ਤਾਂ ਹਰ ਕਿਸੇ ਨੂੰ ਪਸੰਦ ਹੁੰਦਾ ਹੈ ਪਰ ਕੀ ਤੁਸੀਂ ਜਾਣਦੇ ਹੋ ਕਿ ਰੋਜ਼ਾਨਾ ਇਸ ਦੀ ਵਰਤੋਂ ਤੁਹਾਨੂੰ ਕਈ ਬੀਮਾਰੀਆਂ ਤੋਂ ਦੂਰ ਰੱਖਦੀ ਹੈ। ਮਿਨਰਲਸ ਵਿਟਾਮਿਨ ਅਤੇ ਫ਼ਾਈਬਰ ਨਾਲ ਭਰਪੂਰ 4-5 ਬਾਦਾਮ ਖਾਣ ਨਾਲ ਬਲੱਡ ਪ੍ਰੈਸ਼ਰ, ਭਾਰ ਵਧਣਾ, ਬਲੱਡ ਸ਼ੂਗਰ ਅਤੇ ਦਿਲ ਦੇ ਰੋਗਾਂ ਦਾ ਖਤਰਾ ਘੱਟ ਹੁੰਦਾ ਹੈ। ਤੁਸੀਂ ਚਾਹੋ ਤਾਂ ਬਾਦਾਮ ਨੂੰ ਦੁੱਧ ਨਾਲ, ਭਿਓਂ ਕੇ ਜਾਂ ਫ਼ਿਰ ਭੁੰਨ ਕੇ ਵੀ ਖਾ ਸਕਦੇ ਹੋ। ਇਸ ਨੂੰ ਖਾਣ ਨਾਲ ਦਿਮਾਗ ਤੇਜ਼, ਡਾਇਬਿਟੀਜ਼ ਕੰਟਰੋਲ ਅਤੇ ਹੱਡੀਆਂ ਮਜ਼ਬੂਤ ਹੁੰਦੀਆਂ ਹਨ।ਆਓ ਜਾਣਦੇ ਹਾਂ ਰੋਜ਼ਾਨਾ ਬਾਦਾਮ ਖਾਣ ਨਾਲ ਤੁਹਾਨੂੰ ਕੀ-ਕੀ ਫ਼ਾਇਦੇ ਹੋ ਸਕਦੇ ਹਨ।



1. ਤਨਾਅ

ਐਂਟੀਆਕਸੀਡੈਂਟ ਗੁਣਾਂ ਨਾਲ ਭਰਪੂਰ ਬਾਦਾਮ ਦੀ ਵਰਤੋਂ ਤਨਾਅ ਦੂਰ ਕਰਨ 'ਚ ਮਦਦ ਕਰਦਾ ਹੈ। ਇਸ ਨੂੰ ਖਾਣ ਨਾਲ ਦਿਮਾਗ ਰਿਲੈਕਸ ਹੁੰਦਾ ਹੈ। ਜਿਸ ਨਾਲ ਤੁਸੀਂ ਤਨਾਅ ਤੋਂ ਬਚੇ ਰਹਿੰਦੇ ਹੋ। ਇਸ ਤੋਂ ਇਲਾਵਾ ਇਸ ਦੀ ਵਰਤੋਂ ਨਾਲ ਤੁਹਾਨੂੰ ਡਿਪ੍ਰੈਸ਼ਨ ਦੀ ਸਮੱਸਿਆ ਤੋਂ ਵੀ ਰਾਹਤ ਮਿਲਦੀ ਹੈ।

2. ਬਲੱਡ ਪ੍ਰੈਸ਼ਰ ਕੰਟਰੋਲ

ਵਸਾ, ਪ੍ਰੋਟੀਨ, ਫ਼ਾਈਬਰ ਅਤੇ ਮਿਨਰਲਸ ਨਾਲ ਭਰਪੂਰ ਹੋਣ ਕਾਰਨ ਇਹ ਡਾਇਬਿਟੀਜ਼ ਮਰੀਜ਼ਾਂ ਲਈ ਕਾਫ਼ੀ ਫ਼ਾਇਦੇਮੰਦ ਹੁੰਦੇ ਹਨ। ਰੋਜ਼ਾਨਾ ਬਾਦਾਮ ਦੀ ਵਰਤੋਂ ਸਰੀਰ 'ਚ ਇੰਸੁਲਿਨ ਦੀ ਮਾਤਰਾ ਨੂੰ ਕੰਟਰੋਲ ਕਰਕੇ ਬਲੱਡ ਸ਼ੂਗਰ ਨੂੰ ਕੰਟਰੋਲ 'ਚ ਰੱਖਦਾ ਹੈ।

3. ਦਿਲ ਦੇ ਰੋਗ

ਬਾਦਾਮ ਦੀ ਰੋਜ਼ਾਨਾ ਵਰਤੋਂ ਕਰਨ ਨਾਲ ਸਰੀਰ 'ਚ ਅਲਫ਼ਾ-1 ਐੱਚ ਡੀ ਐੱਲ ਲੈਵਲ ਵਧਦਾ ਹੈ। ਜਿਸ ਨਾਲ ਕੋਲੈਸਟਰੋਲ ਕੰਟਰੋਲ ਕਰਕੇ ਦਿਲ ਦੇ ਰੋਗਾਂ ਦਾ ਖਤਰਾ ਘੱਟ ਹੁੰਦਾ ਹੈ। ਇਸ ਲਈ ਰੋਜ਼ਾਨਾ ਘੱਟ ਤੋਂ ਘੱਟ ਮੁੱਠੀ ਇੱਕ ਬਾਦਾਮ ਦੀ ਵਰਤੋਂ ਕਰੋ।

4. ਮਜ਼ਬੂਤ ਹੱਡੀਆਂ

ਕੱਚੇ ਬਾਦਾਮ 'ਚ ਫ਼ਾਸਫ਼ੋਰਸ, ਮੈਗਨੀਸ਼ੀਅਮ ਅਤੇ ਕੈਲਸ਼ੀਅਨ ਵਰਗੇ ਗੁਣ ਹੁੰਦੇ ਹਨ, ਜੋ ਕਿ ਹੱਡੀਆਂ ਅਤੇ ਦੰਦਾਂ ਲਈ ਫ਼ਾਇਦੇਮੰਦ ਹੁੰਦੇ ਹਨ। ਬਾਦਾਮ, ਦਹੀਂ ਅਤੇ ਓਟਮੀਲ ਨੂੰ ਬਲੈਂਡ ਕਰਕੇ ਰੋਜ਼ਾਨਾ ਇਸ ਦੀ ਵਰਤੋਂ ਕਰੋ।

5. ਭਾਰ ਘੱਟ ਕਰਨਾ

ਸਨੈਕਸ ਦੇ ਮੁਕਾਬਲ ਬਾਦਾਮ ਦੀ ਵਰਤੋਂ ਕਾਫ਼ੀ ਹੱਦ ਤਕ ਭੁੱਖ ਨੂੰ ਕੰਟਰੋਲ ਕਰਦੀ ਹੈ। ਜਿਸ ਨਾਲ ਤੁਸੀਂ ਓਵਰਈਟਿੰਗ ਨਹੀਂ ਕਰਦੇ। ਇਸ ਲਈ ਭਾਰ ਕੰਟਰੋਲ ਕਰਨ ਲਈ ਫ਼ਾਈਬਰ, ਪ੍ਰੋਟੀਨ ਅਤੇ ਵਸਾ ਨਾਲ ਭਰਪੂਰ ਬਾਦਾਮ ਨੂੰ ਆਪਣੀ ਡਾਈਟ 'ਚ ਜ਼ਰੂਰ ਸ਼ਾਮਲ ਕਰੋ।

6. ਕਬਜ਼

ਬਾਦਾਮ 'ਚ ਜ਼ਿਆਦਾ ਮਾਤਰਾ 'ਚ ਫ਼ਾਈਬਰ ਮੌਜੂਦ ਹੁੰਦਾ ਹੈ, ਜੋ ਕਿ ਭੋਜਨ ਪਚਾਉਣ 'ਚ ਮਦਦ ਕਰਦਾ ਹੈ। 4-5 ਬਾਦਾਮ ਖਾਣ ਤੋਂ ਬਾਅਦ 1 ਗਲਾਸ ਪਾਣੀ ਪੀਓ। ਇਸ ਨਾਲ ਤੁਹਾਡੀ ਕਬਜ਼ ਦੀ ਸਮੱਸਿਆ ਦੂਰ ਹੋ ਜਾਵੇਗੀ। ਇਸ ਤੋਂ ਇਲਾਵਾ ਇਸ ਦੀ ਵਰਤੋਂ ਨਾਲ ਪੇਟ ਦੇ ਕੈਂਸਰ ਦਾ ਖਤਰਾ ਵੀ ਘੱਟ ਹੋ ਜਾਂਦਾ ਹੈ।

# ਹਲਦੀ ਕਰਦੀ ਹੈ ਕਈ ਬੀਮਾਰੀਆਂ ਨੂੰ ਜੜ੍ਹ ਤੋਂ ਖਤਮ



ਨਵੀਂ ਦਿੱਲੀ— ਹਲਦੀ ਦੀ ਵਰਤੋਂ ਹਰ ਘਰ 'ਚ ਕੀਤੀ ਜਾਂਦੀ ਹੈ। ਹਲਦੀ ਖਾਣੇ ਦਾ ਸੁਆਦ ਵਧਾਉਣ ਦੇ ਨਾਲ ਸਰੀਰ ਨੂੰ ਕਈ ਬੀਮਾਰੀਆਂ ਤੋਂ ਦੂਰ ਰੱਖਦੀ ਹੈ। ਇਸ 'ਚ ਮੌਜੂਦ ਤੱਤ ਸਿਹਤ ਅਤੇ ਚਮੜੀ ਦੋਹਾਂ ਲਈ ਫ਼ਾਇਦੇਮੰਦ ਹਨ। ਇਸ ਲਈ ਆਪਣੇ ਭੋਜਨ 'ਚ ਹਲਦੀ ਨੂੰ ਜ਼ਰੂਰ ਸ਼ਾਮਲ ਕਰੋ। ਅੱਜ ਅਸੀਂ ਤੁਹਾਨੂੰ ਰੋਜ਼ਾਨਾ ਹਲਦੀ ਦੀ ਵਰਤੋਂ ਨਾਲ ਸਰੀਰ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ ਦੱਸ ਰਹੇ ਹਾਂ ਆਓ ਜਾਣਦੇ ਹਾਂ ਇਸ ਦੇ ਫ਼ਾਇਦਿਆਂ ਬਾਰੇ...

1. ਦਿਲ ਲਈ ਫ਼ਾਇਦੇਮੰਦ

ਹਲਦੀ 'ਚ ਮੌਜੂਦ ਤੱਤ ਕੋਲੈਸਟਰੋਲ ਨੂੰ ਘੱਟ ਕਰਨ 'ਚ ਮਦਦ ਕਰਦੇ ਹਨ। ਇਸਦੇ ਇਲਾਵਾ ਇਹ ਖ਼ੂਨ ਨੂੰ ਜੰਮਣ ਤੋਂ ਰੋਕਦੇ ਹਨ। ਇਸ ਲਈ ਹਲਦੀ ਨੂੰ ਆਪਣੇ ਭੋਜਨ 'ਚ ਜ਼ਰੂਰ ਸ਼ਾਮਲ ਕਰੋ।

2. ਦਿਮਾਗ ਲਈ ਫ਼ਾਇਦੇਮੰਦ

ਰੋਜ਼ਾਨਾ ਹਲਦੀ ਦੀ ਵਰਤੋਂ ਕਰਨ ਨਾਲ ਦਿਮਾਗ ਸੁਰੱਖਿਅਤ ਰਹਿੰਦਾ ਹੈ। ਇਸ ਨਾਲ ਦਿਮਾਗ ਦੀਆਂ ਨਾੜੀਆਂ ਸੁਕੜਣ ਵਰਗੀਆਂ ਸਮੱਸਿਆਵਾਂ ਤੋਂ ਛੁਟਕਾਰਾ ਮਿਲਦਾ ਹੈ।

3. ਕੈਂਸਰ ਤੋਂ ਬਚਾਏ

ਹਲਦੀ 'ਚ ਕੈਂਸਰ ਵਿਰੋਧੀ ਤੱਤ ਮੌਜੂਦ ਹੁੰਦੇ ਹਨ, ਜੋ ਸਰੀਰ ਨੂੰ ਕੈਂਸਰ ਵਰਗੀ ਬੀਮਾਰੀ ਤੋਂ ਦੂਰ ਰੱਖਦੇ ਹਨ । ਇਸਦੇ ਇਲਾਵਾ ਹਲਦੀ ਕੈਂਸਰ ਨੂੰ ਵਧਣ ਤੋਂ ਰੋਕਦੀ ਹੈ।

4. ਸਾਹ ਸੰਬੰਧੀ ਸਮੱਸਿਆ

ਹਲਦੀ 'ਚ ਐਂਟੀ-ਮਾਈਕਰੋਬੀਅਲ ਗੁਣ ਹੁੰਦੇ ਹਨ। ਇਸ ਲਈ ਇਸ ਨੂੰ ਗਰਮ ਦੁੱਧ ਦੇ ਨਾਲ ਲੈਣ ਨਾਲ ਦਮਾ, ਫ਼ੇਫ਼ੜਿਆਂ 'ਚ ਰੇਸ਼ਾ ਆਦਿ ਬੀਮਾਰੀਆਂ ਤੋਂ ਆਰਾਮ ਮਿਲਦਾ ਹੈ।

5. ਭਾਰ ਕੰਟਰੋਲ ਕਰੇ

ਹਲਦੀ 'ਚ ਕੈਲਸ਼ੀਅਮ ਅਤੇ ਮਿਨਰਲਸ ਜਿਹੇ ਕਈ ਪੌਸ਼ਕ ਤੱਤ ਮੌਜੂਦ ਹੁੰਦੇ ਹਨ, ਜੋ ਭਾਰ ਘਟਾਉਣ 'ਚ ਮਦਦਗਾਰ ਹੁੰਦੇ ਹਨ। ਇਸਦੀ ਵਰਤੋਂ ਕਰਨ ਨਾਲ ਸਰੀਰ 'ਚ ਚਰਬੀ ਘੱਟ ਹੁੰਦੀ ਹੈ। ਇਸ ਲਈ ਜੋ ਲੋਕ ਮੋਟਾਪੇ ਦੀ ਸਮੱਸਿਆ ਤੋਂ ਪ੍ਰੇਸ਼ਾਨ ਰਹਿੰਦੇ ਹਨ ਉਨ੍ਹਾਂ ਨੂੰ ਇਸ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।

6. ਪਾਚਨ ਸ਼ਕਤੀ ਨੂੰ ਮਜ਼ਬੂਤ ਕਰੇ

ਹਲਦੀ ਪਾਚਨ ਸ਼ਕਤੀ ਨੂੰ ਮਜ਼ਬੂਤ ਕਰਨ 'ਚ ਵੀ ਸਹਾਈ ਹੁੰਦੀ ਹੈ। ਇਸ ਤੋਂ ਇਲਾਵਾ ਇਹ ਪੇਟ ਸੰਬੰਧੀ ਸਮੱਸਿਆਵਾਂ ਜਿਵੇਂ ਗੈਸ, ਐਸਿਡਿਟੀ, ਕਬਜ਼ ਆਦਿ ਨੂੰ ਦੂਰ ਕਰਦੀ ਹੈ।

# ਬੱਚਿਆਂ 'ਚ ਤੇਜ਼ੀ ਨਾਲ ਫ਼ੈਲ ਰਿਹੈ ਕੈਂਸਰ



ਮੁੰਬਈ— ਬੱਚਿਆਂ 'ਚ ਕੈਂਸਰ ਤੇਜ਼ੀ ਨਾਲ ਫ਼ੈਲ ਰਿਹਾ ਹੈ। ਇੱਕ ਅਧਿਐਨ ਅਨੁਸਾਰ ਬਹੁਤ ਸਾਰੇ ਬੱਚੇ ਇਸ ਬੀਮਾਰੀ ਨਾਲ ਮਰ ਰਹੇ ਹਨ। ਅਜਿਹੀ ਹਾਲਤ 'ਚ ਮਾਤਾ-ਪਿਤਾ ਨੂੰ ਇਸ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ ਤਾਂਕਿ ਉਹ ਹਮੇਸ਼ਾ ਸਿਹਤਮੰਦ ਰਹਿਣ। ਡਾਕਟਰਾਂ ਦੀ ਮੰਨੀਏ ਤਾਂ ਕੈਂਸਰ ਦੇ ਸ਼ੁਰੂਆਤੀ ਲੱਛਣ ਨੂੰ ਪਛਾਣ ਕੇ ਇਸ ਦਾ ਇਲਾਜ ਸ਼ੁਰੂ ਕਰਵਾ ਦਿੱਤਾ ਜਾਵੇ ਤਾਂ ਇਸ ਬੀਮਾਰੀ ਤੋਂ ਬਚਿਆ ਜਾ ਸਕਦਾ ਹੈ। ਦੱਸ ਦੇਈਏ ਕਿ ਬੱਚਿਆਂ ਅਥੇ ਵੱਡਿਆਂ 'ਚ ਕੈਂਸਰ ਦੇ ਲੱਛਣ ਥੋੜ੍ਹੇ ਵੱਖਰੇ ਹੁੰਦੇ ਹਨ।

ਬੱਚਿਆਂ 'ਚ ਕੈਂਸਰ ਦੇ ਲੱਛਣ

ਪੀਲਾਪਨ।

ਹੱਡੀਆਂ 'ਚ ਦਰਦ।

ਸਰੀਰ ਦੇ ਕਿਸੇ ਹਿੱਸੇ 'ਚ ਦਰਦ ਹੋਣ ਕਾਰਨ ਰਾਤ ਨੂੰ ਸੌਂਦੇ ਸਮੇਂ ਜਾਗ ਜਾਣਾ।

ਬੱਚਾ ਅਚਾਨਕ ਚਲਨਾ ਬੰਦ ਕਰ ਦੇਵੇ।

ਬੱਚੇ ਦੀ ਪਿੱਠ ਦਰਦ ਹੋਣਾ।

ਦੋ ਹਫ਼ਤਿਆਂ ਤੋਂ ਜ਼ਿਆਦਾ ਸਮੇਂ ਤੱਕ ਸਿਰ ਦਰਦ ਰਹਿਣਾ।

ਸਵੇਰੇ-ਸਵੇਰੇ ਉੱਲਟੀ ਆਉਣਾ।

ਅਚਾਨਕ ਪੇਟ, ਸਿਰ, ਗਰਦਨ ਅਤੇ ਹੱਥਾਂ-ਪੈਰਾਂ ਦੀ ਚਰਬੀ ਵਧਣਾ

ਲਗਾਤਾਰ ਬੁਖਾਰ, ਉਦਾਸੀ ਅਤੇ ਭਾਰ ਘੱਟ ਹੋਣਾ।

# ਸ਼ਿਵ ਸੈਨਾ ਹਿੰਦੁਸਤਾਨ ਵੱਲੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰੀ ਚੋਣ ਕੋਰ ਕਮੇਟੀਆਂ ਦੇ ਗਠਨ ਦਾ ਐਲਾਨ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਰਣਨੀਤੀ ਦੇ ਅਨੁਸਾਰ, ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਨੇ ਅੱਜ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਵਲੋਂ ਜਾਰੀ ਇੱਕ ਪ੍ਰੈਸ ਨੋਟ ਰਾਹੀਂ ਸਾਰੇ ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰੀ ਚੋਣ ਕੋਰ ਕਮੇਟੀਆਂ ਦੇ ਗਠਨ ਦਾ ਐਲਾਨ ਕੀਤਾ ਗਿਆ।

ਪਟਿਆਲਾ ਵਿੱਚ ਹੋਈ ਸੀਨੀਅਰ ਪਾਰਟੀ ਆਗੂਆਂ ਦੀ ਹਾਲ ਹੀ ਵਿੱਚ ਹੋਈ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸੰਗਠਨਾਤਮਕ ਪੱਧਰ 'ਤੇ ਸ਼ੁਰੂ ਕੀਤੀਆਂ ਜਾਣਗੀਆਂ। ਇਸ ਸਬੰਧ ਵਿੱਚ ਪੂਰਾ ਅਧਿਕਾਰ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਨੂੰ ਦਿੱਤਾ ਗਿਆ।

ਇਸ ਅਧਿਕਾਰ ਦੀ ਵਰਤੋਂ ਕਰਦੇ ਹੋਏ, ਸ਼੍ਰੀ ਪਵਨ ਗੁਪਤਾ ਜੀ ਨੇ ਪੰਜਾਬ ਵਿਧਾਨ ਸਭਾ ਚੋਣਾਂ ਦੀ ਤਿਆਰੀ ਲਈ ਪਾਰਟੀ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਕੋਰ ਕਮੇਟੀਆਂ ਦੇ ਗਠਨ ਦਾ ਐਲਾਨ ਕੀਤਾ, ਜੋ ਇਸ ਪ੍ਰਕਾਰ ਹੈ।

ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਰਾਜ ਸੰਗਠਨ ਦੀ ਜ਼ਿਲ੍ਹਾ ਪੱਧਰੀ ਕੋਰ ਕਮੇਟੀ:
1) ਜ਼ਿਲ੍ਹਾ ਲੁਧਿਆਣਾ ਸ਼੍ਰੀ ਕ੍ਰਿਸ਼ਨ ਸ਼ਰਮਾ, ਰਾਸ਼ਟਰੀ ਜਨਰਲ ਸਕੱਤਰ ਅਤੇ ਪੰਜਾਬ ਇੰਚਾਰਜ; ਸ਼੍ਰੀ ਸੰਜੀਵ ਡੇਮ, ਕਾਰਜਕਾਰੀ ਪੰਜਾਬ ਪ੍ਰਧਾਨ; ਸ਼੍ਰੀ ਮਨੀ ਸ਼ੇਰਾ, ਪੰਜਾਬ ਉਪ ਪ੍ਰਧਾਨ, ਯੂਥ ਇੰਚਾਰਜ, ਪੰਜਾਬ ਅਤੇ ਹਰਿਆਣਾ।
2) ਜ਼ਿਲ੍ਹਾ ਪਟਿਆਲਾ.......... ਸ਼੍ਰੀ



ਹੇਮਰਾਜ ਗੋਇਲ, ਰਾਸ਼ਟਰੀ ਸਲਾਹਕਾਰ; ਸ਼੍ਰੀ ਕ੍ਰਿਸ਼ਨ ਗਾਬਾ, ਪੰਜਾਬ ਪ੍ਰਧਾਨ, ਹਿੰਦੁਸਤਾਨ ਵਪਾਰ ਸੈਨਾ; ਸ਼੍ਰੀ ਸ਼ਮਾਕਾਂਤ ਪਾਂਡੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਜ਼ਿਲ੍ਹਾ ਇੰਚਾਰਜ ਪਟਿਆਲਾ, ਸ਼੍ਰੀ ਹਿਤੇਸ਼ ਰਿੰਕੂ, ਪੰਜਾਬ ਪ੍ਰਧਾਨ, ਹਿੰਦੁਸਤਾਨ ਆਈ.ਟੀ. ਸੈਨਾ; ਸ਼੍ਰੀ ਅਮਰਜੀਤ ਬੰਟੀ, ਚੇਅਰਮੈਨ, ਹਿੰਦੁਸਤਾਨ ਯੁਵਾ ਸੈਨਾ; ਸ਼੍ਰੀ ਨਵਦੀਪ ਮਿੱਤਲ ਜ਼ਿਲ੍ਹਾ ਜਨਰਲ ਸਕੱਤਰ ਸ਼ਿਵ ਸੈਨਾ ਹਿੰਦੁਸਤਾਨ ਪਟਿਆਲਾ।
3) ਜ਼ਿਲ੍ਹਾ ਮੋਹਾਲੀ ਅਤੇ ਰੋਪੜ........ਸ਼੍ਰੀ ਅਖਿਲੇਸ਼ ਕੁਮਾਰ, ਸੰਗਠਨ ਮੰਤਰੀ, ਪੰਜਾਬ; 2) ਸ਼੍ਰੀ ਬੀ.ਐਨ. ਗਿਰੀ। ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਮੋਹਾਲੀ ਜਿਲਾ ਪ੍ਰਧਾਨ ਸ. ਸ੍ਰੀਮਤੀ ਕਿਰਨ ਜੈਨ, ਮਹਿਲਾ ਸੈਨਾ ਮੁਹਾਲੀ ਦੀ ਜ਼ਿਲ੍ਹਾ ਪ੍ਰਧਾਨ, ਡਾ. ਦੀਪਕ ਜੈਨ, ਹਿੰਦੁਸਤਾਨ ਵਪਾਰ ਸੈਨਾ ਮੁਹਾਲੀ ਦੇ ਜ਼ਿਲ੍ਹਾ ਪ੍ਰਧਾਨ, ਡਾ. ਸ੍ਰੀ ਮਿਥੁਨ ਗਰਗ ਜ਼ਿਲ੍ਹਾ ਇੰਚਾਰਜ ਮੁਹਾਲੀ, ਰੋਪੜ।
4) ਜ਼ਿਲ੍ਹਾ ਬਟਾਲਾ... ਸ਼੍ਰੀ ਰਾਜਾ ਵਾਲੀਆ, ਸੰਗਠਨ ਮੰਤਰੀ, ਪੰਜਾਬ; 2) ਸ਼੍ਰੀ ਰਾਜੇਸ਼ ਅਗਰਵਾਲ, ਪੰਜਾਬ ਪ੍ਰਧਾਨ, ਹਿੰਦੁਸਤਾਨ ਇੰਡਸਟਰੀਜ਼ ਸੈਨਾ, ਪੰਜਾਬ;
6) ਜ਼ਿਲ੍ਹਾ ਮੋਗਾ. ਸ਼੍ਰੀ ਰਾਮ ਬੱਚਨ ਰਾਏ, ਮੀਤ ਪ੍ਰਧਾਨ, ਪੰਜਾਬ; ਸ਼੍ਰੀ ਵਿਕਾਸ ਕਪੂਰ, ਸੂਬਾ ਜਨਰਲ ਸਕੱਤਰ, ਪੰਜਾਬ; ਸ਼੍ਰੀਮਤੀ ਮਨਦੀਪ ਸ਼ਰਮਾ, ਪੰਜਾਬ ਪ੍ਰਧਾਨ ਹਿੰਦੁਸਤਾਨ ਮਹਿਲਾ ਸੈਨਾ, ਸ਼੍ਰੀ ਗਗਨ ਨੌਹਰੀਆ, ਉਪ ਪ੍ਰਧਾਨ, ਪੰਜਾਬ
7) ਜ਼ਿਲ੍ਹਾ ਅੰਮ੍ਰਿਤਸਰ ਅਤੇ ਤਰਨਤਾਰਨ ਸ਼੍ਰੀ ਰਾਹੁਲ ਖੋਸਲਾ, ਸੰਗਠਨ ਮੰਤਰੀ, ਪੰਜਾਬ; ਸ਼੍ਰੀ ਰਮਨ ਭੱਲਾ, ਉਪ ਪ੍ਰਧਾਨ, ਪੰਜਾਬ ਸ਼੍ਰੀ ਸੋਨੂੰ ਚਾਵਲਾ ਅਤੇ ਸ਼੍ਰੀ ਮਨੀਸ਼ ਅਰੋੜਾ, ਸੀਨੀਅਰ ਸ਼ਿਵ ਸੈਨਾ ਹਿੰਦੁਸਤਾਨ ਆਗੂ, ਅੰਮ੍ਰਿਤਸਰ
8) ਜ਼ਿਲ੍ਹਾ ਹੁਸ਼ਿਆਰਪੁਰ, ਪਠਾਨਕੋਟ... ਸ਼੍ਰੀ ਰਾਹੁਲ ਖੰਨਾ, ਪੰਜਾਬ ਪ੍ਰਧਾਨ ਹਿੰਦੁਸਤਾਨ ਯੁਵਾ ਸੈਨਾ; ਸ਼੍ਰੀ ਰਾਜੇਂਦਰ ਰਾਣਾ, ਉਪ ਪ੍ਰਧਾਨ ਪੰਜਾਬ ਸ਼ਿਵ ਸੈਨਾ ਹਿੰਦੁਸਤਾਨ; ਸ਼੍ਰੀ ਰਾਜੇਂਦਰ ਸ਼ਿੰਦੇ, ਜ਼ਿਲ੍ਹਾ ਪ੍ਰਧਾਨ ਸ਼ਿਵ ਸੈਨਾ ਹਿੰਦੁਸਤਾਨ, ਹੁਸ਼ਿਆਰਪੁਰ;
9) ਸੰਗਰੂਰ, ਬਰਨਾਲਾ, ਮਲੇਰਕੋਟਲਾ... ਸ਼੍ਰੀ ਪ੍ਰਦੀਪ ਵਰਮਾ ਖੱਤਰੀ, ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਬੁਲਾਰੇ
10) ਬਠਿੰਡਾ, ਫਰੀਦਕੋਟ ਫਿਰੋਜ਼ਪੁਰ ਮੁਕਤਸਰ ਮਲੋਟ ਅਬੋਹਰ....... ਸ਼੍ਰੀ ਵਿਕਾਸ ਕਪੂਰ ਸੂਬਾ ਜਨਰਲ ਸਕੱਤਰ ਸ਼ਿਵ ਸੈਨਾ ਹਿੰਦੁਸਤਾਨ, ਸ਼੍ਰੀ ਰਾਮ ਬੱਚਨ ਉਪ ਪ੍ਰਧਾਨ ਪੰਜਾਬ, ਸ਼੍ਰੀਮਤੀ ਮਨਦੀਪ ਸ਼ਰਮਾ ਪੰਜਾਬ ਪ੍ਰਧਾਨ ਹਿੰਦੁਸਤਾਨ ਮਹਿਲਾ ਸੈਨਾ, ਸ਼੍ਰੀ ਗੋਪਾਲ ਸ਼ਰਮਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਸ਼੍ਰੀ ਗਗਨ ਨੌਹਰੀਆ ਉਪ ਪ੍ਰਧਾਨ ਪੰਜਾਬ ਸ਼ਿਵ ਸੈਨਾ ਹਿੰਦੁਸਤਾਨ

ਉਪਰੋਕਤ ਅਧਿਕਾਰੀਆਂ ਨੂੰ ਇਨ੍ਹਾਂ ਜ਼ਿਲ੍ਹਿਆਂ ਦੇ ਸੰਯੁਕਤ ਚੋਣ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਉਹ ਇਨ੍ਹਾਂ ਜ਼ਿਲ੍ਹਿਆਂ ਵਿੱਚ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੀ ਨਿਗਰਾਨੀ ਕਰਨਗੇ।

# ਥਾਪਰ ਇੰਸੀਚਿਊਟ ਆਫ ਟੈਕਨਾਲੋਜੀ ਦੇ ਰੋਟਰੈਕਟ ਕਲੱਬ ਵੱਲੋਂ ਲੋੜਵੰਦਾਂ ਦੀ ਮਦਦ ਲਈ ਖ਼ੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ ਉਪਰਾਲਾ: ਡਾ. ਮੀਨਾਕਸ਼ੀ ਰਾਣਾ, ਡਾ. ਸੁਮਿਤ ਚੰਡੋਕ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ- )**

ਥਾਪਰ ਇੰਸਟੀਚਿਊਟ ਆਫ਼ ਟੈਕਨੋਲੋਜੀ ਦੇ ਰੋਟਰੈਕਟ ਕਲੱਬ ਵੱਲੋਂ ਬਲੱਡ ਬੈਂਕਾਂ ਵਿਚ ਖੂਨ ਦੀ ਭਾਰੀ ਕਮੀ ਨੂੰ ਵੇਖਦਿਆਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੂਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਵਲੰਟੀਅਰਜ਼ ਸਹਿਯੋਗ ਹੇਠ ਵਿਸ਼ਾਲ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ।ਜਿਸ ਵਿੱਚ ਮੁੱਖ ਮਹਿਮਾਨ ਡਾਕਟਰ ਮੀਨਾਕਸ਼ੀ ਰਾਣਾ ਡੀਨ ਸਟੂਡੈਂਟ ਅਫੇਅਰ ਥਾਪਰ ਇੰਸੀਚਿਊਟ ਆਫ ਟੈਕਨਾਲੋਜੀ ਨੇ ਸ਼ਿਰਕਤ ਕੀਤੀ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਡਾਕਟਰ ਸੁਮਿਤ ਚੰਡੋਕ ਐਸਟਿਟ ਡੀਨ ਸਟੂਡੈਂਟ ਅਫੇਅਰ ਥਾਪਰ ਇੰਸੀਚਿਊਟ ਆਫ ਟੈਕਨਾਲੋਜੀ ਨੇ ਕੀਤੀ।ਪ੍ਰੋਗਰਾਮ ਦਾ ਉਦਘਾਟਨ ਡਾਕਟਰ ਨਵਦੀਪ ਢਿੱਲੋਂ ਅਤੇ ਡਾਕਟਰ ਦੀਪ ਮਾਨ ਨੇ ਕੀਤਾ।ਇਸ ਮੌਕੇ ਥਾਪਰ



ਇੰਸੀਚਿਊਟ ਆਫ ਟੈਕਨਾਲੋਜੀ ਦੇ ਰੋਟਰੈਕਟ ਕਲੱਬ ਦੇ ਪ੍ਰਧਾਨ ਰੀਦਮ ਘਈ ਅਤੇ ਅਰਮਾਨ ਮਲਿਕ ਨੇ ਸਾਰੇ ਆਏ ਹੋਏ ਮਹਿਮਾਨਾਂ ਅਤੇ ਖੂਨਦਾਨੀਆਂ ਨੂੰ ਜੀ ਆਇਆਂ ਕਿਹਾ ਗਿਆ।ਵਿਸ਼ੇਸ਼ ਤੌਰ ਸੁਖਜਿੰਦਰ ਸਿੰਘ ਜ਼ਿਲ੍ਹਾ ਇੰਚਾਰਜ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ,ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ,ਰੋਟੇਰੀਅਨ ਰਾਹੁਲ ਸਿੰਗਲਾ ਡਾਕਟਰ ਅਮ੍ਰਿਤ ਅਰੋੜਾ ਹੈਲਥ ਬਾਈਓਟੈਕ , ਵਰਿੰਦਰ ਖਰੋੜ ਅਤੇ ਆਰਨਵ ਫਾਰੂਕੀ ਰੀਆਜ,ਸਾਰੰਗ, ਮੁਸਕਾਨ, ਆਯੂਸ, ਸਨਕੀਰਤੀ ਮਾਨ, ਰਿਧੀ, ਸਨੇਹਾ,ਵਾਮੇਸ, ਸੇਖਰ ਚੋਰਸੀਆ, ਕੇਸ਼ਵ, ਗੋਰੀ, ਅਭੇ ਕੰਬੋਜ, ਅਭੇ ਪ੍ਰਤਾਪ ਸਿੰਘ, ਰੀਜੁਲ ਜਿੰਦਲ, ਅਕਸ਼ੇ ਕੁਮਾਰ ਪਾਂਡੇ, ਅਭੇ ਸਿੰਘ ਤੋਮਰ, ਗੋਰਵ, ਨੀਤੀਕਾ, ਪ੍ਰੀਆ, ਰਾਘਵ, ਅਨਨਿਆ, ਸਦਿਤ, ਮੀਨਲ, ਹੀਮਾਸੀ,ਪ੍ਰੀਕਾ, ਮਹਿਮਾ, ਸੀਵਾਗ, ਗੋਰਵ,ਸਾਰੇ ਮੈਬਰ ਰੋਟਰੈਕਟ ਕਲੱਬ ਥਾਪਰ ਇੰਸੀਚਿਊਟ ਆਫ ਟੈਕਨਾਲੋਜੀ ਤੋਂ ਇਲਾਵਾ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਉਪਕਾਰ ਸਿੰਘ, ਤੇਜਿੰਦਰ ਮਡੋੜ, ਰਾਜ ਕੁਮਾਰ, ਗੁਰਜੀਤ ਲੱਕੀ ਹਰਦਾਸਪੁਰ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਡਾਕਟਰ ਮੀਨਾਕਸ਼ੀ ਰਾਣਾ ਅਤੇ ਡਾਕਟਰ ਸੁਮਿਤ ਚੰਡੋਕ ਨੇ ਕਿਹਾ ਕਿ ਨੌਜਵਾਨਾਂ ਵਲੋਂ ਖ਼ੂਨਦਾਨ ਅਤੇ ਪਲੇਟਲੈਟ ਦਾਨ ਕਰਕੇ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ। ਉਹਨਾਂ ਕਿਹਾ ਕਿ ਹਰ ਤੰਦਰੁਸਤ ਇੰਨਸਾਨ ਜਿਸ ਦੀ ਉਮਰ 18 ਸਾਲ 65 ਸਾਲ ਹੋਵੇ ਸਰੀਰਕ ਭਾਰ 45 ਕਿਲੋ ਅਤੇ ਖ਼ੂਨ ਦੀ ਮਾਤਰਾ 12.5 ਤੋਂ ਉੱਪਰ ਹੋਵੇ ਉਹੋ ਵਿਅਕਤੀ ਸਾਲ ਵਿੱਚ ਚਾਰ ਵਾਰ ਖ਼ੂਨਦਾਨ ਕਰ ਸਕਦਾ ਹੈ। ਉਹਨਾਂ ਕਿਹਾ ਕਿ ਖ਼ੂਨਦਾਨ ਕਰਨ ਨਾਲ ਕੋਈ ਸਰੀਰਕ ਕਮਜ਼ੋਰੀ ਨਹੀਂ ਆਉਂਦੀ ਸਗੋਂ ਸਰੀਰ ਤੰਦਰੁਸਤ ਰਹਿੰਦਾ ਹੈ ।ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਵੱਧ ਤੋਂ ਵੱਧ ਖ਼ੂਨਦਾਨ ਕਰਕੇ ਬੇਸ਼ਕੀਮਤੀ ਜਾਨਾਂ ਬਚਾਉਣ ਲਈ ਅੱਗੇ ਆਉਣ। ਇਸ ਮੌਕੇ ਸਰਕਾਰੀ ਰਾਜਿੰਦਰਾ ਹਸਪਤਾਲ ਪੀ ਆਰ ਓ ਸੁਖਵਿੰਦਰ ਸਿੰਘ ਅਤੇ ਲਾਇਫ ਲਾਇਨ ਬਲੱਡ ਬੈਂਕ ਵੱਲੋਂ ਡਾਕਟਰ ਅਰਸ਼ਪ੍ਰੀਤ ਕੌਰ ਅਤੇ ਮੋਟੀਵੇਟਰ ਸਾਗਰ ਅਰੋੜਾ ਨੇ ਬਲੱਡ ਇੱਕਤਰ ਕੀਤਾ ।

# ਸਵਾਮੀ ਵਿਵੇਕਾਨੰਦ ਇੰਸਟੀਚਿਊਟ ਦੇ ਸਲਾਨਾ ਸਮਾਗਮ ਵਿੱਚ ਮੰਤਰੀ ਸੌਂਦ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

**ਬਨੂੜ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੇਂਡੂ ਵਿਕਾਸ ਤੇ ਪੰਚਾਇਤ, ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਬਨੂੜ ਵਿਖੇ ਆਯੋਜਿਤ ਸਪੋਨਟੈਨਿਆ – 2026 ਦੇ ਸਲਾਨਾ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਕਾਂ ਨੂੰ ਸੰਬੋਧਨ ਕਰਦੇ ਹੋਏ ਸੰਸਥਾ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

ਆਪਣੇ ਸੰਬੋਧਨ ਦੌਰਾਨ ਮੰਤਰੀ ਸੌਂਦ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਨੌਜਵਾਨ ਅਤੇ ਪੜ੍ਹੀ-ਲਿਖੀ ਪਾਰਟੀ ਹੈ ਜੋ ਦੇਸ਼ ਅਤੇ ਰਾਜ ਦੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਹੀ ਦੇਸ਼ ਦਾ ਭਵਿੱਖ ਹਨ ਅਤੇ ਉਹਨਾਂ ਨੂੰ ਸਹੀ ਦਿਸ਼ਾ ਵਿੱਚ ਪ੍ਰੇਰਿਤ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਨੇ ਸੰਸਥਾ ਦੀ ਪੂਰੀ ਟੀਮ ਅਤੇ ਖਾਸ ਕਰਕੇ ਗਰਗ ਪਰਿਵਾਰ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਮੰਤਰੀ ਨੇ ਕਿਹਾ ਕਿ ਇੰਸਟੀਚਿਊਟ ਵਿੱਚ ਆ ਕੇ ਬਹੁਤ ਖੁਸ਼ੀ ਮਹਿਸੂਸ ਹੋਈ ਅਤੇ ਇੱਥੇ ਆਯੋਜਿਤ ਸੱਭਿਆਚਾਰਕ ਪ੍ਰੋਗਰਾਮ ਬਹੁਤ ਹੀ ਉੱਤਮ ਅਤੇ ਪ੍ਰਭਾਵਸ਼ਾਲੀ ਸਨ। ਉਨ੍ਹਾਂ ਨੇ ਕਿਹਾ ਕਿ ਇਸ ਸੰਸਥਾ ਦੇ ਵਿਦਿਆਰਥੀ ਵੱਡੇ ਅਹੁਦਿਆਂ 'ਤੇ ਪਹੁੰਚ ਕੇ ਦੇਸ਼ ਅਤੇ ਵਿਦੇਸ਼ ਵਿੱਚ



ਆਪਣਾ ਨਾਮ ਰੌਸ਼ਨ ਕਰ ਰਹੇ ਹਨ, ਜੋ ਕਿ ਸੰਸਥਾ ਲਈ ਮਾਣ ਦੀ ਗੱਲ ਹੈ।

ਮੰਤਰੀ ਸੌਂਦ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਨਸ਼ੇ ਨੌਜਵਾਨੀ ਨੂੰ ਖਤਮ ਕਰਦੇ ਹਨ ਅਤੇ ਵਿਕਾਸ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਸਿੱਖਿਆ, ਕੌਸ਼ਲ ਅਤੇ ਅਨੁਸ਼ਾਸਨ 'ਤੇ ਧਿਆਨ ਕੇਂਦਰਿਤ ਕਰਨ ਦੀ ਪ੍ਰੇਰਣਾ ਦਿੱਤੀ।

ਇਸ ਦੌਰਾਨ ਸੰਸਥਾ ਦੇ ਚੇਅਰਮੈਨ ਅਸ਼ਵਨੀ ਗਰਗ ਨੇ ਦੱਸਿਆ ਕਿ ਇੰਸਟੀਚਿਊਟ ਵਿੱਚ ਇਸ ਸਮੇਂ ਲਗਭਗ 6000 ਵਿਦਿਆਰਥੀ ਪੜ੍ਹ ਰਹੇ ਹਨ, ਜਿਨ੍ਹਾਂ ਵਿੱਚ ਕਰੀਬ 500 ਵਿਦਿਆਰਥੀ ਵਿਦੇਸ਼ਾਂ ਤੋਂ ਆਏ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਸੰਸਥਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰ ਰਹੀ ਹੈ।

ਸਮਾਗਮ ਦੇ ਅੰਤ ਵਿੱਚ ਮੰਤਰੀ ਸੌਂਦ ਦਾ ਸੰਸਥਾ ਵੱਲੋਂ ਸਨਮਾਨ ਕੀਤਾ ਗਿਆ ਅਤੇ ਵਿਦਿਆਰਥੀਆਂ ਨੇ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀ ਰਾਹੀਂ ਦਰਸ਼ਕਾਂ ਨੂੰ ਮੋਹ ਲਿਆ।

ਇਸ ਮੌਕੇ ਰਾਜਪੁਰਾ ਦੇ ਐਸ ਡੀ ਐਮ ਨਮਨ ਮਰਕਨ, ਡੀ ਐੱਸ ਪੀ ਮਨਜੀਤ ਸਿੰਘ , ਨਾਇਬ ਤਹਿਸੀਲਦਾਰ ਹਰਿੰਦਰ ਜੀਤ ਸਿੰਘ, ਸੰਸਥਾ ਦੇ ਚੇਅਰਮੈਨ ਅਸ਼ਵਨੀ ਗਰਗ, ਅਸ਼ੋਕ ਗਰਗ, ਸਾਹਿਲ ਗਰਗ, ਵਿਸ਼ਾਲ ਗਰਗ, ਅੰਕੁਰ ਗਰਗ, ਡਾ ਐਸ ਕੇ ਸੋਨੀ, ਸੰਜੀਵ ਸੈਨੀ ਤੋ ਇਲਾਵਾ ਕਾਲਜ ਦੇ ਵਿਦਿਆਰਥੀ ਅਤੇ ਅਧਿਆਪਕ ਮੋਜੂਦ ਸਨ।

# ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੂੰ ਪ੍ਰਾਪਤ ਹੋਇਆ ਪ੍ਰਾਪਤ ਹੋਇਆ 122 ਦਾ ਦਰਜਾ



**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮੁੱਚੇ ਪੰਜਾਬ ਵਾਸੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਨੂੰ ਯੂ.ਜੀ.ਸੀ. ਐਕਟ, 1956 ਦੀ ਧਾਰਾ 12ਬੀ (122) ਦੇ ਤਹਿਤ ਮਾਨਤਾ ਦਿੱਤੀ ਗਈ ਹੈ। ਇਹ ਅਹਿਮ ਪ੍ਰਾਪਤੀ ਮਾਨਯੋਗ ਵਾਈਸ-ਚਾਂਸਲਰ ਪ੍ਰੋ. ਰਤਨ ਸਿੰਘ ਜੀ ਦੀ ਯੋਗ ਰਹਿਨੁਮਾਈ ਅਤੇ ਦੂਰਅੰਦੇਸ਼ੀ ਸੋਚ ਸਦਕਾ ਸੰਭਵ ਹੋਈ ਹੈ, ਜਿਨ੍ਹਾਂ ਦੀ ਅਗਵਾਈ ਅਤੇ ਉਤਸ਼ਾਹ ਨੇ ਯੂਨੀਵਰਸਿਟੀ ਨੂੰ ਇਸ ਮੀਲ ਪੱਥਰ ਵੱਲ ਲਿਜਾਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। 122 ਦਾ ਦਰਜਾ ਮਿਲਣ ਦੇ ਨਾਲ ਯੂਨੀਵਰਸਿਟੀ ਆਪਣੇ ਥੋੜ੍ਹੇ ਸਮੇਂ ਦੇ ਕਾਰਜਕਾਲ ਦੌਰਾਨ ਹੀ ਪੁਰਾਣੀਆਂ ਵੱਡੀਆਂ ਯੂਨੀਵਰਸਿਟੀਆਂ ਦੇ ਹਾਣ ਦੀ ਬਣ ਚੁਕੀ ਹੈ ਜੋ ਕਿ ਸਮੁਚੇ ਅਕਾਦਮਿਕ ਜਗਤ ਲਈ ਮਾਣ ਵਾਲੀ ਗੱਲ ਹੈ ।

ਇਸ ਖੁਸ਼ੀ ਦੇ ਮੌਕੇ ਵਾਈਸ ਚਾਂਸਲਰ ਸਾਹਿਬ ਵਲੋਂ ਫੈਕਲਟੀ ਮੈਂਬਰਾਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਹਨਾਂ ਦੇ ਅਟੁੱਟ ਸਮਰਪਣ, ਸੁਹਿਰਦ ਯਤਨਾਂ ਅਤੇ ਸਮੂਹਿਕ ਵਚਨਬੱਧਤਾ ਲਈ ਤਹਿ ਦਿਲੋਂ ਵਧਾਈ ਦਿੱਤੀ, ਜਿਸ ਸਦਕਾ ਇਹ ਵੱਕਾਰੀ ਪ੍ਰਾਪਤੀ ਪ੍ਰਾਪਤ ਹੋਈ ਹੈ।

ਇਹ ਮਾਨਤਾ ਨਾ ਸਿਰਫ਼ ਸਾਡੀ ਅਕਾਦਮਿਕ ਭਰੋਸੇਯੋਗਤਾ ਦਾ ਪ੍ਰਮਾਣ ਹੈ, ਸਗੋਂ ਯੂਨੀਵਰਸਿਟੀ ਦੇ ਉੱਤਮਤਾ ਵੱਲ ਸਫ਼ਰ ਵਿੱਚ ਇੱਕ ਨਿਰਣਾਇਕ ਕਦਮ ਵੀ ਹੈ ।

ਇਸ ਖ਼ੁਸ਼ੀ ਦੇ ਮੌਕੇ ਉੱਪਰ ਮਾਨਯੋਗ ਵਾਈਸ ਚਾਂਸਲਰ ਸਾਹਿਬ ਤੋਂ ਇਲਾਵਾ ਡਾ. ਕੁਲਦੀਪ ਵਾਲੀਆ ਡਾਇਰੈਕਟਰ CIQA, ਡੀਨ ਅਕਾਦਮਿਕ ਮਾਮਲੇ ਡਾ. ਅਮਿਤੋਜ ਸਿੰਘ, ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ, ਡਾ. ਸੁਖਦੇਵ ਸਿੰਘ, ਡਾਇਰੈਕਟਰ ਲੋਕ ਸੰਪਰਕ ਅਤੇ ਯੂਨੀਵਰਸਿਟੀ ਦੇ ਹੋਰ ਸਾਰੇ ਅਧਿਕਾਰੀ ਅਤੇ ਕਰਮਚਾਰੀ ਹਾਜਿਰ ਸਨ ਜਿਨ੍ਹਾਂ ਨੇ ਇਸ ਪ੍ਰਾਪਤੀ ਦੇ ਮੌਕੇ ਉੱਪਰ ਇਹਨਾਂ ਵਿਰਾਸਤੀ ਪਲਾਂ ਨੂੰ ਮਾਣਿਆ ।

# ਐਸ ਆਈ ਆਰ ਦੌਰਾਨ ਸਵੀਪ ਗਤੀਵਿਧੀਆਂ ਸੰਬੰਧੀ ਮੀਟਿੰਗ



**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪਟਿਆਲਾ ਵਿੱਚ ਐਸ ਆਈ ਆਰ (ਸਪੈਸ਼ਲ ਇਨਟੈਂਸਿਵ ਰਵੀਜਨ) ਦੌਰਾਨ ਸਵੀਪ ਗਤੀਵਿਧੀਆਂ ਬਾਰੇ ਜ਼ਿਲ੍ਹਾ ਚੋਣ ਅਫ਼ਸਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾਂ ਨਿਰਦੇਸ਼ ਅਨੁਸਾਰ ਚੋਣ ਤਹਿਸੀਲਦਾਰ ਦਫ਼ਤਰ ਵਿਖੇ ਕੀਤੀ ਗਈ।

ਚੋਣ ਤਹਿਸੀਲਦਾਰ ਵਿਜੇ ਚੌਧਰੀ ਤੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਅਫ਼ਸਰ ਡਾ. ਸ਼ਵਿੰਦਰ ਸਿੰਘ ਰੇਖੀ ਨੇ ਇਸ ਮੌਕੇ ਪਟਿਆਲਾ ਜ਼ਿਲ੍ਹੇ ਦੇ ਅੱਠ ਹਲਕਿਆਂ ਦੇ ਸਵੀਪ ਨੋਡਲ ਅਫ਼ਸਰਾਂ ਨਾਲ ਸਵੀਪ ਗਤੀਵਿਧੀਆਂ ਬਾਰੇ ਚਰਚਾ ਕੀਤੀ। ਵਿਜੇ ਚੌਧਰੀ ਨੇ ਐਸ ਆਈ ਆਰ ਦੌਰਾਨ ਹੋਣ ਵਾਲੇ ਮੈਪਿੰਗ ਪ੍ਰੋਸੈਸ ਦੇ ਬਾਰੇ ਜਾਣਕਾਰੀ ਦਿੱਤੀ ਅਤੇ ਹਲਕੇ ਦੇ ਨੋਡਲ ਅਧਿਕਾਰੀਆਂ ਨੂੰ ਇਸ ਸਬੰਧੀ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਸਵੀਪ ਗਤੀਵਿਧੀਆਂ ਕਰਵਾਉਣ ਲਈ ਕਿਹਾ।

ਡਾ. ਰੇਖੀ ਨੇ ਦੱਸਿਆ ਕਿ ਲੋਕਾਂ ਨੂੰ ਐਸ ਆਈ ਆਰ ਪ੍ਰਕਿਰਿਆ ਬਾਰੇ ਜਾਗਰੂਕ ਕਰਨ ਲਈ ਵੱਖ ਵੱਖ ਸਵੀਪ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਸਮਾਜ ਦੇ ਪ੍ਰਮੁੱਖ ਵਿਅਕਤੀਆਂ ਨੂੰ ਇਸ ਮੁਹਿੰਮ ਨਾਲ ਜੋੜ ਕੇ ਉਹਨਾਂ ਦੇ ਸੰਦੇਸ਼ ਸੋਸ਼ਲ ਮੀਡੀਆ ਰਾਹੀਂ ਸਾਂਝੇ ਕੀਤੇ ਜਾਣਗੇ, ਤਾਂ ਜੋ ਵੱਧ ਤੋਂ ਵੱਧ ਲੋਕਾਂ ਤੱਕ ਜਾਣਕਾਰੀ ਪਹੁੰਚ ਸਕੇ ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਸਕੂਲਾਂ ਅਤੇ ਕਾਲਜਾਂ ਦੇ ਈ ਐਲ ਸੀ (ਇਲੈਟੋਰਲ ਲਿਟਰੇਸੀ ਕਲੱਬ) ਮੈਂਬਰਾਂ ਨੂੰ ਵੀ ਇਸ ਪ੍ਰਕਿਰਿਆ ਵਿੱਚ ਸ਼ਾਮਲ ਕੀਤਾ ਜਾਵੇ, ਤਾਂ ਜੋ ਨੌਜਵਾਨ ਵਰਗ ਦੀ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ। ਮੀਟਿੰਗ ਵਿੱਚ ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਮੋਹਿਤ ਕੌਸ਼ਲ ਅਤੇ ਵੱਖ ਵੱਖ ਹਲਕਿਆਂ ਦੇ ਸਵੀਪ ਨੋਡਲ ਅਫ਼ਸਰ ਪ੍ਰੋ. ਨਰਿੰਦਰ ਸਿੰਘ, ਰੁਪਿੰਦਰ ਸਿੰਘ, ਗੁਰਪ੍ਰੀਤ ਸਿੰਘ , ਜਸਵਿੰਦਰ ਸਿੰਘ, ਪ੍ਰੇਮ ਕੁਮਾਰ, ਗੁਰਭਜਨ ਸਿੰਘ, ਹਰਜੀਤ ਸਿੰਘ ਮੈਡਮ ਮੋਨਿਕਾ ਵਾਲੀਆ ਚੋਣ ਦਫਤਰ ਤੋਂ ਤੇਜ ਪ੍ਰਕਾਸ਼ ਪਾਰਸ ਵੀ ਹਾਜ਼ਰ ਰਹੇ।

# ਜੈਤੋ ਬ੍ਰਾਹਮਣ ਮਹਾਸਭਾ ਭਗਵਾਨ ਪਰਸ਼ੂਰਾਮ ਜਯੰਤੀ ਦੇ ਮੌਕੇ 'ਤੇ ਇੱਕ ਵਿਸ਼ਾਲ ਖੂਨਦਾਨ ਕੈਂਪ ਦਾ ਕਰ ਰਹੀ ਹੈ ਆਯੋਜਨ



**ਜੈਤੋਂ, 20 ਅਪ੍ਰੈਲ/ਸੰਧੀਰ ਗਰਗ**
**-ਕੌਮੀ ਪੱਤ੍ਰਿਕਾ ਬਿਊਰੋ-**

ਬ੍ਰਾਹਮਣ ਮਹਾਸਭਾ ਭਗਵਾਨ ਪਰਸ਼ੂਰਾਮ ਜਯੰਤੀ ਦੇ ਮੌਕੇ 'ਤੇ ਇੱਕ ਵਿਸ਼ਾਲ ਖੂਨਦਾਨ ਕੈਂਪ ਦਾ ਆਯੋਜਨ ਕਰ ਰਹੀ ਹੈ। ਇਸ ਵਿਸ਼ੇ 'ਤੇ ਜਾਣਕਾਰੀ ਦਿੰਦੇ ਹੋਏ, ਪ੍ਰੋਜੈਕਟ ਚੇਅਰਮੈਨ ਪੰਡਿਤ ਵਿਨੋਦ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਹ ਕੈਂਪ ਐਤਵਾਰ, 19 ਅਪ੍ਰੈਲ ਨੂੰ ਸਵੇਰੇ 9:00 ਵਜੇ ਤੋਂ ਜੈਤੋ ਦੇ ਪਟਵਾਰੀ ਸਟਰੀਟ ਸਥਿਤ ਰਘੂਨਾਥ ਮੰਦਿਰ ਵਿਖੇ ਲਗਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਦਿਨ ਬ੍ਰਾਹਮਣ ਭਾਈਚਾਰੇ ਦੇ ਚੁਣੇ ਹੋਏ ਵਿਅਕਤੀਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ ਜਿਨ੍ਹਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਪ੍ਰਾਪਤੀਆਂ ਹਾਸਲ ਕਰਕੇ ਸਮਾਜ ਦਾ ਨਾਮ ਰੌਸ਼ਨ ਕੀਤਾ ਹੈ।

# ਡਿਪਟੀ ਕਮਿਸ਼ਨਰ ਸੰਗਰੂਰ ਨੇ ਨਾੜ ਸਾੜਨ ਖ਼ਿਲਾਫ਼ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

**ਸੰਗਰੂਰ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਵੱਲੋਂ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਅਤੇ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਬੰਧ ਵਿੱਚ ਅੱਜ ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ ਚਾਬਾ ਵੱਲੋਂ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਵਿੱਚ ਪ੍ਰਦੂਸ਼ਣ ਵਧਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਮਨੁੱਖੀ ਸਿਹਤ 'ਤੇ ਵੀ ਨਕਾਰਾਤਮਕ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਨਾੜ ਨੂੰ ਅੱਗ ਲਗਾਉਣ ਦੀ ਬਜਾਏ ਖੇਤੀਬਾੜੀ ਮਸ਼ੀਨਰੀ ਅਤੇ ਹੋਰ ਵਿਕਲਪਕ ਤਰੀਕਿਆਂ ਰਾਹੀਂ ਇਸ ਦਾ ਸੁਚੱਜਾ ਪ੍ਰਬੰਧਨ ਕਰਨ।

ਮੁੱਖ ਖੇਤੀਬਾੜੀ ਅਫਸਰ ਸੰਗਰੂਰ ਡਾ. ਧਰਮਿੰਦਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਇਹ ਜਾਗਰੂਕਤਾ ਵੈਨਾਂ ਜ਼ਿਲ੍ਹੇ ਦੇ ਹਰੇਕ ਪਿੰਡ ਤੱਕ ਪਹੁੰਚ ਕਰਦਿਆਂ ਕਿਸਾਨਾਂ ਨੂੰ ਨਾੜ ਪ੍ਰਬੰਧਨ ਦੇ ਤਰੀਕਿਆਂ, ਸਰਕਾਰੀ ਸਕੀਮਾਂ ਅਤੇ ਨਾੜ ਸਾੜਨ ਨਾਲ ਹੋਣ ਵਾਲੇ ਨੁਕਸਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਦਾਨ ਕਰਨਗੀਆਂ।

# ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਨਿਆਂ ਪਰਿਸ਼ਦ ਫਗਵਾੜਾ ਵੱਲੋਂ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨਾਲ ਮੁਲਾਕਾਤ



**ਫਗਵਾੜਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਨਿਆਂ ਪਰਿਸ਼ਦ (ਫਗਵਾੜਾ) ਦੇ ਮੈਂਬਰ ਪ੍ਰਧਾਨ ਅਨੀਲ ਭੱਲਾ ਦੀ ਅਗਵਾਈ ਹੇਠ ਅੱਜ ਫਗਵਾੜਾ ਸੰਸਥਾ ਵੱਲੋਂ ਫਗਵਾੜਾ ਹਿਊਮਨ ਰਾਈਟਸ ਨਿਆਂ ਪਰਿਸ਼ਦ ਦੇ ਮੈਂਬਰਾਂ ਨੇ ਚੰਡੀਗੜ੍ਹ ਵਿੱਚ ਪੰਜਾਬ ਹਿਊਮਨ ਰਾਈਟਸ ਦੇ ਰਿਟਾਇਰ ਮੁੱਖ ਜਸਟਿਸ ਘੁਰਵੀਰ ਸਿੰਘ ਅਤੇ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨਾਲ ਮੁਲਾਕਾਤ ਕੀਤੀ ਅਤੇ ਸ਼ਹਿਰ ਦੇ ਆਮ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ।

ਇਸ ਮੌਕੇ ਤੇ ਸ਼ਹਿਰ ਵਿੱਚ ਟ੍ਰੈਫਿਕ ਸਮੱਸਿਆ ਨੂੰ ਲੈ ਕੇ ਕਈ ਵਾਰ ਉੱਚ ਅਧਿਕਾਰੀਆਂ ਦੇ ਸਾਹਮਣੇ ਮਸਲਾ ਉਠਾਉਣ ਦੇ ਬਾਵਜੂਦ ਵੀ ਸਮੱਸਿਆ ਜਿਉਂ ਦੀ ਤਿਉਂ ਬਣੀ ਹੋਈ ਹੈ। ਟ੍ਰੈਫਿਕ ਸਮੱਸਿਆ ਸਬੰਧੀ ਪ੍ਰਸ਼ਾਸਨ ਦੇ ਢਿੱਲੇ ਰਵੱਈਏ ਕਾਰਨ ਆਮ ਜਨਤਾ ਦੀ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ।

ਸੰਸਥਾ ਵੱਲੋਂ ਸਿਵਲ ਹਸਪਤਾਲ ਵਿੱਚ ਸਫਾਈ ਦੀਆਂ ਕਈ ਕਮੀਆਂ ਬਾਰੇ ਵੀ ਦੱਸਿਆ ਗਿਆ, ਜਿਨ੍ਹਾਂ ਦਾ ਨਿਵਾਰਨ ਕਰਨਾ ਬਹੁਤ ਜ਼ਰੂਰੀ ਹੈ। ਫਗਵਾੜਾ ਦੀ ਕਚਹਿਰੀ ਵਿੱਚ ਵੀ ਕਈ ਸਮੱਸਿਆਵਾਂ ਹਨ, ਜਿਵੇਂ ਕਿ ਵਸਤਰ ਕਮਰਾ (ਬਾਥਰੂਮ) ਦੀ ਕਮੀ ਕਾਰਨ ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਆਉਣ ਵਾਲੇ ਲੋਕਾਂ ਨੂੰ ਇਧਰ-ਉਧਰ ਭਟਕਣਾ ਪੈਂਦਾ ਹੈ।

ਹੋਰ ਵੀ ਕਈ ਕਮੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਜਸਟਿਸ ਘੁਰਵੀਰ ਸਿੰਘ ਜੀ ਅਤੇ ਜਤਿੰਦਰ ਸਿੰਘ ਸ਼ੰਟੀ ਜੀ ਨੇ ਭਰੋਸਾ ਦਿਵਾਇਆ ਕਿ ਹਰ ਸਮੱਸਿਆ ਦਾ ਹੱਲ ਸੰਭਵ ਹੈ। ਉਨ੍ਹਾਂ ਕਿਹਾ ਕਿ ਜੇ 33 ਪ੍ਰਤੀਸ਼ਤ ਵੀ ਨਿਵਾਰਨ ਹੋ ਜਾਵੇ ਤਾਂ ਕੰਮ ਨੂੰ ਸਫਲ ਮੰਨਿਆ ਜਾ ਸਕਦਾ ਹੈ। ਇਸ ਸੋਚ ਨਾਲ ਸਾਰੇ ਮੈਂਬਰਾਂ ਨੇ ਸਮਰਥਨ ਦਿੱਤਾ ਅਤੇ ਉਤਸ਼ਾਹ ਨਾਲ ਹਰ ਕੰਮ ਨੂੰ ਲੱਗਨ ਨਾਲ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਭਾਰਤੀ ਸ਼ਰਮਾ, ਸੁਮਨ ਸ਼ਰਮਾ, ਚੇਤਨਾ ਜੋਸ਼ੀ, ਸੀਮਾ ਗਾਂਧੀ, ਰਾਕੇਸ਼ ਮਰਵਾਹਾ, ਕੰਨੀਆਲਾਲਗੋਗਨਾ, ਹਰੀਸ਼ ਧੀਰ, ਇੰਦਰਜੀਤ ਸ਼ਰਮਾ, ਰਣਜੀਤ ਬੇਦੀ, ਅਮ੍ਰਿਤਪਾਲ ਸਿੰਘ, ਤਰੁਣ ਕੁਮਾਰ ਆਦਿ ਹਾਜ਼ਰ ਸਨ।

# ਜ਼ਿਲ੍ਹਾ ਮਲੇਰਕੋਟਲਾ ਵਿੱਚ ਅਧਿਆਪਕਾਂ ਦਾ ਸਨਮਾਨ ਸਮਾਰੋਹ ਆਯੋਜਿਤ



**ਮਲੇਰਕੋਟਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਮਲੇਰਕੋਟਲਾ ਮੈਡਮ ਤਰਵਿੰਦਰ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਮਨਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਕੈਡਮਿਕ ਸਪੋਰਟ ਗਰੁੱਪ ਅਤੇ ਬੀ.ਐਨ.ਓ. ਸਾਹਿਬਾਨ ਵੱਲੋਂ ਜ਼ਿਲ੍ਹਾ ਪੱਧਰੀ ਟੀਚਰ ਫੈਸਟ 2025 ਦੇ ਜੇਤੂ ਅਧਿਆਪਕਾਂ ਅਤੇ ਮਿਸ਼ਨ ਸਮਰੱਥ 3.0 ਵਿੱਚ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਸਕੂਲ ਨੋਡਲ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਇਹਨਾਂ ਵਿੱਚ ਮੈਡਮ ਵੰਦਨਾ ,ਮੈਡਮ ਮਮਤਾ ,ਸੰਦੀਪ ਕੌਰ, ਮਨਦੀਪ ਕੌਰ, ਚਰਨਪ੍ਰੀਤ ਕੌਰ, ਅਮਨਦੀਪ ਕੌਰ, ਮਨਸੁਖ ਪ੍ਰੀਤ ਕੌਰ, ਜਸਵਿੰਦਰ ਕੌਰ, ਮਨਪ੍ਰੀਤ ਕੌਰ, ਮੈਡਮ ਮੋਨਿਕਾ, ਸ੍ਰੀ ਰੋਬਿਨ ਸ਼ਰਮਾ ਅਤੇ ਸਲੀਮ ਮੁਹੰਮਦ ਸ਼ਾਮਿਲ ਹਨ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਮਾਲੇਰਕੋਟਲਾ ਵਿਖੇ ਹੋਏ ਇਸ ਸਮਾਗਮ ਵਿੱਚ ਪ੍ਰੇਰਨਾਦਾਇਕ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।

ਇਸ ਦੌਰਾਨ ਅਧਿਆਪਕਾਂ ਨੇ ਜ਼ਿਲ੍ਹੇ ਵਿੱਚ ਅਕੈਡਮਿਕ ਪ੍ਰਦਰਸ਼ਨ ਨੂੰ ਹੋਰ ਪ੍ਰਭਾਵੀ ਬਣਾਉਣ ਲਈ ਆਪਣੇ ਕੀਮਤੀ ਤਜਰਬੇ ਸਾਂਝੇ ਕੀਤੇ। ਪ੍ਰਿੰਸੀਪਲ ਸ੍ਰੀ ਸੁਧੀਰ ਕੁਮਾਰ ਜੀ ਨੇ ਖਾਸ ਤੌਰ 'ਤੇ ਪਟਿਆਲਾ ਤੋਂ ਪਹੁੰਚ ਕੇ ਸਮਾਰੋਹ ਵਿੱਚ ਸ਼ਿਰਕਤ ਕੀਤੀ ਅਤੇ ਅਧਿਆਪਕਾਂ ਨੂੰ ਆਪਣੇ ਜੀਵਨ ਦੇ ਅਨੁਭਵ ਸਾਂਝੇ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਬਲਵੰਤ ਸਿੰਘ, ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਮਲੇਰਕੋਟਲਾ ਵੱਲੋਂ ਅਧਿਆਪਕਾਂ ਨਾਲ ਵੱਖ-ਵੱਖ ਅਕੈਡਮਿਕ ਗਤੀਵਿਧੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜ਼ਿਲ੍ਹਾ ਮਲੇਰਕੋਟਲਾ ਨੂੰ ਮੋਹਰੀ ਜ਼ਿਲ੍ਹਿਆਂ ਵਿੱਚ ਸ਼ਾਮਲ ਕਰਨ ਲਈ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਗਿਆ। ਸ਼੍ਰੀ ਮੁਹੰਮਦ ਇਮਰਾਨ ਅਤੇ ਸ਼੍ਰੀ ਜ਼ਾਹਿਦ ਸ਼ਫੀਕ (ਦੋਵੇਂ ਬਲਾਕ ਨੋਡਲ ਅਫਸਰ )ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਮੌਕੇ ਤੇ ਹਾਜ਼ਰ ਸ੍ਰੀ ਮੁਹੰਮਦ ਸਾਜਿਦ ,ਸ੍ਰੀ ਹਰਕੀਰਤ ਸਿੰਘ (ਦੋਵੇਂ ਬਲਾਕ ਰਿਸੋਰਸ ਕੁਆਰਡੀਨੇਟਰ) ਅਤੇ ਸ੍ਰੀ ਜਗਸੀਰ ਸਿੰਘ ਦੇ ਨਾਂ ਵਰਣਨਯੋਗ ਹਨ।ਇਹ ਸਮਾਰੋਹ ਅਧਿਆਪਕਾਂ ਲਈ ਇੱਕ ਪ੍ਰੇਰਨਾਦਾਇਕ ਮੰਚ ਸਾਬਤ ਹੋਇਆ, ਜਿਸ ਨਾਲ ਉਹਨਾਂ ਵਿੱਚ ਨਵੀਂ ਉਰਜਾ ਅਤੇ ਉਤਸ਼ਾਹ ਪੈਦਾ ਹੋਇਆ।

# ਸਿਹਤ ਮੰਤਰੀ ਵਲੋਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਰਾਜ ਪੱਧਰੀ ਮੁਹਿੰਮ ਦੀ ਪਟਿਆਲਾ ਤੋਂ ਸ਼ੁਰੂਆਤ

**ਪਟਿਆਲਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਬਾਜਵਾ ਕਲੋਨੀ ਵਿਖੇ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਆਯੋਜਿਤ ਜਨ ਸਿਹਤ ਜਾਗਰੂਕਤਾ ਅਤੇ ਬਿਮਾਰੀ ਰੋਕਥਾਮ ਮੁਹਿੰਮ ਦੀ ਸ਼ੁਰੂਆਤ ਪਟਿਆਲਾ ਤੋਂ ਕੀਤੀ। ਇਹ ਮੁਹਿੰਮ ਖਾਸ ਤੌਰ 'ਤੇ ਡੇਂਗੂ ਅਤੇ ਪੀਣ ਵਾਲੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਨੂੰ ਕਾਬੂ ਕਰਨ 'ਤੇ ਕੇਂਦਰਿਤ ਹੈ।

ਇਸ ਮੌਕੇ ਸਿਹਤ ਮੰਤਰੀ ਨੇ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਡੇਂਗੂ ਵਰਗੀ ਖ਼ਤਰਨਾਕ ਬਿਮਾਰੀ ਤੋਂ ਬਚਾਅ ਲਈ ਲੋਕਾਂ ਦੀ ਸਾਂਝੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਡੇਂਗੂ



ਅਤੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਰਾਜ ਪੱਧਰੀ ਵਿਸ਼ੇਸ਼ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਦੇ ਤਹਿਤ ਜਾਗਰੂਕਤਾ, ਨਿਗਰਾਨੀ ਅਤੇ ਤੁਰੰਤ ਇਲਾਜ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਡਾ ਬਲਬੀਰ ਸਿੰਘ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਫ਼-ਸੁਥਰਾ ਮਾਹੌਲ ਹੀ ਤੰਦਰੁਸਤ ਜੀਵਨ ਦੀ ਬੁਨਿਆਦ ਹੈ। ਉਨ੍ਹਾਂ ਅਪੀਲ ਕੀਤੀ ਕਿ ਘਰਾਂ ਅਤੇ ਆਲੇ-ਦੁਆਲੇ ਖੜ੍ਹਾ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ, ਕਿਉਂਕਿ ਇਹ ਮੱਛਰਾਂ ਦੀ ਪੈਦਾਵਾਰ ਦਾ ਸਭ ਤੋਂ ਵੱਡਾ ਕਾਰਨ ਬਣਦਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਪਾਣੀ ਵਾਲੇ ਬਰਤਨਾਂ ਨੂੰ ਢੱਕ ਕੇ ਰੱਖਣਾ, ਟੈਂਕੀਆਂ ਦੀ ਸਫਾਈ ਕਰਨਾ ਅਤੇ ਆਲੇ-ਦੁਆਲੇ ਸਫਾਈ ਬਣਾਈ ਰੱਖਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਪੀਣ ਵਾਲੇ ਪਾਣੀ ਦੀ ਸਫਾਈ 'ਤੇ ਖਾਸ ਧਿਆਨ ਦਿੱਤਾ ਜਾਵੇ, ਕਿਉਂਕਿ ਗੰਦਾ ਪਾਣੀ ਕਈ ਗੰਭੀਰ ਬਿਮਾਰੀਆਂ ਨੂੰ ਜਨਮ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਾਗਰੂਕਤਾ ਮੁਹਿੰਮਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਹਰ ਵਿਅਕਤੀ ਆਪਣੇ ਅਤੇ ਆਪਣੇ ਪਰਿਵਾਰ ਦੀ ਸਿਹਤ ਦੀ ਸੰਭਾਲ ਕਰ ਸਕੇ।

ਇਸ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਲੋਕਾਂ ਨੂੰ ਡੇਂਗੂ ਦੇ ਲੱਛਣਾਂ, ਬਚਾਅ ਦੇ ਤਰੀਕਿਆਂ ਅਤੇ ਸਮੇਂ 'ਤੇ ਇਲਾਜ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਮੁਹਿੰਮ ਦੇ ਤਹਿਤ ਘਰ-ਘਰ ਜਾ ਕੇ ਵੀ ਜਾਗਰੂਕਤਾ ਫੈਲਾਈ ਗਈ ਹੈ।

ਅੰਤ ਵਿੱਚ ਸਿਹਤ ਮੰਤਰੀ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਆਓ ਮਿਲ ਕੇ ਪੰਜਾਬ ਦੇ ਹਰ ਘਰ ਤੱਕ ਸਿਹਤ ਜਾਗਰੂਕਤਾ ਪਹੁੰਚਾਈਏ ਅਤੇ ਸਾਫ਼-ਸੁਥਰੇ ਤੇ ਤੰਦਰੁਸਤ ਪੰਜਾਬ ਦੀ ਨੀਂਹ ਹੋਰ ਮਜ਼ਬੂਤ ਕਰੀਏ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਬਿਮਾਰੀਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ ਅਤੇ ਇੱਕ ਸਿਹਤਮੰਦ ਸਮਾਜ ਦੀ ਰਚਨਾ ਸੰਭਵ ਹੈ। ਇਸ ਮੌਕੇ ਐਸ ਡੀ ਐਮ ਹਰਜੋਤ ਕੌਰ ਡਾ ਸ਼ੈਲੀ ਜੇਟਲੀ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ ਸੁਮੀਤ ਸਿੰਘ, ਐਸ ਐਮ ਓ ਡਾ ਪਰਨੀਤ ਕੌਰ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

# ਵਿਧਾਇਕ ਦੇਵ ਮਾਨ ਨੇ ਪਿੰਡ ਮਾਂਗੇਵਾਲ ਦੇ ਸਕੂਲ ਵਿੱਚ ਸਾਇੰਸ ਲੈਬ ਦਾ ਕੀਤਾ ਉਦਘਾਟਨ



**ਨਾਭਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਸਿੱਖਿਆ ਨੂੰ ਉੱਚਾ ਚੁੱਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਹਨ ਜਿਸ ਤਹਿਤ ਸਿੱਖਿਆ ਕ੍ਰਾਂਤੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਪੰਜਾਬ ਦੇ ਸਕੂਲਾਂ ਨੂੰ ਸਰਕਾਰ ਵੱਲੋਂ ਲਗਾਤਾਰ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਜਿਸ ਨਾਲ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਵੱਲੋਂ ਹਲਕਾ ਨਾਭਾ ਦੇ ਪਿੰਡ ਮਾਂਗੇਵਾਲ ਦੇ ਸ਼ਹੀਦ ਸੰਦੀਪ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਇੰਸ ਲੈਬ ਦਾ ਉਦਘਾਟਨ ਕਰਨ ਉਪਰੰਤ ਕੀਤਾ ਉਹਨਾਂ ਦੱਸਿਆ ਕਿ ਸਕੂਲ ਵਿੱਚ ਨਵੀਂ ਸਾਇੰਸ ਲੈਬ ਬਣਾਈ ਗਈ ਉਅਤੇ ਕਲਾਸਾਂ ਵਿੱਚ ਅਤੇ ਟੀ ਵੀ ਪੈਨਲ ਲਗਾਏ ਗਏ ਹਨ ਆਉਂਣ ਵਾਲੇ ਦਿਨਾਂ ਵਿੱਚ ਇਸ ਸਕੂਲ ਵਿੱਚ ਕੰਮਾਂ ਲਈ ਹੋਰ ਗ੍ਰਾਂਟ ਜਾਰੀ ਕੀਤੀ ਜਾਵੇਗੀ ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ , ਪ੍ਰੀਤਿੰਦਰ ਸਿੰਘ ਘਈ ਡੀ ਡੀ ਓ , ਹਰਪ੍ਰੀਤ ਕੌਰ ਸਕੂਲ ਇੰਚਾਰਜ , ਮਾਸਟਰ ਅਮਰੀਕ ਸਿੰਘ , ਭੁਪਿੰਦਰ ਸਿੰਘ ਕੱਲਰ ਮਾਜਰੀ ਵਾਈਸ ਚੇਅਰਮੈਨ , ਪਰਗਟ ਸਿੰਘ , ਰਣਬੀਰ ਸਿੰਘ ਕਾਲਾ , ਅੰਮ੍ਰਿਤਪਾਲ ਸਿੰਘ , ਸਿਮਰਨ ਅੜਕ ਚੌਹਾਨ , ਸਕੂਲ ਸਟਾਫ , ਵਿਦਿਆਰਥੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਐਲ-ਕਾਰਨੀਟਾਈਨ ਅਤੇ ਗ੍ਰੀਨ ਟੀ ਤੁਹਾਡੀ ਰੋਜ਼ਾਨਾ ਜੀਵਨ ਸ਼ੈਲੀ ਵਿੱਚ ਚਰਬੀ ਨੂੰ ਸਾੜਨ ਵਿੱਚ ਕਿਵੇਂ ਮਦਦ ਕਰਦੇ ਹਨ

**ਲੁਧਿਆਣਾ, 20 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਐਲ-ਕਾਰਨੀਟਾਈਨ ਇੱਕ ਵਿਲੱਖਣ ਪੌਸ਼ਟਿਕ ਤੱਤ ਹੈ ਜੋ ਸਰੀਰ ਨੂੰ ਊਰਜਾ ਪੈਦਾ ਕਰਨ ਵਿੱਚ ਮਦਦ ਕਰਦਾ ਹੈ। ਇਹ ਫੈਟੀ ਐਸਿਡ ਨੂੰ ਸਰੀਰ ਦੇ ਸੈੱਲਾਂ (ਮਾਈਟੋਕੌਂਡਰੀਆ) ਵਿੱਚ ਪਹੁੰਚਾਉਂਦਾ ਹੈ ਤਾਂ ਜੋ ਚਰਬੀ ਨੂੰ ਊਰਜਾ ਵਜੋਂ ਵਰਤਿਆ ਜਾ ਸਕੇ। ਇਹ ਦੁੱਧ ਵਰਗੇ ਡੇਅਰੀ ਉਤਪਾਦਾਂ ਵਿੱਚ ਪਾਇਆ ਜਾਂਦਾ ਹੈ, ਅਤੇ ਸਾਡੇ ਸਰੀਰ ਇਸਨੂੰ ਅਮੀਨੋ ਐਸਿਡ ਲਾਈਸਿਨ ਅਤੇ ਮੈਥੀਓਨਾਈਨ ਤੋਂ ਵੀ ਖੁਦ ਬਣਾਉਂਦੇ ਹਨ।

ਵਿਗਿਆਨਕ ਖੋਜ ਸੁਝਾਅ ਦਿੰਦੀ ਹੈ ਕਿ ਜੇਕਰ ਤੁਸੀਂ ਸਹੀ ਖਾਂਦੇ ਹੋ ਅਤੇ ਕਸਰਤ ਕਰਦੇ ਹੋ, ਤਾਂ ਐਲ-ਕਾਰਨੀਟਾਈਨ ਸਰੀਰ ਦੀ ਚਰਬੀ ਨੂੰ ਘਟਾਉਣ ਵਿੱਚ ਮਦਦ ਕਰਦਾ ਹੈ। ਇਸਨੂੰ ਗ੍ਰੀਨ ਟੀ ਨਾਲ ਮਿਲਾਉਣਾ ਤੁਹਾਡੇ ਭਾਰ ਨੂੰ ਪ੍ਰਬੰਧਿਤ ਕਰਨ ਦਾ ਇੱਕ ਸਧਾਰਨ ਅਤੇ ਪ੍ਰਭਾਵਸ਼ਾਲੀ ਤਰੀਕਾ ਹੈ।

ਇਸ ਨੂੰ ਧਿਆਨ ਵਿੱਚ ਰੱਖਦੇ ਹੋਏ, ਟੈਟਲੀ ਗ੍ਰੀਨ ਟੀ ਸਲਿਮ ਕੇਅਰ ਵਿਸ਼ੇਸ਼ ਤੌਰ 'ਤੇ ਐਲ-ਕਾਰਨੀਟਾਈਨ ਨਾਲ ਤਿਆਰ ਕੀਤਾ ਗਿਆ ਹੈ।

# ਨਿਊਜ਼-ਪੇਪਰ ਹਾਕਰ ਤੋਂ ਲੈ ਕੇ ਡਾਇਰੈਕਟਰ ਲੋਕ ਸੰਪਰਕ ਤੱਕ : ਡਾ. ਖੋਖਰ ਦਾ ਪ੍ਰੇਰਨਾਦਾਇਕ ਸਫ਼ਰ

**ਕੌਮੀ ਪਤ੍ਰਿਕਾ**

ਪਟਿਆਲਾ 20 ਅਪ੍ਰੈਲ। ਡਾ. ਹਰਮਿੰਦਰ ਸਿੰਘ ਖੋਖਰ ਦਾ ਪਟਿਆਲਾ ਸ਼ਹਿਰ ਦੀਆਂ ਗਲੀਆਂ ਵਿਚ ਅਖ਼ਬਾਰ ਵੇਚਣ ਤੋਂ ਲੈ ਕੇ ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟਰ ਲੋਕ ਸੰਪਰਕ ਬਣਨ ਤੱਕ ਦਾ ਸਫ਼ਰ ਦ੍ਰਿੜ ਇਰਾਦੇ, ਸਖ਼ਤ ਮਿਹਨਤ ਅਤੇ ਭਾਈਚਾਰਕ ਸਾਂਝ ਦਾ ਪ੍ਰਮਾਣ ਹੈ। ਗਰੀਬੀ ਅਤੇ ਕਈ ਚੁਣੌਤੀਆਂ ਦੇ ਬਾਵਜੂਦ ਉਹ ਅਕਾਦਮਿਕ ਉੱਤਮਤਾ ਅਤੇ ਸਮਾਜਿਕ ਵਚਨਬੱਧਤਾ ਦੇ ਇਕ ਚਾਨਣ ਮੁਨਾਰੇ ਵਜੋਂ ਉੱਭਰੇ। ਆਪਣੀ ਪੜ੍ਹਾਈ ਦਾ ਖ਼ਰਚਾ ਚੁੱਕਣ ਲਈ ਪਟਿਆਲਾ ਦੀਆਂ ਸੜਕਾਂ 'ਤੇ ਅਖ਼ਬਾਰਾਂ ਵੇਚਣ ਵਾਲੇ (ਹਾਕਰ) ਨਿਊਜ਼-ਪੇਪਰ ਹਾਕਰ ਤੋਂ ਕੈਰੀਅਰ ਦੀ ਸ਼ੁਰੂਆਤ ਕਰਨ ਵਾਲੇ ਡਾ. ਖੋਖਰ ਦੀ ਡਾਇਰੈਕਟਰ ਲੋਕ ਸੰਪਰਕ ਵਜੋਂ ਨਿਯੁਕਤੀ ਨੂੰ ਮਹਿਜ਼ ਇਕ ਪ੍ਰਸ਼ਾਸਨਿਕ ਪ੍ਰਾਪਤੀ ਦੀ ਬਜਾਏ ਮਿਹਨਤ ਅਤੇ ਉਮਰ ਭਰ ਸਿੱਖਣ ਦੇ ਜਜ਼ਬੇ ਦੀ ਜਿੱਤ ਦਾ ਇਕ ਸ਼ਕਤੀਸ਼ਾਲੀ ਸਬੂਤ ਅਤੇ ਹੋਰਨਾਂ ਲਈ ਪ੍ਰੇਰਣਾ ਸਰੋਤ ਵਜੋਂ ਵੇਖਿਆ ਜਾ ਰਿਹਾ ਹੈ। ਡਾ. ਹਰਮਿੰਦਰ ਸਿੰਘ ਖੋਖਰ ਆਪਣੇ ਸ਼ੁਰੂਆਤੀ ਦਿਨਾਂ ਦੇ ਨਿਮਾਣੇ ਪਹਿਲੂ ਨੂੰ ਬੜੇ ਮਾਣ ਨਾਲ਼ ਸਾਂਝਾ ਕਰਦੇ ਹਨ। ਉਹ ਬੇਬਾਕੀ ਨਾਲ਼ ਆਖਦੇ ਹਨ ਕਿ ਉਹ ਉਨ੍ਹਾਂ ਵਿਚੋਂ ਨਹੀਂ ਜੋ 'ਵੱਡੇ' ਬਣ ਕੇ ਆਪਣੇ ਅਜਿਹੇ ਸਮਿਆਂ ਨੂੰ ਨਜ਼ਰਅੰਦਾਜ਼ ਹੀ ਕਰ ਦੇਣ। ਡਾ. ਖੋਖਰ ਦੱਸਦੇ ਹਨ ਕਿ ਉਸ ਦੌਰ ਵਿਚ ਜਦੋਂ ਅਖ਼ਬਾਰ ਹੀ ਸੂਚਨਾ ਦਾ ਮੁੱਖ ਸੋਮਾ ਹੁੰਦੇ ਸਨ ਤਾਂ ਉਹ ਆਪਣੀ ਨੌਜਵਾਨੀ ਦੇ ਦਿਨਾਂ ਵਿਚ ਰੋਜ਼ਾਨਾ ਸਵੇਰੇ ਸਾਈਕਲ 'ਤੇ ਅਖ਼ਬਾਰਾਂ ਦੇ ਬੰਡਲ ਲੱਦ ਕੇ ਜਾਂ ਪੈਦਲ ਹੀ ਗਲੀਆਂ ਵਿਚ ਹੋ ਕੇ ਦਿੰਦੇ ਹੋਏ ਪਾਠਕਾਂ ਤੱਕ ਖ਼ਬਰਾਂ ਪਹੁੰਚਾਉਂਦੇ ਸਨ। ਉਨ੍ਹਾਂ ਦਾ ਮੰਨਣਾ ਹੈ ਕਿ ਪ੍ਰਿੰਟ ਮੀਡੀਆ ਦੀ ਦੁਨੀਆ ਦਾ ਇਹ ਤਜਰਬਾ ਉਨ੍ਹਾਂ ਲਈ ਸਿਰਫ਼ ਕੰਮ ਨਹੀਂ ਸੀ, ਸਗੋਂ ਇਹ ਉਹ ਚੰਗਿਆੜੀ ਸਾਬਤ ਹੋਇਆ ਜਿਸ ਨੇ ਉਨ੍ਹਾਂ ਅੰਦਰ ਪੱਤਰਕਾਰੀ ਅਤੇ ਜਨ-ਸੰਚਾਰ ਲਈ ਜੀਵਨ ਭਰ ਦਾ ਜਨੂੰਨ ਪੈਦਾ ਕਰ ਦਿੱਤਾ। ਡਾ. ਖੋਖਰ ਦੱਸਦੇ ਹਨ ਕਿ ਉਨ੍ਹਾਂ ਦੇ ਸਫ਼ਰ ਦੀ ਸ਼ੁਰੂਆਤ ਪਟਿਆਲਾ ਦੀਆਂ ਉਨ੍ਹਾਂ ਗਲੀਆਂ ਤੋਂ ਹੋਈ ਹੈ, ਜਿੱਥੇ ਉਨ੍ਹਾਂ ਨੇ ਸਰਕਾਰੀ ਹਾਈ ਸਕੂਲ, ਗਾਂਧੀ ਨਗਰ ਤੋਂ ਆਪਣੀ ਮੁੱਢਲੀ ਸਿੱਖਿਆ ਪੂਰੀ ਕੀਤੀ। ਇਤਿਹਾਸ ਅਤੇ ਗਿਆਨ ਪ੍ਰਤੀ ਡੂੰਘੀ ਰੁਚੀ ਸਦਕਾ ਉਨ੍ਹਾਂ ਨੇ ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਤੋਂ ਬੀ.ਏ. (ਆਨਰਜ਼) ਅਤੇ ਐਮ.ਏ. (ਇਤਿਹਾਸ) ਦੀ ਡਿਗਰੀ ਹਾਸਲ ਕੀਤੀ। ਇੱਥੇ ਹੀ ਬੱਸ ਨਹੀਂ, ਉਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਤੋਂ ਕਾਨੂੰਨ (ਐੱਲ-ਐੱਲ.ਬੀ.) ਦੀ ਪੜ੍ਹਾਈ ਵੀ ਕੀਤੀ, ਜਿਸ ਨੇ ਉਨ੍ਹਾਂ ਦੇ ਬਹੁ-ਪੱਖੀ ਕਰੀਅਰ ਦੀ ਮਜ਼ਬੂਤ ਨੀਂਹ ਰੱਖੀ। ਡਾ. ਖੋਖਰ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਅਸਲੀ ਪਛਾਣ ਪੱਤਰਕਾਰੀ ਅਤੇ ਜਨ-ਸੰਚਾਰ ਦੀ ਦੁਨੀਆ ਵਿਚ ਮਿਲੀ। ਪੁਰਾਣੇ ਦਿਨਾਂ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਉਹ ਸਾਲ 1993 ਦਾ ਉਹ ਸਮਾਂ ਬੜੇ ਮਾਣ ਨਾਲ਼ ਯਾਦ ਕਰਦੇ ਹਨ ਜਦੋਂ ਉਨ੍ਹਾਂ ਬਹੁਤ ਛੋਟੀ ਉਮਰ ਵਿਚ ਪੰਜਾਬੀ ਹਫ਼ਤਾਵਾਰੀ ਅਖ਼ਬਾਰ 'ਖੋਖਰ ਦੀ ਆਵਾਜ਼' ਸ਼ੁਰੂ ਕਰਨ ਦਾ ਦਲੇਰਾਨਾ ਕਦਮ ਚੁੱਕਿਆ ਅਤੇ ਇਸ ਦੇ ਸੰਪਾਦਕ, ਛਾਪਕ ਅਤੇ ਪ੍ਰਕਾਸ਼ਕ ਵਜੋਂ ਸੇਵਾ ਨਿਭਾਈ। ਉਹ ਫ਼ਖ਼ਰ ਨਾਲ਼ ਦੱਸਦੇ ਹਨ ਕਿ ਸਾਲ 1998 ਵਿਚ ਉਨ੍ਹਾਂ ਦੀ ਪ੍ਰਤਿਭਾ ਅਤੇ ਸਖ਼ਤ ਮਿਹਨਤ ਨੂੰ ਉਸ ਸਮੇਂ ਰਾਸ਼ਟਰੀ ਪੱਧਰ 'ਤੇ ਮਾਨਤਾ ਮਿਲੀ ਜਦੋਂ ਉਨ੍ਹਾਂ ਨੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦੀ ਵੱਕਾਰੀ ਪ੍ਰੀਖਿਆ ਪਾਸ ਕੀਤੀ ਅਤੇ ਭਾਰਤੀ ਸੂਚਨਾ ਸੇਵਾ (ਆਈ. ਆਈ. ਐੱਸ.-98 ਬੈਚ) ਵਿਚ ਸ਼ਾਮਲ ਹੋਏ। ਉਨ੍ਹਾਂ ਨੇ ਭਾਰਤ ਸਰਕਾਰ ਦੇ ਪ੍ਰੈੱਸ ਇਨਫਰਮੇਸ਼ਨ ਬਿਊਰੋ (ਪੀ. ਆਈ. ਬੀ.) ਵਿਚ ਸ਼ਾਨਦਾਰ



ਸੇਵਾਵਾਂ ਦਿੱਤੀਆਂ, ਜਿੱਥੇ ਉਨ੍ਹਾਂ ਨੇ ਰਾਸ਼ਟਰੀ ਪੱਧਰ ਦੇ ਸੰਚਾਰ ਅਤੇ ਜਨਤਕ ਮਾਮਲਿਆਂ ਵਿੱਚ ਬਹੁਮੁੱਲਾ ਤਜਰਬਾ ਹਾਸਲ ਕੀਤਾ। ਡਾ. ਖੋਖਰ ਦੱਸਦੇ ਹਨ ਕਿ ਅਜਿਹੀਆਂ ਕੌਮੀ ਪੱਧਰ ਦੀਆਂ ਪ੍ਰਾਪਤੀਆਂ ਦੇ ਬਾਵਜੂਦ, ਉਨ੍ਹਾਂ ਦਾ ਦਿਲ ਹਮੇਸ਼ਾ ਆਪਣੀਆਂ ਜੜ੍ਹਾਂ ਨਾਲ ਜੁੜਿਆ ਰਿਹਾ। ਉਨ੍ਹਾਂ ਨੇ ਸਾਲ 2001 ਵਿਚ ਆਪਣੀ ਮਾਂ-ਸੰਸਥਾ ਦੀ ਸੇਵਾ ਕਰਨ ਲਈ ਅਕਾਦਮਿਕ ਖੇਤਰ ਵਿਚ ਵਾਪਸ ਆਉਣ ਦਾ ਫੈਸਲਾ ਕੀਤਾ ਅਤੇ ਪੰਜਾਬੀ ਯੂਨੀਵਰਸਿਟੀ ਵਿਚ ਸਹਾਇਕ ਲੋਕ ਸੰਪਰਕ ਅਧਿਕਾਰੀ ਵਜੋਂ ਸ਼ਾਮਲ ਹੋਏ। ਇੱਥੇ ਉਹ ਸਾਲਾਂ ਦੌਰਾਨ ਆਪਣੀ ਦ੍ਰਿੜਤਾ ਅਤੇ ਲਗਾਤਾਰ ਬਿਹਤਰ ਪ੍ਰਦਰਸ਼ਨ ਸਦਕਾ ਲਗਾਤਾਰ ਤਰੱਕੀ ਕਰਦੇ ਗਏ। ਉਹ 2014 ਵਿਚ ਇੱਥੇ ਲੋਕ ਸੰਪਰਕ ਅਧਿਕਾਰੀ ਬਣੇ ਅਤੇ ਯੂਨੀਵਰਸਿਟੀ ਸਾਇੰਸ ਇੰਸਟਰੂਮੈਂਟੇਸ਼ਨ ਸੈਂਟਰ ਦੇ ਇੰਚਾਰਜ ਵਜੋਂ ਵਾਧੂ ਜ਼ਿੰਮੇਵਾਰੀ ਵੀ ਨਿਭਾਈ। ਉਹ ਦੱਸਦੇ ਹਨ ਕਿ ਉਨ੍ਹਾਂ ਦਾ ਅਕਾਦਮਿਕ ਸਫ਼ਰ ਕਦੇ ਨਹੀਂ ਰੁਕਿਆ। ਗਿਆਨ ਦੀ ਅਥਾਹ ਪਿਆਸ ਸਦਕਾ ਉਨ੍ਹਾਂ ਨੇ ਉੱਤਰੀ ਭਾਰਤ ਦੀਆਂ ਪ੍ਰਮੁੱਖ ਸੰਸਥਾਵਾਂ ਤੋਂ ਉੱਚ ਡਿਗਰੀਆਂ ਹਾਸਲ ਕੀਤੀਆਂ। ਗੁਰੂ ਜੰਬੇਸ਼ਵਰ ਯੂਨੀਵਰਸਿਟੀ ਆਫ਼ ਸਾਇੰਸ ਐਂਡ ਟੈਕਨਾਲੋਜੀ, ਹਿਸਾਰ ਤੋਂ ਮਾਸਟਰ ਆਫ਼ ਜਰਨਲਿਜ਼ਮ; ਚੌਧਰੀ ਦੇਵੀ ਲਾਲ ਯੂਨੀਵਰਸਿਟੀ, ਸਿਰਸਾ ਤੋਂ ਐਮ.ਫਿਲ. ਅਤੇ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਤੋਂ ਪੀਐੱਚ.ਡੀ. ਦੀ ਡਿਗਰੀ ਹਾਸਿਲ ਕੀਤੀ। ਅਖ਼ਬਾਰਾਂ, ਸਰਕਾਰੀ ਸੇਵਾਵਾਂ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਵਿਚ 33 ਸਾਲਾਂ ਦਾ ਵਿਸ਼ਾਲ ਤਜਰਬਾ ਰੱਖਣ ਵਾਲੇ ਡਾ. ਖੋਖਰ ਇਕ ਸੱਚੇ ਸਿਖਿਆਰਥੀ ਅਤੇ ਸਮਰਪਿਤ ਲੋਕ ਸੇਵਕ ਦੀ ਮਿਸਾਲ ਹਨ। ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਕਿਹਾ ਕਿ ਸੰਸਥਾਵਾਂ ਨੂੰ ਤਰੱਕੀ ਲਈ ਹਮੇਸ਼ਾ ਕਾਬਲ ਅਤੇ ਤਜਰਬੇਕਾਰ ਅਧਿਕਾਰੀਆਂ ਦੀ ਅਗਵਾਈ ਦੀ ਲੋੜ ਹੁੰਦੀ ਹੈ ਅਤੇ ਮੁੱਖ ਅਹੁਦਿਆਂ 'ਤੇ ਸਮਰੱਥ ਅਧਿਕਾਰੀਆਂ ਦਾ ਹੋਣਾ ਲਾਜ਼ਮੀ ਹੈ। ਡਾ. ਹਰਮਿੰਦਰ ਸਿੰਘ ਖੋਖਰ ਦਾ ਇਹ ਸਫ਼ਰ, ਜੋ ਇਕ ਸਥਾਨਕ ਅਖ਼ਬਾਰ ਦੀ ਸੰਪਾਦਨਾ ਤੋਂ ਲੈ ਕੇ ਭਾਰਤੀ ਸੂਚਨਾ ਸੇਵਾ ਰਾਹੀਂ ਦੇਸ਼ ਦੀ ਸੇਵਾ ਕਰਨ ਅਤੇ ਹੁਣ ਪੰਜਾਬ ਦੀ ਇਕ ਪ੍ਰਮੁੱਖ ਯੂਨੀਵਰਸਿਟੀ ਵਿਚ ਸੰਚਾਰ ਵਿਭਾਗ ਦੀ ਅਗਵਾਈ ਕਰਨ ਤੱਕ ਪੁੱਜਿਆ, ਇਸ ਗੱਲ ਦੀ ਢੁਕਵੀਂ ਮਿਸਾਲ ਹੈ ਕਿ ਨਿਰੰਤਰ ਮਿਹਨਤ, ਸਿੱਖਿਆ ਅਤੇ ਆਪਣੀਆਂ ਜੜ੍ਹਾਂ ਪ੍ਰਤੀ ਵਫ਼ਾਦਾਰੀ ਨਾਲ ਕੀ ਕੁਝ ਹਾਸਲ ਕੀਤਾ ਜਾ ਸਕਦਾ ਹੈ। ਡਾ. ਖੋਖਰ ਦਾ ਕਹਿਣਾ ਹੈ ਕਿ ਅੱਜ ਦੇ ਅਜਿਹੇ ਦੌਰ ਵਿੱਚ ਅਕਸਰ ਰਾਤੋ-ਰਾਤ ਮਿਲਣ ਵਾਲੀ ਸਫਲਤਾ ਨੂੰ ਵਡਿਆਇਆ ਜਾਂਦਾ ਹੈ, ਪਰ ਉਨ੍ਹਾਂ ਦੇ ਹੱਡੀਂ ਹੰਢਾਏ ਸਫ਼ਰ ਦੀ ਕਹਾਣੀ ਇਸ ਗੱਲ ਦਾ ਪ੍ਰਮਾਣ ਹੈ ਕਿ ਕਦਮ-ਦਰ-ਕਦਮ, ਡਿਗਰੀ-ਦਰ-ਡਿਗਰੀ ਅਤੇ ਚੁਣੌਤੀਆਂ ਦਾ ਸਾਹਮਣਾ ਕਰ ਕੇ ਹੀ ਅਸਲ ਮਹਾਨਤਾ ਬਣਦੀ ਹੈ।

## ਲੁਧਿਆਣਾ 'ਚ ਫਿਰ ਜਬਰੀ ਵਸੂਲੀ ਦੀ ਦਹਿਸ਼ਤ, ਗੈਂਗਸਟਰ ਡੱਲਾ ਦੇ ਨਾਮ 'ਤੇ ਪਰਿਵਾਰ ਨੂੰ ਮਿਲੀਆਂ ਧਮਕੀਆਂ

ਲੁਧਿਆਣਾ 20 ਅਪ੍ਰੈਲ। ਸ਼ਹਿਰ 'ਚ ਇੱਕ ਵਾਰ ਫਿਰ ਗੈਂਗਸਟਰਾਂ ਦੇ ਨਾਮ 'ਤੇ ਜਬਰੀ ਵਸੂਲੀ ਅਤੇ ਧਮਕੀਆਂ ਦੀ ਲਹਿਰ ਸ਼ੁਰੂ ਹੋ ਗਈ ਹੈ, ਜਿਸ ਨਾਲ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਤਾਜ਼ਾ ਘਟਨਾ ਸਰਾਭਾ ਨਗਰ ਪੁਲਸ ਸਟੇਸ਼ਨ ਦੇ ਅਧਿਕਾਰ ਖੇਤਰ ਅਧੀਨ ਆਉਂਦੇ ਬਡੇਵਾਲ ਖੇਤਰ ਵਿੱਚ ਵਾਪਰੀ, ਜਿੱਥੇ ਬਦਨਾਮ ਗੈਂਗਸਟਰ ਅਰਸ਼ ਡੱਲਾ ਦਾ ਕਰੀਬੀ ਸਾਥੀ ਹੋਣ ਦਾ ਦਾਅਵਾ ਕਰਨ ਵਾਲੇ ਇੱਕ ਅਣਪਛਾਤੇ ਵਿਅਕਤੀ ਨੇ ਇੱਕ ਪਰਿਵਾਰ ਨੂੰ ਜਨਤਕ ਤੌਰ 'ਤੇ ਧਮਕੀਆਂ ਦਿੱਤੀਆਂ। ਇਸ ਮਾਮਲੇ 'ਚ ਪੀੜਤਾਂ ਤਕਦੀਰ ਸਿੰਘ ਅਤੇ ਕੁਲਦੀਪ ਸਿੰਘ ਦੀ ਸ਼ਿਕਾਇਤ ਦੇ ਆਧਾਰ 'ਤੇ, ਪੁਲਸ ਨੇ ਅਣਪਛਾਤੇ ਮੁਲਜ਼ਮਾਂ ਵਿਰੁੱਧ ਆਈਪੀਸੀ ਦੀ ਧਾਰਾ 351(2) ਅਤੇ ਆਈਟੀ ਐਕਟ ਦੀ ਧਾਰਾ 66 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਸਾਈਬਰ ਸੈੱਲ ਦੀ ਮਦਦ ਨਾਲ, ਵਿਦੇਸ਼ੀ ਨੰਬਰ ਅਤੇ ਫੇਸਬੁੱਕ ਅਕਾਊਂਟ ਦੇ ਵੇਰਵਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਬਡੇਵਾਲ ਦੇ ਵਸਨੀਕ ਪੀੜਤਾਂ ਨੇ ਪੁਲਸ ਨੂੰ ਦੱਸਿਆ ਕਿ ਮੁਲਜ਼ਮਾਂ ਨੇ ਪਹਿਲਾਂ ਫੇਸਬੁੱਕ 'ਤੇ ਲਾਈਵ ਹੋ ਕੇ ਉਨ੍ਹਾਂ ਦੇ ਪਰਿਵਾਰ ਨੂੰ ਧਮਕੀ ਦਿੱਤੀ ਅਤੇ ਫਿਰ ਸਥਿਤੀ ਉਦੋਂ ਵਿਗੜ ਗਈ ਜਦੋਂ ਉਨ੍ਹਾਂ ਨੂੰ 17 ਅਪ੍ਰੈਲ ਨੂੰ ਇੱਕ ਵਿਦੇਸ਼ੀ ਨੰਬਰ ਤੋਂ ਵਟਸਐਪ ਕਾਲ ਆਈ। ਇਹ ਕਾਲ, ਜੋ ਕਿ ਇੱਕ ਪਾਕਿਸਤਾਨੀ ਕੋਡ ਨੰਬਰ (+92-3061335479) ਤੋਂ ਆਈ ਸੀ, ਨੇ ਲਗਭਗ 1 ਮਿੰਟ ਅਤੇ 11 ਸਕਿੰਟ ਤੱਕ ਧਮਕੀ ਦਿੱਤੀ। ਇਹ ਧਿਆਨ ਦੇਣ ਯੋਗ ਹੈ ਕਿ ਅਰਸ਼ ਡੱਲਾ ਕੋਈ ਆਮ ਨਾਮ ਨਹੀਂ ਹੈ, ਕੇਂਦਰੀ ਜਾਂਚ ਬਿਊਰੋ (©91) ਨੇ ਉਸਨੂੰ 2022 ਵਿੱਚ ਅੱਤਵਾਦੀ ਘੋਸ਼ਿਤ ਕੀਤਾ ਸੀ। ਡੱਲਾ ਦੇ ਗਿਰੋਹ, ਜਿਸ ਦਾ ਨਾਮ ਦੇਸ਼ ਭਰ ਵਿੱਚ 70 ਤੋਂ ਵੱਧ ਗੰਭੀਰ ਮਾਮਲਿਆਂ ਵਿੱਚ ਹੈ, ਦੇ 300 ਤੋਂ ਵੱਧ ਸਰਗਰਮ ਮੈਂਬਰ ਹਨ। ਪੁਲਸ ਦੇ ਸਾਹਮਣੇ ਵੱਡੀ ਚੁਣੌਤੀ ਇਹ ਨਿਰਧਾਰਤ ਕਰਨਾ ਹੈ ਕਿ ਕੀ ਇਹ ਕਾਲ ਅਸਲ ਵਿੱਚ ਡੱਲਾ ਗਿਰੋਹ ਨਾਲ ਜੁੜੀ ਹੋਈ ਹੈ ਜਾਂ ਕੀ ਕੋਈ ਬਦਮਾਸ਼ ਲੁਧਿਆਣਾ ਦੇ ਕਾਰੋਬਾਰੀਆਂ ਅਤੇ ਅਮੀਰ ਪਰਿਵਾਰਾਂ ਨੂੰ ਨਿਸ਼ਾਨਾ ਬਣਾਉਣ ਲਈ ਉਸਦੇ ਨਾਮ ਦੀ ਵਰਤੋਂ ਕਰ ਰਿਹਾ ਹੈ। ਇਸ ਸਮੇਂ, ਪੁਲਸ ਟੀਮਾਂ ਕਾਲ ਡਿਟੇਲ ਰਿਕਾਰਡ ਰਾਹੀਂ ਦੋਸ਼ੀ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀਆਂ ਹਨ।

## ਜਲੰਧਰ-ਗੋਰਾਇਆ ਹਾਈਵੇਅ 'ਤੇ ਵਾਪਰਿਆ ਹਾਦਸਾ !

ਜਲੰਧਰ 20 ਅਪ੍ਰੈਲ। ਜਲੰਧਰ-ਗੋਰਾਇਆ ਹਾਈਵੇਅ 'ਤੇ ਇਕ ਟਰੱਕ ਅਤੇ ਐਕਟਿਵਾ ਦੀ ਟੱਕਰ ਹੋ ਗਈ। ਇਸ ਹਾਦਸੇ 'ਚ ਐੱਲ. ਪੀ. ਯੂ. ਤੋਂ ਵਾਪਸ ਆ ਰਿਹਾ ਇਕ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ। ਮਿਲੀ ਜਾਣਕਾਰੀ ਮੁਤਾਬਕ ਗੋਰਾਇਆ ਹਾਈਵੇਅ 'ਤੇ ਦੇਰ ਰਾਤ ਦੋਵੇਂ ਵਾਹਨਾਂ ਦੀ ਟੱਕਰ ਹੋਈ। ਨੌਜਵਾਨ ਐਕਟਿਵਾ 'ਤੇ ਸਵਾਰ ਸੀ ਅਤੇ ਜ਼ਖ਼ਮੀ ਹੋ ਗਿਆ। ਰਾਹਗੀਰਾਂ ਨੇ ਤੁਰੰਤ ਸੜਕ ਸੁਰੱਖਿਆ ਫੋਰਸ ਨੂੰ ਸੂਚਿਤ ਕੀਤਾ। ਘਟਨਾ ਦੀ ਜਾਣਕਾਰੀ ਮਿਲਦੇ ਹੀ ਰੋਡ ਸੇਫਟੀ ਫੋਰਸ ਮੌਕੇ 'ਤੇ ਪਹੁੰਚੀ ਅਤੇ ਲੋਕਾਂ ਦੀ ਮਦਦ ਨਾਲ ਐਕਟਿਵਾ ਸਵਾਰ ਨੌਜਵਾਨ ਨੂੰ ਹਸਪਤਾਲ 'ਚ ਦਾਖ਼ਲ ਕਰਵਾਇਆ। ਐੱਸ. ਐੱਸ. ਐੱਫ਼. ਇੰਚਾਰਜ ਏ. ਐੱਸ. ਆਈ. ਸਰਬਜੀਤ ਸਿੰਘ ਨੇ ਦੱਸਿਆ ਕਿ ਹਾਦਸੇ ਦੀ ਜਾਣਕਾਰੀ ਮਿਲਦੇ ਹੀ ਉਹ ਤੁਰੰਤ ਆਪਣੀ ਟੀਮ ਨਾਲ ਮੌਕੇ 'ਤੇ ਪਹੁੰਚੇ। ਜਾਂਚ ਦੌਰਾਨ ਟਰੱਕ ਡਰਾਈਵਰ ਨਿਰੰਜਨ ਨੇ ਖ਼ੁਲਾਸਾ ਕੀਤਾ ਕਿ ਉਸ ਦੀ ਗੱਡੀ ਦਾ ਤੇਲ ਖ਼ਤਮ ਹੋ ਗਿਆ ਸੀ, ਇਸ ਲਈ ਉਸ ਨੇ ਆਪਣਾ ਟਰੱਕ ਸੜਕ ਕਿਨਾਰੇ ਖੜ੍ਹਾ ਕੀਤਾ ਅਤੇ ਪੈਟਰੋਲ ਪੰਪ 'ਤੇ ਤੇਲ ਲੈਣ ਗਿਆ। ਜ਼ਖ਼ਮੀ ਨੌਜਵਾਨ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਤੋਂ ਵਾਪਸ ਆ ਰਿਹਾ ਸੀ ਕਿ ਉਸ ਦੀ ਐਕਟਿਵਾ ਇਕ ਟਰੱਕ ਨਾਲ ਟਕਰਾ ਗਈ, ਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ। ਨੌਜਵਾਨ ਨੂੰ ਫਗਵਾੜਾ ਦੇ ਇਕ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਟਰੱਕ ਡਰਾਈਵਰ ਨੂੰ ਮੌਕੇ 'ਤੇ ਹੀ ਤੇਲ ਮੁਹੱਈਆ ਕਰਵਾਇਆ ਗਿਆ ਅਤੇ ਟਰੱਕ ਨੂੰ ਸੜਕ ਤੋਂ ਹਟਵਾਇਆ ਗਿਆ। ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਚੌਕੀ ਇੰਚਾਰਜ ਏ. ਐੱਸ. ਆਈ. ਸੁਰਿੰਦਰ ਮੋਹਨ ਨੇ ਕਿਹਾ ਕਿ ਟਰੱਕ ਡਰਾਈਵਰ ਨਿਰੰਜਨ, ਗੋਰਾਇਆ ਤੋਂ ਲੁਧਿਆਣਾ ਜਾ ਰਿਹਾ ਸੀ ਅਤੇ ਸ਼ਰਾਬ ਪੀ ਰਿਹਾ ਸੀ। ਹਾਈਵੇਅ 'ਤੇ ਡੀਜ਼ਲ ਖ਼ਤਮ ਹੋਣ ਤੋਂ ਬਾਅਦ ਉਸ ਨੇ ਟਰੱਕ ਨੂੰ ਸੜਕ ਕਿਨਾਰੇ ਖੜ੍ਹਾ ਕਰ ਦਿੱਤਾ ਅਤੇ ਇਕ ਪੈਟਰੋਲ ਪੰਪ ਵੱਲ ਚਲਾ ਗਿਆ। ਇਸ ਦੌਰਾਨ ਇਕ ਐਕਟਿਵਾ ਸਵਾਰ ਖੜ੍ਹੇ ਟਰੱਕ ਨਾਲ ਟਕਰਾ ਗਿਆ।

## ਮੁਕਤਸਰ 'ਚ ਕੇਂਦਰੀ ਟੀਮ ਵੱਲੋਂ ਕਣਕ ਦੀ ਕੁਆਲਿਟੀ ਦੀ ਜਾਂਚ

**ਕੌਮੀ ਪਤ੍ਰਿਕਾ**

ਸ੍ਰੀ ਮੁਕਤਸਰ ਸਾਹਿਬ, 20 ਅਪ੍ਰੈਲ : ਕੇਂਦਰ ਸਰਕਾਰ ਦੀ ਵਿਸ਼ੇਸ਼ ਟੀਮ ਨੇ ਮੁਕਤਸਰ ਜ਼ਿਲੇ ਦੀਆਂ ਭਲਾਈਆਣਾ, ਮਲੋਟ ਤੇ ਮੁਕਤਸਰ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਕੁਆਲਿਟੀ ਦੀ ਬਾਰੀਕੀ ਨਾਲ ਜਾਂਚ ਕੀਤੀ। ਟੀਮ ਵੱਲੋਂ ਮੰਡੀ 'ਚ ਆ ਰਹੀ ਕਣਕ ਦੇ ਨਮੂਨੇ ਇਕੱਠੇ ਕਰਕੇ ਨਮੀ, ਦਾਣਿਆਂ ਦੀ ਹਾਲਤ ਅਤੇ ਰੰਗ ਆਦਿ ਦੀ ਜਾਂਚ ਕੀਤੀ ਗਈ। ਇਸ ਮੌਕੇ ਅਧਿਕਾਰੀਆਂ ਨੇ ਦੱਸਿਆ ਕਿ ਗੜੇਮਾਰ ਤੇ ਭਾਰੀ ਮੀਂਹ ਦੇ ਪ੍ਰਭਾਵ ਨਾਲ ਕਈ ਥਾਵਾਂ 'ਤੇ ਕਣਕ ਦੇ ਦਾਣੇ ਕਾਲੇ ਪੈ ਗਏ ਹਨ ਅਤੇ ਕੁਝ 'ਚ ਅੰਕੁਰਣ ਵੀ ਹੋ ਗਿਆ ਹੈ, ਜਿਸ ਨਾਲ ਗੁਣਵੱਤਾ ਪ੍ਰਭਾਵਿਤ ਹੋਈ ਹੈ। ਇਸ ਦੌਰਾਨ ਕਿਸਾਨਾਂ ਨੇ ਆਪਣੀਆਂ ਸਮੱਸਿਆਵਾਂ ਟੀਮ ਅੱਗੇ ਰੱਖਦਿਆਂ ਮੰਗ ਕੀਤੀ ਕਿ ਨੁਕਸਾਨੀ ਕਣਕ ਦੀ ਖਰੀਦ ਸਮੇਂ ਨਮੀ, ਦਾਣਿਆਂ ਦੀ ਹਾਲਤ ਅਤੇ ਰੰਗ ਆਦਿ ਦੇ ਨਿਯਮਾਂ 'ਚ ਢਿੱਲ ਦਿੱਤੀ ਜਾਵੇ ਅਤੇ ਉਨ੍ਹਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ। ਜਾਂਚ ਟੀਮ 'ਚ ਸ਼ਾਮਲ ਕੇਂਦਰ ਸਰਕਾਰ ਦੇ ਅਧਿਕਾਰੀ ਅਭਿਸ਼ੇਕ ਪਾਂਡੇ ਸਮੇਤ ਐੱਫ. ਸੀ. ਆਈ. ਏ. ਜੀ. ਐੱਮ. (ਕੁਆਲਟੀ) ਨੀਨਾਵੱਥ ਰਾਮਓਲੂ, ਮੈਨੇਜਰ (ਕੁਆਲਟੀ) ਸੋਹਣ ਸਿੰਘ ਮੀਨਾ, ਮੈਨੇਜਰ ਐੱਫ. ਸੀ. ਆਈ. ਸੰਜੇ ਕੁਮਾਰ, ਗੁਰੀ ਸ਼ੰਕਰ ਟੀ. ਏ. ਆਦਿ ਅਧਿਕਾਰੀਆਂ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਹ ਆਪਣੀ ਰਿਪੋਰਟ ਕੇਂਦਰ ਸਰਕਾਰ ਨੂੰ ਭੇਜੇਗੀ ਅਤੇ ਜਲਦੀ ਹੀ ਇਸ



ਮਾਮਲੇ 'ਚ ਫੈਸਲਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੰਡੀਆਂ 'ਚ ਆ ਰਹੇ ਅਨਾਜ ਦੀ ਸਖ਼ਤ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਖਰੀਦ ਪ੍ਰਕਿਰਿਆ 'ਚ ਪਾਰਦਰਸ਼ਤਾ ਬਣੀ ਰਹੇ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ। ਇਸ ਮੌਕੇ ਮੁਕਤਸਰ ਜ਼ਿਲੇ ਦੇ ਡੀ. ਐੱਫ. ਐੱਸ. ਓ. ਗੁਰਤਾਰ ਸਿੰਘ ਬੁੱਟਰ, ਏ. ਐੱਫ. ਐੱਸ. ਓ. ਮਨਿੰਦਰ ਸਿੰਘ, ਖਰੀਦ ਏਜੰਸੀਆ ਦੇ ਅਧਿਕਾਰੀ ਹਰਮੀਤ ਸਿੰਘ ਜੌੜਾ, ਸੁਨੀਲ ਕੁਮਾਰ, ਅਮਰਿੰਦਰ ਸਿੰਘ, ਵਰਿੰਦਰ ਸਿੰਘ, ਬਿਕਰਮਜੀਤ ਸਿੰਘ, ਰਮਨਦੀਪ ਸਮਾਘ ਤੋਂ ਇਲਾਵਾ ਆੜ੍ਹਤੀਏ ਤੇ ਕਿਸਾਨਾਂ ਦੀ ਮੌਜੂਦਗੀ 'ਚ ਨਿਰੀਖਣ ਟੀਮ ਵੱਲੋਂ ਮੰਡੀਆਂ 'ਚ ਕਣਕ ਦੇ ਸੈਂਪਲ ਇਕੱਠੇ ਕਰ ਕੇ ਜਾਂਚ ਲਈ ਭੇਜੇ ਗਏ ਹਨ।

## ਵਿਜੀਲੈਂਸ ਵਲੋਂ ਬੀਜ ਸਰਟੀਫਿਕੇਸ਼ਨ ਅਧਿਕਾਰੀ 50,000 ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

**ਕੌਮੀ ਪਤ੍ਰਿਕਾ**

ਲੁਧਿਆਣਾ/ਬਠਿੰਡਾ 20 ਅਪ੍ਰੈਲ। ਪੰਜਾਬ ਵਿਜੀਲੈਂਸ ਬਿਊਰੋ ਨੇ ਲੁਧਿਆਣਾ ਵਿਖੇ ਤਾਇਨਾਤ ਪੰਜਾਬ ਸਟੇਟ ਸੀਡ ਸਰਟੀਫਿਕੇਸ਼ਨ ਅਥਾਰਟੀ ਦੇ ਬੀਜ ਸਰਟੀਫਿਕੇਸ਼ਨ ਅਧਿਕਾਰੀ ਅੰਮ੍ਰਿਤਪਾਲ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਜ਼ਿਲਾ ਮਾਨਸਾ ਦੇ ਵਾਰਡ ਨੰ. 10 ਦੇ ਇਕ ਰਹਿਣ ਵਾਲੇ ਦੀ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਇਕ ਬੀਜ ਉਤਪਾਦਕ ਹੈ, ਜੋ ਮਾਨਸਾ ਵਿਚ ਮੈਸ. ਪੰਜਾਬ ਐਗਰੀ ਸੀਡ ਫਾਰਮ ਚਲਾਉਂਦਾ ਹੈ। ਉਸ ਦਾ ਕੰਮ ਖੇਤੀਬਾੜੀ ਯੂਨੀਵਰਸਿਟੀਆਂ ਤੋਂ ਬ੍ਰੀਡਰ ਸੀਡ (ਪਹਿਲੀ ਕਿਸਮ ਦੇ ਬੀਜ) ਪ੍ਰਾਪਤ ਕਰਨਾ ਅਤੇ ਖਰੀਦੀ ਫਸਲ ਤੋਂ ਬੀਜ ਤਿਆਰ ਕਰਨਾ ਹੈ। ਉਨ੍ਹਾਂ ਦੀ ਫਰਮ ਨੇ ਲਗਭਗ 510 ਹੈਕਟੇਅਰ (1275 ਏਕੜ) ਜ਼ਮੀਨ 'ਚ ਕਣਕ ਬੀਜੀ ਹੋਈ ਹੈ। ਇਨ੍ਹਾਂ ਫਸਲਾਂ ਦੀ ਜਾਂਚ ਦੀ ਜ਼ਿੰਮੇਵਾਰੀ ਮੁਲਜ਼ਮ ਅੰਮ੍ਰਿਤਪਾਲ ਸਿੰਘ ਉੱਤੇ ਸੀ। ਸ਼ਿਕਾਇਤਕਰਤਾ ਅਨੁਸਾਰ ਲਗਭਗ 10 ਦਿਨ ਪਹਿਲਾਂ ਮੁਲਜ਼ਮ ਜਾਂਚ ਲਈ ਫਾਰਮ 'ਤੇ ਆਇਆ ਅਤੇ ਬੀਜੀ ਗਈ ਫਸਲ ਦੀ ਜਾਂਚ ਕੀਤੀ। ਇਸ ਦੌਰਾਨ ਉਸ ਨੇ ਰਿਪੋਰਟ ਹੱਕ 'ਚ ਬਣਾਉਣ ਦੇ ਬਦਲੇ 200 ਰੁਪਏ



ਪ੍ਰਤੀ ਹੈਕਟੇਅਰ (ਕੁੱਲ 1,02,000 ਰੁਪਏ) ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕਰ ਲਈ। ਇਸ ਤੋਂ ਬਾਅਦ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਬਠਿੰਡਾ ਨਾਲ ਸੰਪਰਕ ਕੀਤਾ। ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਟੀਮ ਨੇ ਟ?ਰੈਪ ਲਗਾਇਆ ਅਤੇ ਦੋਸ਼ੀ ਨੂੰ 50,000 ਰੁਪਏ ਲੈਂਦੇ ਹੋਏ 2 ਸਰਕਾਰੀ ਗਵਾਹਾਂ ਦੀ ਮੌਜੂਦਗੀ 'ਚ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਮਾਮਲੇ 'ਚ ਮੁਲਜ਼ਮ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਥਾਣਾ ਬਠਿੰਡਾ 'ਚ ਮਾਮਲਾ ਦਰਜ ਕੀਤਾ ਗਿਆ ਹੈ।

## ਰੌਂਤਾ ਅਤੇ ਪੱਖਰਵੱਢ ਵਿਖੇ 32 ਏਕੜ ਕਣਕ ਤੇ 32 ਏਕੜ ਨਾੜ ਹੋਇਆਂ ਸੜ ਕੇ ਸੁਆਹ

ਮੋਗਾ/ਨਿਹਾਲ ਸਿੰਘ ਵਾਲਾ 20 ਅਪ੍ਰੈਲ। ਪਿੰਡ ਰੌਂਤਾ ਅਤੇ ਪੱਖਰਵੱਡ ਵਿਖੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਕਣਕ ਦੀ 32 ਏਕੜ ਫਸਲ ਅਤੇ ਕਰੀਬ 32 ਏਕੜ ਟਾਂਗਰ ਅੱਗ ਲੱਗਣ ਨਾਲ ਸੜ ਕੇ ਸੁਆਹ ਹੋ ਗਿਆ। ਸ਼?ਰੋਮਣੀ ਅਕਾਲੀ ਦਲ ਦੇ ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਵੱਲੋਂ ਮੌਕੇ 'ਤੇ ਪਹੁੰਚ ਕੇ ਪੀੜਤ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਤੇ ਇਸ ਘਟਨਾਂ ਤੇ ਦੁੱਖ ਪ੍ਰਗਟ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪਿੰਡ ਪੱਖਰਵੱਢ ਅਤੇ ਰੌਂਤਾ ਵਿਖੇ ਅੱਗ ਲੱਗਣ ਨਾਲ ਕਿਸਾਨਾਂ ਦੀ 32 ਏਕੜ ਕਣਕ ਦੀ ਫਸਲ ਤੇ 32 ਏਕੜ ਦੇ ਕਰੀਬ ਨਾੜ ਸੜ ਕੇ ਸਵਾਹ ਹੋ ਗਿਆ। ਜਿਨ੍ਹਾਂ ਵਿਚ ਪਿੰਡ ਰੌਂਤੇ ਦੇ ਕਿਸਾਨ ਕੁਲਦੀਪ ਸਿੰਘ ਦੀ ਅੱਠ ਏਕੜ ਕਣਕ ਦੀ ਫਸਲ ਸ਼ਾਮਲ ਹੈ ਜੋ ਕਿ ਉਸਨੇ ਮਾਮਲੇ 'ਤੇ ਲੈ ਕੇ ਕਣਕ ਬੀਜੀ ਹੋਈ ਸੀ। ਇਸ ਤੋਂ ਇਲਾਵਾ ਪਿੰਡ ਪੱਖਰਵੱਡ ਦੇ ਕਿਸਾਨਾਂ ਦੀ 24 ਏਕੜ ਦੇ ਕਰੀਬ ਕਣਕ ਦੀ ਫਸਲ ਸ਼ਾਮਲ ਹੈ। ਦੋਵਾਂ ਪਿੰਡਾ ਦੇ ਕਿਸਾਨਾਂ ਦਾ 32 ਏਕੜ ਦੇ ਕਰੀਬ ਕਣਕ ਦਾ ਨਾੜ ਵੀ ਹੈ ਜੋ ਕਿ ਅੱਗ ਲੱਗਣ ਨਾਲ ਖਤਮ ਹੋ ਗਿਆ। ਇਨ੍ਹਾਂ ਵਿੱਚੋਂ ਕਈ ਕਿਸਾਨਾਂ ਦੀ ਜ਼ਮੀਨ ਠੇਕੇ 'ਤੇ ਲੈ ਕੇ ਖੇਤੀ ਕੀਤੀ ਗਈ ਸੀ ਅਤੇ ਕਈ ਕਿਸਾਨਾਂ ਕੋਲ ਖਾਣ ਲਈ ਵੀ ਕਣਕ ਨਹੀਂ ਬਚੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਦਾ ਤੁਰੰਤ ਮੁਆਵਜ਼ਾ ਦਿੱਤਾ ਜਾਵੇ ।

## ਹੁਸ਼ਿਆਰਪੁਰੋਂ ਦਵਾਈ ਲੈਣ ਆਏ ਸਾਬਕਾ ਸੂਬੇਦਾਰ ਨਾਲ ਜਲੰਧਰ 'ਚ ਹੋ ਗਈ ਵੱਡੀ ਵਾਰਦਾਤ

ਜਲੰਧਰ 20 ਅਪ੍ਰੈਲ। ਜਲੰਧਰ ਦੇ ਬੱਸ ਸਟੈਂਡ ਦੇ ਬਾਹਰ ਇਕ ਹੈਰਾਨੀਜਨਕ ਘਟਨਾ ਵਾਪਰੀ ਹੈ। ਜਿੱਥੇ ਇੱਕ ਆਟੋ ਚਾਲਕ ਇਕ ਸਵਾਰੀ ਦਾ ਪਰਸ ਲੈ ਕੇ ਫ਼ਰਾਰ ਹੋ ਗਿਆ। ਪੀੜਤ ਦੀ ਪਛਾਣ ਹਰਪਾਲ ਸਿੰਘ ਵਜੋਂ ਹੋਈ ਹੈ, ਜੋ ਕਿ ਇਕ ਸੇਵਾਮੁਕਤ ਸੂਬੇਦਾਰ ਹੈ ਅਤੇ ਹੁਸ਼ਿਆਰਪੁਰ ਤੋਂ ਜਲੰਧਰ ਦਵਾਈ ਲੈਣ ਲਈ ਆਇਆ ਸੀ। ਪੀੜਤ ਹਰਪਾਲ ਸਿੰਘ ਨੇ ਦੱਸਿਆ ਕਿ ਉਸਨੇ ਬੱਸ ਸਟੈਂਡ ਦੇ ਬਾਹਰੋਂ ਇਕ ਪ੍ਰਾਈਵੇਟ ਹਸਪਤਾਲ ਜਾਣ ਲਈ 20 ਰੁਪਏ ਵਿਚ ਇਕ ਆਟੋ ਤੈਅ ਕੀਤਾ ਸੀ। ਰਸਤੇ ਵਿਚ ਆਟੋ ਚਾਲਕ ਨੇ ਉਸ ਕੋਲੋਂ ਕਿਰਾਇਆ ਵੀ ਨਹੀਂ ਲਿਆ ਅਤੇ ਅਚਾਨਕ ਆਟੋ ਲੈ ਕੇ ਫ਼ਰਾਰ ਹੋ ਗਿਆ। ਇਸ ਦੌਰਾਨ ਜਦੋਂ ਹਰਪਾਲ ਸਿੰਘ ਨੇ ਆਪਣੀ ਜੇਬ ਚੈੱਕ ਕੀਤੀ ਤਾਂ ਉਸਦਾ ਪਰਸ ਗਾਇਬ ਸੀ। ਪੀੜਤ ਅਨੁਸਾਰ ਪਰਸ ਵਿਚ 15 ਤੋਂ 20 ਹਜ਼ਾਰ ਰੁਪਏ ਦੀ ਨਕਦੀ ਅਤੇ ਕਈ ਕੀਮਤੀ ਦਸਤਾਵੇਜ਼ ਸਨ। ਹਰਪਾਲ ਸਿੰਘ ਮੁਤਾਬਕ ਆਟੋ ਚਾਲਕ ਨੇ ਨਸ਼ਾ ਕੀਤਾ ਹੋਇਆ ਸੀ ਅਤੇ ਆਟੋ ਵਿਚ ਇਕ ਹੋਰ ਸਿੱਖ ਵਿਅਕਤੀ ਵੀ ਪਿੱਛੇ ਬੈਠਾ ਹੋਇਆ ਸੀ। ਦੂਜੇ ਪਾਸੇ ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੇ ਇੰਸਪੈਕਟਰ ਦਿਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਪਹਿਲਾਂ ਸਨੈਚਿੰਗ ਦੀ ਸੂਚਨਾ ਮਿਲੀ ਸੀ ਪਰ ਜਾਂਚ ਦੌਰਾਨ ਇਹ ਠੱਗੀ ਦਾ ਮਾਮਲਾ ਪਾਇਆ ਗਿਆ ਹੈ। ਪੁਲਸ ਨੇ ਪੀੜਤ ਦੇ ਬਿਆਨ ਦਰਜ ਕਰ ਲਏ ਹਨ ਅਤੇ ਭਰੋਸਾ ਦਿੱਤਾ ਹੈ ਕਿ ਮੁਲਜ਼ਮ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਸੂਤਰਾਂ ਅਨੁਸਾਰ ਜਲੰਧਰ ਬੱਸ ਸਟੈਂਡ 'ਤੇ ਆਟੋ ਚਾਲਕਾਂ ਵੱਲੋਂ ਸਵਾਰੀਆਂ ਨਾਲ ਠੱਗੀ ਮਾਰਨ ਦੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ। ਇਸ ਤੋਂ ਪਹਿਲਾਂ ਵੀ ਕਈ ਵਾਰ ਅਜਿਹੀਆਂ ਵਾਰਦਾਤਾਂ ਹੋ ਚੁੱਕੀਆਂ ਹਨ ਅਤੇ ਕਈ ਵਾਰ ਲੋਕਾਂ ਨੇ ਖੁਦ ਠੱਗਾਂ ਨੂੰ ਫੜ ਕੇ ਪੁਲਸ ਹਵਾਲੇ ਕੀਤਾ ਹੈ। ਹਾਲਾਂਕਿ, ਸਥਾਨਕ ਲੋਕਾਂ ਵਿਚ ਇਸ ਗੱਲ ਨੂੰ ਲੈ ਕੇ ਰੋਸ ਹੈ ਕਿ ਪੁਲਸ ਇਨ੍ਹਾਂ ਘਟਨਾਵਾਂ ਤੋਂ ਬੇ-ਖ਼ਬਰ ਹੈ ਅਤੇ ਕੋਈ ਸਖ਼ਤ ਕਾਰਵਾਈ ਨਹੀਂ ਕਰ ਰਹੀ, ਜਿਸ ਕਾਰਨ ਠੱਗ ਆਟੋ ਚਾਲਕਾਂ ਦੇ ਹੌਸਲੇ ਬੁਲੰਦ ਹਨ।

## ਵੱਡਾ ਹਾਦਸਾ ਹੋਣ ਤੋਂ ਟਲਿਆ, ਚੀਮਾ ਚੌਕ ਨੇੜੇ ਬੇਕਾਬੂ ਹੋ ਕੇ ਦੁਕਾਨਾਂ 'ਚ ਵੱਜਿਆ ਟਰੱਕ

ਲੁਧਿਆਣਾ 20 ਅਪ੍ਰੈਲ। ਬੀਤੀ ਰਾਤ ਚੀਮਾ ਚੌਕ ਨੇੜੇ ਇੱਕ ਟਰੱਕ ਅਚਾਨਕ ਕੰਟਰੋਲ ਗੁਆ ਬੈਠਾ ਅਤੇ ਪਲਟ ਗਿਆ। ਇਸ ਦੌਰਾਨ ਟਰੱਕ ਨੇੜਲੀਆਂ ਦੁਕਾਨਾਂ ਵਿੱਚ ਜਾ ਵੱਜਿਆ। ਜਾਣਕਾਰੀ ਅਨੁਸਾਰ ਜਦੋਂ ਡਰਾਈਵਰ ਟਰੱਕ ਲੋਡ ਕਰਨ ਲਈ ਜਾ ਰਿਹਾ ਸੀ ਤਾਂ ਕਲੱਚ ਫੇਲ੍ਹ ਹੋ ਗਿਆ, ਜਿਸ ਕਾਰਨ ਵਾਹਨ ਸੰਤੁਲਨ ਗੁਆ ਬੈਠਾ। ਚਸ਼ਮਦੀਦ ਬਲਵਿੰਦਰ ਸਿੰਘ, ਜਿਸ ਦੀ ਦੁਕਾਨ ਘਟਨਾ ਸਥਾਨ ਦੇ ਨੇੜੇ ਹੈ, ਨੇ ਦੱਸਿਆ ਕਿ ਹਾਦਸਾ ਰਾਤ ਕਰੀਬ 1:30 ਤੋਂ 2:00 ਵਜੇ ਦੇ ਵਿਚਕਾਰ ਵਾਪਰਿਆ। ਜਿਸ ਤੋਂ ਬਾਅਦ ਟਰੱਕ ਅਚਾਨਕ ਉਸਦੇ ਗੇਟ ਨਾਲ ਟਕਰਾ ਗਿਆ ਅਤੇ ਇੱਕ ਹੋਰ ਦੁਕਾਨ ਨਾਲ ਵੀ ਨੁਕਸਾਨੀ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੁਕਾਨ ਦਾ ਸ਼ਟਰ ਅਤੇ ਬਿਜਲੀ ਮੀਟਰ ਨੂੰ ਭਾਰੀ ਨੁਕਸਾਨ ਪਹੁੰਚਿਆ। ਘਟਨਾ ਤੋਂ ਬਾਅਦ, ਮੌਕੇ 'ਤੇ ਇਕੱਠੇ ਹੋਏ ਲੋਕਾਂ ਨੇ ਤੁਰੰਤ ਡਰਾਈਵਰ ਦੀ ਹਾਲਤ ਦੀ ਜਾਂਚ ਕੀਤੀ, ਪਰ ਜਾਂਚ ਤੋਂ ਪਤਾ ਲੱਗਾ ਕਿ ਉਹ ਕਿਸੇ ਵੀ ਤਰ੍ਹਾਂ ਦਾ ਨਸ਼ਾ ਨਹੀਂ ਕਰ ਰਿਹਾ ਸੀ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਹਾਦਸੇ ਦਾ ਕਾਰਨ ਟਰੱਕ ਵਿੱਚ ਤਕਨੀਕੀ ਖਰਾਬੀ ਸੀ। ਗਨੀਮਤ ਇਹ ਰਹੀ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਸਥਾਨਕ ਨਿਵਾਸੀਆਂ ਨੇ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਅਜਿਹੇ ਭਾਰੀ ਵਾਹਨਾਂ ਦੀ ਸਮੇਂ-ਸਮੇਂ 'ਤੇ ਜਾਂਚ ਯਕੀਨੀ ਬਣਾਏ।

## ਪਹਾੜਾਂ ਦਾ ਸੇਬ ਜ਼ਿਆਦਾ ਤਾਕਤਵਰ, ਹਰ 100 ਮੀਟਰ ਦੀ ਉਚਾਈ 'ਤੇ ਵਧਦੀ ਹੈ ਫਲ ਦੀ ਪੌਸ਼ਟਿਕਤਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 20 ਅਪ੍ਰੈਲ। ਪੁਰਾਣੀ ਮਾਨਤਾ ਹੈ ਕਿ ਰੋਜ਼ ਇਕ ਸੇਬ ਖਾਣ ਨਾਲ ਤੁਸੀਂ ਡਾਕਟਰ ਤੋਂ ਦੂਰ ਰਹਿ ਸਕਦੇ ਹੋ, ਭਾਵ ਇਸ ਨਾਲ ਬੀਮਾਰੀਆਂ ਤੋਂ ਬਚਾਅ ਹੁੰਦਾ ਹੈ। ਰੱਖਿਆ ਖੋਜ ਅਤੇ ਵਿਕਾਸ ਸੰਗਠਨ (ਡੀ.ਆਰ.ਡੀ.ਓ.) ਦੇ ਤਾਜ਼ਾ ਅਧਿਐਨ ਵਿਚ ਸਾਹਮਣੇ ਆਇਆ ਹੈ ਕਿ ਉੱਚੇ ਇਲਾਕਿਆਂ ਵਿਚ ਉੱਗਣ ਵਾਲੇ ਸੇਬ ਵਧੇਰੇ ਸਿਹਤਮੰਦ ਹੁੰਦੇ ਹਨ। ਲੇਹ ਸਥਿਤ ਡਿਫੈਂਸ ਇੰਸਟੀਚਿਊਟ ਆਫ ਹਾਈ ਅਲਟੀਚਿਊਡ ਰਿਸਰਚ ਦੇ ਵਿਗਿਆਨੀਆਂ ਅਨੁਸਾਰ, ਹਰ 100 ਮੀਟਰ ਦੀ ਉਚਾਈ ਵਧਣ ਦੇ ਨਾਲ ਸੇਬ ਦੀ ਪੌਸ਼ਟਿਕਤਾ ਵੀ ਵਧਦੀ ਜਾਂਦੀ ਹੈ। ਖੋਜ ਵਿਚ ਇਹ ਵੀ ਸਿਫਾਰਸ਼ ਕੀਤੀ ਗਈ ਹੈ ਕਿ ਸੇਬ ਦੀ ਪੈਕੇਜਿੰਗ 'ਤੇ ਉਸ ਦੀ ਖੇਤੀ ਦੀ ਉਚਾਈ ਦਰਜ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਉੱਚ ਗੁਣਵੱਤਾ ਵਾਲੇ ਸੇਬਾਂ ਨੂੰ ਪ੍ਰੀਮੀਅਮ ਸ਼੍ਰੇਣੀ ਮਿਲ ਸਕੇ ਅਤੇ ਉਤਪਾਦਕਾਂ ਨੂੰ ਬਿਹਤਰ ਮੁੱਲ ਪ੍ਰਾਪਤ ਹੋ ਸਕੇ। ਇਸ ਖੋਜ ਦੇ ਤਹਿਤ ਲੱਦਾਖ ਦੇ 6 ਪਿੰਡਾਂ ਵਿਚ ਉਗਾਈਆਂ ਜਾਣ ਵਾਲੀਆਂ ਸੇਬ ਦੀਆਂ ਦੋ ਪ੍ਰਮੁੱਖ ਕਿਸਮਾਂ ਤਹਰਾ ਅਤੇ ਮੰਗੋਲ ਦਾ ਅਧਿਐਨ ਕੀਤਾ ਗਿਆ। ਵਿਗਿਆਨੀਆਂ ਨੇ ਇਨ੍ਹਾਂ ਕਿਸਮਾਂ ਨੂੰ ਘੱਟ ਉਚਾਈ (3000 ਮੀਟਰ ਤੋਂ ਹੇਠਾਂ) ਅਤੇ ਵੱਧ ਉਚਾਈ (3500 ਮੀਟਰ ਤੋਂ ਉੱਪਰ) ਵਾਲੇ ਖੇਤਰਾਂ ਵਿਚ ਉਗਾ ਕੇ ਉਨ੍ਹਾਂ ਦੀ ਪੌਸ਼ਟਿਕਤਾ ਦੀ ਤੁਲਨਾ ਕੀਤੀ। ਲੈਬ ਟੈਸਟਾਂ ਵਿਚ ਸਪੱਸ਼ਟ ਹੋਇਆ ਕਿ ਉਚਾਈ ਦਾ ਸਿੱਧਾ ਅਸਰ ਸੇਬ ਦੀ ਗੁਣਵੱਤਾ 'ਤੇ ਪੈਂਦਾ ਹੈ। ਇਹ ਮਹੱਤਵਪੂਰਨ ਅਧਿਐਨ 'ਡਿਫੈਂਸ ਲਾਈਫ ਸਾਇੰਸ ਜਨਰਲ' ਵਿਚ ਪ੍ਰਕਾਸ਼ਿਤ ਕੀਤਾ ਗਿਆ ਹੈ। ਖੋਜ ਦੌਰਾਨ ਪਾਇਆ ਗਿਆ ਕਿ ਉੱਚੇ ਇਲਾਕਿਆਂ ਵਿਚ ਉੱਗਣ ਵਾਲੇ ਸੇਬਾਂ ਵਿਚ ਫਿਨੋਲਿਕ ਕੰਟੈਂਟ ਅਤੇ ਫਲੇਵੋਨਾਇਡਜ਼ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਫਿਨੋਲਿਕ ਇਕ ਕਿਸਮ ਦਾ ਆਰਗੈਨਿਕ ਕੰਪਾਊਂਡ ਹੈ, ਜਿਸ ਵਿਚ ਭਰਪੂਰ ਐਂਟੀਆਕਸੀਡੈਂਟ ਗੁਣ ਹੁੰਦੇ ਹਨ ਅਤੇ ਇਹ ਸੇਬ ਦੀ ਖ਼ੁਸ਼ਬੂ ਨੂੰ ਵੀ ਵਧਾਉਂਦਾ ਹੈ। ਉੱਥੇ ਹੀ, ਫਲੇਵੋਨਾਇਡਜ਼ ਨੂੰ 'ਵਿਟਾਮਿਨ ਪੀ' ਵੀ ਕਿਹਾ ਜਾਂਦਾ ਹੈ, ਜੋ ਰੰਗੀਨ ਯੌਗਿਕ ਹੋਣ ਦੇ ਨਾਲ-ਨਾਲ ਐਂਟੀਆਕਸੀਡੈਂਟ ਅਤੇ ਐਂਟੀ-ਕੈਂਸਰ ਗੁਣਾਂ ਨਾਲ ਭਰਪੂਰ ਹੁੰਦੇ ਹਨ। ਐਂਟੀਆਕਸੀਡੈਂਟ ਸਰੀਰ ਦੀ ਇਮਿਊਨਿਟੀ ਨੂੰ ਵਧਾਉਣ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਫ?ਰੀ ਰੈਡੀਕਲਸ ਨੂੰ ਗੈਰ-ਸਰਗਰਮ ਕਰ ਕੇ ਸੈੱਲਾਂ ਨੂੰ ਨੁਕਸਾਨ ਤੋਂ ਬਚਾਉਂਦੇ ਹਨ, ਜਿਸ ਨਾਲ ਸਰੀਰ ਲੰਬੇ ਸਮੇਂ ਤੱਕ ਸਿਹਤਮੰਦ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਐਂਟੀਆਕਸੀਡੈਂਟ ਵਿਚ ਸੋਜਸ਼-ਰੋਧੀ ਅਤੇ ਕੈਂਸਰ-ਰੋਧੀ ਗੁਣ ਵੀ ਪਾਏ ਜਾਂਦੇ



ਹਨ, ਜੋ ਦਿਲ ਨੂੰ ਸਿਹਤਮੰਦ ਰੱਖਣ ਅਤੇ ਉਮਰ ਵਧਣ ਦੀ ਪ੍ਰਕਿਰਿਆ ਨੂੰ ਹੌਲੀ ਕਰਨ ਵਿਚ ਸਹਾਇਕ ਹੁੰਦੇ ਹਨ। ਇਹੀ ਕਾਰਨ ਹੈ ਕਿ ਉਚਾਈ ਵਾਲੇ ਖੇਤਰਾਂ ਦੇ ਸੇਬ ਵਧੇਰੇ ਫਾਇਦੇਮੰਦ ਮੰਨੇ ਜਾ ਰਹੇ ਹਨ। ਭਾਰਤ ਦੁਨੀਆ ਦਾ ਸੱਤਵਾਂ ਸਭ ਤੋਂ ਵੱਡਾ ਸੇਬ ਉਤਪਾਦਕ ਦੇਸ਼ ਹੈ ਪਰ ਖਪਤ ਦੇ ਮਾਮਲੇ ਵਿਚ ਅਜੇ ਵੀ ਪਿੱਛੇ ਹੈ। ਦੇਸ਼ ਵਿਚ ਪ੍ਰਤੀ ਵਿਅਕਤੀ ਸਾਲਾਨਾ ਸੇਬ ਦੀ ਖਪਤ ਸਿਰਫ਼ 1.7 ਕਿਲੋਗ੍ਰਾਮ ਹੈ, ਜਦਕਿ ਵਿਸ਼ਵਵਿਆਪੀ ਔਸਤ ਲੱਗਭਗ 10 ਕਿਲੋਗ੍ਰਾਮ ਹੈ। ਭਾਰਤ ਵਿਚ ਕੁੱਲ 28 ਲੱਖ ਮੀਟ੍ਰਿਕ ਟਨ ਸੇਬ ਦਾ ਉਤਪਾਦਨ ਹੁੰਦਾ ਹੈ, ਜਿਸ ਨਾਲ ਕੇਵਲ 75 ਫ਼ੀਸਦੀ ਘਰੇਲੂ ਜ਼ਰੂਰਤ ਪੂਰੀ ਹੋ ਪਾਉਂਦੀ ਹੈ। ਬਾਕੀ 25 ਫ਼ੀਸਦੀ ਸੇਬ ਦਰਾਮਦ ਕੀਤੇ ਜਾਂਦੇ ਹਨ, ਜਦਕਿ ਬਰਾਮਦ ਦਾ ਹਿੱਸਾ ਸਿਰਫ਼ 2 ਫ਼ੀਸਦੀ ਹੈ। ਭਾਰਤ ਵਿਚ ਵੱਖ-ਵੱਖ ਖੇਤਰਾਂ ਵਿਚ ਵੱਖ-ਵੱਖ ਉਚਾਈਆਂ 'ਤੇ ਸੇਬ ਦੀ ਖੇਤੀ ਕੀਤੀ ਜਾਂਦੀ ਹੈ। ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ਵਿਚ 3500 ਮੀਟਰ ਤੋਂ ਵੱਧ ਉਚਾਈ 'ਤੇ ਸੇਬ ਉਗਾਏ ਜਾਂਦੇ ਹਨ, ਜਦਕਿ ਹਿਮਾਚਲ ਪ੍ਰਦੇਸ਼ ਦੇ ਕਿੰਨੌਰ ਖੇਤਰ ਵਿਚ ਇਹ ਉਚਾਈ 3400 ਮੀਟਰ ਤੱਕ ਪਹੁੰਚਦੀ ਹੈ। ਸ਼ਿਮਲਾ ਵਿਚ ਸੇਬ 1500 ਤੋਂ 2700 ਮੀਟਰ ਦੇ ਵਿਚਕਾਰ ਉਗਾਏ ਜਾਂਦੇ ਹਨ, ਜਦਕਿ ਉੱਤਰਾਖੰਡ ਅਤੇ ਜੰਮੂ-ਕਸ਼ਮੀਰ ਵਿਚ ਇਹ ਖੇਤੀ 1000 ਤੋਂ 2700 ਮੀਟਰ ਤੱਕ ਦੀ ਉਚਾਈ 'ਤੇ ਹੁੰਦੀ ਹੈ। ਖੋਜ ਅਨੁਸਾਰ, ਉਚਾਈ ਵਧਣ ਦੇ ਨਾਲ ਸੇਬ ਦੀ ਗੁਣਵੱਤਾ 'ਚ ਸੁਧਾਰ ਹੁੰਦਾ ਹੈ।